ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 28 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ ਬੰਦ ਦਾ ਅਸਰ ! ਦੁਕਾਨਾਂ, ਬਾਜ਼ਾਰ ਬੰਦ ਤੇ ਸੜਕਾਂ ’ਤੇ ਪਸਰਿਆ ਸੰਨਾਟਾ

**ਚੰਡੀਗੜ੍ਹ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਬਰਨਾਲਾ ’ਚ ਸਫ਼ਾਈ ਕਰਮਚਾਰੀਆਂ ’ਤੇ ਹੋਏ ਕਥਿਤ ਲਾਠੀਚਾਰਜ ਦੇ ਵਿਰੋਧ ਵਿਚ ਭਾਵੇਂ ਕਈ ਅਫ਼ਸਰਾਂ ’ਤੇ ਕਾਰਵਾਈ ਹੋਈ ਹੈ ਪਰ ਇਸ ਦੇ ਬਾਵਜੂਦ ਵਾਲਮੀਕਿ ਭਾਈਚਾਰੇ ਦਾ ਗੁੱਸਾ ਜ਼ੋਰਾਂ ’ਤੇ ਹੈ। ਘਟਨਾ ਕਾਰਨ ਵਾਲਮੀਕਿ ਭਾਈਚਾਰੇ ਦੇ ਨੁਮਾਇੰਦਿਆਂ ਨੇ ਆਮ ਜਨਤਾ, ਵਪਾਰਕ ਸੰਗਠਨਾਂ, ਸਮਾਜਿਕ ਸੰਸਥਾਵਾਂ ਅਤੇ ਵੱਖ-ਵੱਖ ਖੇਤਰਾਂ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਾਜ਼ਾਰ ਬੰਦ ਰੱਖਣ ਦੀ ਅਪੀਲ ਕੀਤੀ ਸੀ। ਪੰਜਾਬ ਬੰਦ ਦੀ ਕਾਲ ਦਾ ਅਸਰ ਜਲੰਧਰ ਵਿਚ ਵੀ ਵੇਖਣ ਨੂੰ ਮਿਲਿਆ। ਦੁਕਾਨਦਾਰਾਂ ਨੇ ਅੱਜ ਸ਼ੇਖਾਂ ਬਾਜ਼ਾਰ, ਕਿਸ਼ਨਪੁਰਾ ਅਤੇ ਹੋਰ ਬਾਜ਼ਾਰ ਬੰਦ ਕਰਵਾਏ। ਸਾਰੀਆਂ ਦੁਕਾਨਾਂ ਬੰਦ, ਬਾਜ਼ਾਰ ਬੰਦ ਹਨ ਅਤੇ ਸੜਕਾਂ ’ਤੇ ਸੰਨਾਟਾ ਪਸਰਿਆ ਪਿਆ ਹੈ। ਸਿਰਫ਼ ਐਮਰਜੈਂਸੀ ਸੇਵਾਵਾਂ ਲਈ ਹੀ ਛੋਟ ਦਿੱਤੀ ਗਈ ਹੈ। ਸ਼ਹਿਰ ਭਰ ਵਿੱਚ ਵੱਖ-ਵੱਖ ਥਾਵਾਂ ’ਤੇ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ। ਇਥੇ ਇਹ ਵੀ ਦੱਸ ਦੇਈਏ ਕਿ ਇਸ ਬੰਦ ਦੇ ਸੱਦੇ ਦੇ ਮੱਦੇਨਜ਼ਰ ਜਲੰਧਰ ਵਿਚ ਕਈ ਸਕੂਲਾਂ ਵਿਚ ਛੁੱਟੀ ਕਰ ਦਿੱਤੀ ਗਈ ਹੈ। ਜਲੰਧਰ ਦੇ ਕਈ ਨਾਮੀ ਸਕੂਲਾਂ ਨੇ ਬਕਾਇਦਾ ਬੱਚਿਆਂ ਦੇ ਮਾਪਿਆਂ ਨੂੰ ਫੋਨ ’ਤੇ ਮੈਸੇਜ ਭੇਜ ਛੁੱਟੀ ਸੰਬੰਧੀ ਜਾਣੂੰ ਕਰਵਾਇਆ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ. ਪੀ. ਆਕ੍ਰਿਸ਼ੀ ਜੈਨ ਨੇ ਦੱਸਿਆ ਕਿ ਵਾਲਮੀਕਿ ਭਾਈਚਾਰੇ ਨੇ ਅੱਜ ਬੰਦ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੂੰ ਦੱਸਿਆ ਕਿ ਵਾਲਮੀਕਿ ਭਾਈਚਾਰੇ ਦੇ ਲੋਕ ਭਗਵਾਨ ਵਾਲਮੀਕਿ ਚੌਕ (ਜੋਤੀ ਚੌਕ) ’ਤੇ ਇਕੱਠੇ ਹੋਏ ਹਨ ਅਤੇ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ।

## ਸੈਕਟਰ 25 ਵਿੱਚ ਸੁੱਟਿਆ ਪੈਟਰੋਲ ਬੰਬ, 6 ਗ੍ਰਿਫ਼ਤਾਰ

# ਭਾਜਪਾ ਦੇ ਦਫ਼ਤਰ ’ਤੇ ਪੈਟਰੋਲ ਬੰਬ ਨਾਲ ਹਮਲਾ

**ਚੰਡੀਗੜ੍ਹ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਚੰਡੀਗੜ੍ਹ ਦੇ ਸੈਕਟਰ 25 ਵਿੱਚ ਬੀਤੀ ਦੇਰ ਰਾਤ ਛੇ ਬਦਮਾਸ਼ਾਂ ਨੇ ਹੰਗਾਮਾ ਕੀਤਾ, ਜਿਸ ਨਾਲ ਪੂਰੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਇਨ੍ਹਾਂ ਹੀ ਨਹੀਂ ਬਦਮਾਸ਼ਾਂ ਵੱਲੋਂ ਸੈਕਟਰ 25 ਦੇ ਇੱਕ ਘਰ ’ਤੇ ਪੈਟਰੋਲ ਬੰਬ ਨਾਲ ਹਮਲਾ ਵੀ ਕੀਤਾ ਗਿਆ ਅਤੇ ਫਿਰ ਮਲੋਆ ਇਲਾਕੇ ਵਿੱਚ ਕਈ ਵਾਹਨਾਂ ਦੀ ਭੰਨਤੋੜ ਕੀਤੀ। ਹਾਲਾਂਕਿ, ਪੁਲਿਸ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀਸੀਟੀਵੀ ਫੁਟੇਜ ਦੇ ਆਧਾਰ ’ਤੇ ਸਾਰੇ ਛੇ ਸ਼ੱਕੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਦੱਸ ਦਈਏ ਕਿ ਸੈਕਟਰ 25 ਵਿੱਚ ਵਾਪਰੀ ਇਹ ਪੂਰੀ ਘਟਨਾ ਉੱਥੇ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਰਿਕਾਰਡ ਹੋ ਗਈ। ਫੁਟੇਜ ਵਿੱਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਛੇ ਨੌਜਵਾਨ ਦੇਰ ਰਾਤ ਇੱਕ ਘਰ ਦੇ ਬਾਹਰ ਆਉਂਦੇ ਹਨ। ਉਨ੍ਹਾਂ ਵਿੱਚੋਂ ਇੱਕ, ਬੇਸਬਾਲ ਬੈਟ ਨਾਲ ਲੈਸ, ਬਾਹਰ ਗੇਟ ਅਤੇ ਹੋਰ ਸਮਾਨ ਨੂੰ ਬੇਰਹਿਮੀ ਨਾਲ ਤੋੜਨਾ ਸ਼ੁਰੂ ਕਰ ਦਿੰਦਾ ਹੈ। ਇਸ ਦੌਰਾਨ, ਉਸਦਾ ਦੂਜਾ ਸਾਥੀ ਇੱਕ ਕੱਚ ਦੀ ਬੋਤਲ ਵਿੱਚ ਪੈਟਰੋਲ ਭਰਦਾ ਹੈ, ਇਸਨੂੰ ਅੱਗ ਲਗਾ ਦਿੰਦਾ ਹੈ, ਅਤੇ ਇਸਨੂੰ ਪੈਟਰੋਲ ਬੰਬ ਵਾਂਗ ਘਰ ਵੱਲ ਸੁੱਟ ਦਿੰਦਾ ਹੈ।



**ਪੰਜਾਬ ’ਚ ਭਾਜਪਾ ਦੇ ਦਫ਼ਤਰ ’ਤੇ ਪੈਟਰੋਲ ਬੰਬ ਨਾਲ ਹਮਲਾ** : ਸੰਗਰੂਰ ਦੇ ਉਭਾਵਾਲ ਰੋਡ ’ਤੇ ਸਥਿਤ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਦਫ਼ਤਰ ’ਤੇ ਅੱਧੀ ਰਾਤ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਪੈਟਰੋਲ ਬੰਬ (ਜਲਨਸ਼ੀਲ ਪਦਾਰਥ ਨਾਲ ਭਰੀ ਬੋਤਲ) ਸੁੱਟ ਕੇ ਹਮਲਾ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇਹ ਵਾਰਦਾਤ ਦੇਰ ਰਾਤ ਲਗਭਗ ਪੌਣੇ ਦੋ ਤੋਂ ਢਾਈ ਵਜੇ ਦੇ ਵਿਚਕਾਰ ਵਾਪਰੀ ਦੱਸੀ ਜਾ ਰਹੀ ਹੈ। ਗਨੀਮਤ ਇਹ ਰਹੀ ਕਿ ਇਸ ਘਟਨਾ ਵਿਚ ਕਿਸੇ ਵੀ ਤਰ੍ਹਾਂ ਦਾ ਵੱਡਾ ਜਾਨੀ ਜਾਂ ਮਾਲੀ ਨੁਕਸਾਨ ਹੋਣੋਂ ਬਚਾਅ ਰਿਹਾ, ਪਰ ਘਟਨਾ ਤੋਂ ਬਾਅਦ ਇਲਾਕੇ ਵਿਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਉਭਾਵਾਲ ਰੋਡ ’ਤੇ ਜਿੱਥੇ ਇਹ ਦਫ਼ਤਰ ਸਥਿਤ ਹੈ, ਉਸ ਦੇ ਆਲੇ-ਦੁਆਲੇ ਸੰਘਣੀ ਆਬਾਦੀ ਵਾਲੀ ਰਿਹਾਇਸ਼ੀ ਕਾਲੋਨੀ ਹੈ। ਰਾਤ ਸਮੇਂ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਦੋ ਅਣਪਛਾਤੇ ਨੌਜਵਾਨਾਂ ਨੇ ਦਫ਼ਤਰ ਦੇ ਬਾਹਰੋਂ ਹੀ ਕੰਧ ਵੱਲ ਪੈਟਰੋਲ ਨਾਲ ਭਰੀ ਬੋਤਲ ਨਿਸ਼ਾਨਾ ਬੰਨ੍ਹ ਕੇ ਮਾਰੀ। ਬੋਤਲ ਕੰਧ ਨਾਲ ਟਕਰਾ ਕੇ ਹੇਠਾਂ ਡਿੱਗ ਕੇ ਟੁੱਟ ਗਈ, ਜਿਸ ਕਾਰਨ ਇਮਾਰਤ ਦੇ ਅੰਦਰੂਨੀ ਹਿੱਸੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ।

## ਪਟਿਆਲਾ ’ਚ ਇੱਕ ਘਰ ’ਤੇ ਪੈਟਰੋਲ ਬੰਬ ਨਾਲ ਹਮਲਾ; 2 ਨਕਾਬਪੋਸ਼ ਨੌਜਵਾਨਾਂ ਨੇ ਵਾਰਦਾਤ ਨੂੰ ਦਿੱਤਾ ਅੰਜਾਮ



**ਪਟਿਆਲਾ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੀ ਪੰਜਾਬ ’ਚ ਮਾਹੌਲ ਮੁੜ ਤੋਂ ਖਰਾਬ ਹੁੰਦਾ ਹੋਇਆ ਨਜ਼ਰ ਆ ਰਿਹਾ ਹੈ। ਦੱਸ ਦਈਏ ਕਿ ਸੂਬੇ ਦੇ ਦੋ ਵੱਖ-ਵੱਖ ਥਾਵਾਂ ਤੋਂ ਪੈਟਰੋਲ ਬੰਬ ਸੁੱਟਣ ਦੇ ਮਾਮਲੇ ਸਾਹਮਣੇ ਆਏ ਹਨ। ਪਹਿਲਾਂ ਸੰਗਰੂਰ ਅਤੇ ਹੁਣ ਪਟਿਆਲਾ ਤੋਂ ਵੀ ਅਜਿਹਾ ਹੀ ਮਾਮਲਾ ਸਾਹਮਣੇ ਆਇਆ ਹੈ। ਦੱਸ ਦਈਏ ਕਿ ਪਟਿਆਲਾ ਦੇ ਅਬਚਲ ਨਗਰ ਦੇ ਵਿੱਚ ਦੋ ਨੌਜਵਾਨਾਂ ਵੱਲੋਂ ਪੈਟਰੋਲ ਬੰਬਨੁੰਮਾ ਚੀਜ਼ ਬਣਾ ਕੇ ਇਕ ਘਰ ਦੇ ਉੱਪਰ ਹਮਲਾ ਕਰ ਦਿੱਤਾ। ਮਿਲੀ ਜਾਣਕਾਰੀ ਮੁਤਾਬਿਕ ਪੀੜਤ ਵਿਅਕਤੀ ਪਰਮਿੰਦਰ ਸਿੰਘ ਨਾਂ ਦਾ ਸ਼ਖਸ ਜੋ ਅਬਚਲ ਨਗਰ ਦਾ ਰਹਿਣ ਵਾਲਾ ਹੈ ਵੱਲੋਂ ਪੁਲਿਸ ਵੱਲੋਂ ਇਸ ਸਬੰਧੀ ਸ਼ਿਕਾਇਤ ਕੀਤੀ ਗਈ ਹੈ। ਸੋਸ਼ਲ ਮੀਡੀਆ ਤੇ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਜਿਸ ਦੇ ਵਿੱਚ ਦੋ ਨੌਜਵਾਨ ਮੂੰਹ ਬੰਨ ਕੇ ਅਬਚਲ ਨਗਰ ਦੇ ਇੱਕ ਘਰ ਦੇ ਬਾਹਰ ਪੈਟਰੋਲ ਬੋਤਲ ਨੁਮਾ ਬੰਬ ਘਰ ਦੇ ਬਾਹਰ ਸੁੱਟ ਕੇ ਫਰਾਰ ਹੋ ਗਏ ਪੁਲਿਸ ਵੱਲੋਂ ਇਹਨਾਂ ਨੌਜਵਾਨਾਂ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬਿਹਾਰ ’ਚ ਵਿਦਿਆਰਥੀਆਂ ਖਿਲਾਫ਼ ਏ. ਕੇ.-47 ਦੀ ਵਰਤੋਂ ! ਮੁਲਜ਼ਮ ਜਵਾਨ ਮੁਅੱਤਲ

**ਪਟਨਾ,, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਬਿਹਾਰ ਦੇ ਸੀਵਾਨ ਵਿੱਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ’ਤੇ ਏਕੇ-47 ਨਾਲ ਗੋਲੀਬਾਰੀ ਦਾ ਮਾਮਲਾ ਭਖਦਾ ਜਾ ਰਿਹਾ ਹੈ। ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇਜਸਵੀ ਯਾਦਵ ਤੋਂ ਬਾਅਦ ਰਾਹੁਲ ਗਾਂਧੀ ਨੇ ਵੀ ਗੋਲੀਬਾਰੀ ’ਤੇ ਸਵਾਲ ਚੁੱਕੇ ਹਨ। ਹਾਲਾਂਕਿ, ਪੁਲਿਸ ਹੈੱਡਕੁਆਰਟਰ ਦੇ ਨਿਰਦੇਸ਼ਾਂ ’ਤੇ, ਮੁਲਜ਼ਮ ਜਵਾਨ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਪੁਲਿਸ ਅਨੁਸਾਰ, ਛੇ ਤੋਂ ਅੱਠ ਰਾਊਂਡ ਫਾਇਰਿੰਗ ਕੀਤੀ ਗਈ, ਜਿਸ ਵਿੱਚ ਲੰਬੀ ਦੂਰੀ ਦੀਆਂ ਰਾਈਫਲਾਂ ਅਤੇ ਪਿਸਤੌਲ ਸ਼ਾਮਲ ਸਨ। ਇਸ ਫਾਇਰਿੰਗ ਵਿੱਚ ਪ੍ਰਦਰਸ਼ਨਕਾਰੀ ਵਿਦਿਆਰਥੀ ਵੀ ਜ਼ਖਮੀ ਹੋਏ, ਜਿਸ ’ਤੇ ਵਿਰੋਧੀ ਪਾਰਟੀਆਂ ਸਵਾਲ ਉਠਾ ਰਹੀਆਂ ਹਨ। ਦੱਸ ਦਈਏ ਕਿ 22 ਜੁਲਾਈ ਨੂੰ ਪਟਨਾ ਵਿੱਚ ਇੱਕ ਪ੍ਰਦਰਸ਼ਨ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਦੀਆਂ ਗ੍ਰਿਫ਼ਤਾਰੀਆਂ ਦੇ ਵਿਰੋਧ ਵਿੱਚ AISA ਨੇ 25 ਜੁਲਾਈ ਨੂੰ ’ਬਿਹਾਰ ਬੰਦ’ ਦਾ ਸੱਦਾ ਦਿੱਤਾ ਸੀ। ਇਸ ਤੋਂ ਇਲਾਵਾ, ਸੀਵਾਨ ਦੇ ਸਥਾਨਕ ਆਗੂਆਂ ਨੇ ਗਾਂਧੀ ਮੈਦਾਨ ਵਿੱਚ ਇੱਕ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਦਾ ਆਯੋਜਨ ਕੀਤਾ, ਜਿੱਥੇ ਵਿਰੋਧੀ ਪਾਰਟੀਆਂ ਦੇ ਆਗੂਆਂ ਅਤੇ ਕਾਰਕੁਨਾਂ ਨੇ ਹਿੱਸਾ ਲਿਆ। ਪੁਲਿਸ ਦੇ ਅਨੁਸਾਰ, 25 ਜੁਲਾਈ ਦੇ ਵਿਰੋਧ ਪ੍ਰਦਰਸ਼ਨ ਲਈ ਇਕੱਠ ਦੀ ਇਜਾਜ਼ਤ ਸਿਰਫ਼ ਗਾਂਧੀ ਮੈਦਾਨ ਵਿੱਚ ਹੀ ਸੀ, ਪਰ ਪ੍ਰਦਰਸ਼ਨਕਾਰੀਆਂ ਨੇ ਕਈ ਥਾਵਾਂ ’ਤੇ ਸੜਕਾਂ ਨੂੰ ਜਾਮ ਕਰ ਦਿੱਤਾ। ਗਾਂਧੀ ਮੈਦਾਨ ਛੱਡਣ ਤੋਂ ਬਾਅਦ, ਪ੍ਰਦਰਸ਼ਨਕਾਰੀ ਸੜਕਾਂ ’ਤੇ ਉਤਰ ਆਏ। ਪ੍ਰਦਰਸ਼ਨਕਾਰੀ ਗਾਂਧੀ ਮੈਦਾਨ, ਜੇਪੀ ਚੌਕ, ਗੋਪਾਲਗੰਜ ਮੋੜ ਅਤੇ ਸਿਵਾਨ ਕੋਰਟ ਸਮੇਤ ਕਈ ਥਾਵਾਂ ’ਤੇ ਇਕੱਠੇ ਹੋਏ। ਪੁਲਿਸ ਨੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਖਿੰਡਣ ਦੀ ਅਪੀਲ ਕੀਤੀ, ਪਰ ਉਨ੍ਹਾਂ ਨੇ ਇਨਕਾਰ ਕਰ ਦਿੱਤਾ। ਇਸ ਕਾਰਨ ਪੁਲਿਸ ਅਤੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਚਕਾਰ ਝੜਪਾਂ ਹੋਈਆਂ। ਪੁਲਿਸ ਨੇ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ। ਇਸ ਤੋਂ ਬਾਅਦ, ਪੁਲਿਸ ਨੇ ਵੀ ਗੋਲੀਬਾਰੀ ਕੀਤੀ। ਗੋਲੀਬਾਰੀ ਵਿੱਚ ਤਿੰਨ ਲੋਕ - ਬੁਲੇਟ ਕੁਮਾਰ, ਆਕਾਸ਼ ਅਤੇ ਆਰਿਫ - ਜ਼ਖਮੀ ਹੋ ਗਏ। ਉਧਰ, ਸੀਵਾਨ ਦੇ ਐਸਪੀ ਪੂਰਨ ਝਾਅ ਨੇ ਕਿਹਾ, “ਪੁਲਿਸ ਗੋਲੀਬਾਰੀ ਦੌਰਾਨ ਬੁਲੇਟ ਕੁਮਾਰ ਦੀ ਲੱਤ ਵਿੱਚ ਗੋਲੀ ਲੱਗੀ ਸੀ। ਗੋਲੀ ਲੱਗਣ ਵਾਲੇ ਬਾਕੀ ਦੋ ਲੋਕਾਂ ਦੀ ਜਾਂਚ ਕੀਤੀ ਜਾਵੇਗੀ। ਕਿਉਂਕਿ ਜਿਸ ਥਾਂ ’ਤੇ ਆਕਾਸ਼ ਅਤੇ ਆਰਿਫ ਨੂੰ ਗੋਲੀ ਲੱਗੀ ਸੀ, ਉੱਥੇ ਕੋਈ ਪੁਲਿਸ ਫੋਰਸ ਤਾਇਨਾਤ ਨਹੀਂ ਸੀ। ਤਿੰਨੋਂ ਜ਼ਖਮੀਆਂ ਦਾ ਪਟਨਾ ਵਿੱਚ ਇਲਾਜ ਚੱਲ ਰਿਹਾ ਹੈ। ਇਸ ਸਮੇਂ ਉਨ੍ਹਾਂ ਦੀ ਹਾਲਤ ਵਿੱਚ ਸੁਧਾਰ ਹੋ ਰਿਹਾ ਹੈ।” ਸੀਵਾਨ ਵਿੱਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ’ਤੇ ਏਕੇ-47 ਨਾਲ ਗੋਲੀਬਾਰੀ ਕਰਨ ਵਾਲੇ ਪੁਲਿਸ ਅਧਿਕਾਰੀ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਪੁਲਿਸ ਹੈੱਡਕੁਆਰਟਰ ਦੀਆਂ ਹਦਾਇਤਾਂ ਤੋਂ ਬਾਅਦ ਅਧਿਕਾਰੀ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ।



## ਆਸਟ੍ਰੇਲੀਆ ਦੇ ਵਰਜੀਨੀਆ ’ਚ ਅੱਗ ਨਾਲ ਗੁਰਦੁਆਰਾ ਸਾਹਿਬ ਦੀ ਇਮਾਰਤ ਨੁਕਸਾਨੇ ਜਾਣ ’ਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤਾ ਗਹਿਰ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਸਟ੍ਰੇਲੀਆ ਦੇ ਵਰਜੀਨੀਆ ਵਿਖੇ ਗੁਰਦੁਆਰਾ ਦਸ਼ਮੇਸ਼ ਦਰਬਾਰ ਦੀ ਇਮਾਰਤ ਅੱਗ ਕਾਰਨ ਪੂਰੀ ਤਰ੍ਹਾਂ ਨੁਕਸਾਨੇ ਜਾਣ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੇਸ਼ ਦੁਨੀਆ ਵਿੱਚ ਵੱਸਦੀ ਸਿੱਖ ਸੰਗਤ ਨੂੰ ਸੰਦੇਸ਼ ਦਿੱਤਾ ਹੈ ਕਿ ਉਹ ਇਸ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਰਹਿਣ ਕਿ ਗੁਰੂ ਘਰਾਂ ਅੰਦਰ ਅਜਿਹੀਆਂ ਘਟਨਾਵਾਂ ਨਾ ਵਾਪਰਨ ਅਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਹੋਣ। ਉਨ੍ਹਾਂ ਗੁਰੂ ਸਾਹਿਬ ਦੇ ਸਨਮੁਖ ਸਮੂਹ ਸਿੱਖਾਂ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਵਰਜੀਨੀਆ ਵਿੱਚ ਵਾਪਰੀ ਘਟਨਾ ਦੇ ਸਬੰਧ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੈਂਟਰਲ ਸਿੱਖ ਐਸੋਸੀਏਸ਼ਨ ਆਫ਼ ਨਿਊਜ਼ੀਲੈਂਡ ਦੇ ਮੁੱਖ ਸੇਵਾਦਾਰ ਦਲਜੀਤ ਸਿੰਘ ਨੂੰ ਆਦੇਸ਼ ਕੀਤਾ ਹੈ ਕਿ ਉਹ ਆਪਣੇ ਨਾਲ ਸਿੰਘ ਲੈ ਕੇ ਮੌਕੇ ਉੱਤੇ ਜਾ ਕੇ ਜਾਇਜ਼ਾ ਲੈਣਗੇ, ਇਸ ਘਟਨਾ ਅਤੇ ਗੁਰੂ ਘਰ ਵਿੱਚ ਮੌਜੂਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪਾਵਨ ਬੀੜਾਂ ਸਬੰਧੀ ਸਮੁੱਚੀ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸੌਂਪਣਗੇ। ਉਨ੍ਹਾਂ ਕਿਹਾ ਕਿ ਸ. ਦਲਜੀਤ ਸਿੰਘ ਆਸਟ੍ਰੇਲੀਆ ਦੇ ਸਥਾਨਕ ਪ੍ਰਸ਼ਾਸਨ ਅਤੇ ਗੁਰਦੁਆਰਾ ਦਸ਼ਮੇਸ਼ ਦਰਬਾਰ ਦੇ ਪ੍ਰਬੰਧਕਾਂ ਨਾਲ ਤਾਲਮੇਲ ਕਰਕੇ ਘਟਨਾ ਦੀ ਸਮੁੱਚੀ ਜਾਣਕਾਰੀ ਹਾਸਲ ਕਰਨਗੇ। ਉਨ੍ਹਾਂ ਗੁਰਦੁਆਰਾ ਦਸ਼ਮੇਸ਼ ਦਰਬਾਰ ਵਰਜੀਨੀਆ ਦੀ ਪ੍ਰਬੰਧਕ ਕਮੇਟੀ ਨੂੰ ਵੀ ਆਦੇਸ਼ ਕੀਤਾ ਕਿ ਉਹ ਆਪ ਵੀ ਇਸ ਘਟਨਾ ਦੀ ਸਮੁੱਚੀ ਜਾਣਕਾਰੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜਣ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੱਜ ਸਿੱਖ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵੱਸਦੇ ਹਨ ਅਤੇ ਜਿੱਥੇ ਵੀ ਸਿੱਖ ਵੱਸੇ ਹਨ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਾਲ ਲੈ ਕੇ ਗਏ ਹਨ ਅਤੇ ਉਨ੍ਹਾਂ ਨੇ ਮਿਹਨਤ ਨਾਲ ਸੁੰਦਰ ਗੁਰਦੁਆਰਾ ਸਾਹਿਬਾਨ ਵੀ ਸਥਾਪਤ ਕੀਤੇ ਹਨ। ਉਨ੍ਹਾਂ ਵਰਜੀਨੀਆ, ਆਸਟ੍ਰੇਲੀਆ ਦੀ ਸਿੱਖ ਸੰਗਤ ਨੂੰ ਹੌਂਸਲੇ, ਸਹਿਜ ਅਤੇ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਆਖਿਆ ਕਿ ਇਸ ਘਟਨਾ ਪਿੱਛੇ ਕਾਰਨ ਪਾਰਦਰਸ਼ਤਾ ਨਾਲ ਪਛਾਣੇ ਜਾਣ ਤੇ ਉਸ ਤੋਂ ਸਿੱਖਿਆ ਲੈ ਕੇ ਦੁਬਾਰਾ ਗੁਰੂ ਘਰ ਸਥਾਪਤ ਕਰਨ ਲਈ ਯਤਨ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਹ ਘੋਖਣਾ ਚਾਹੀਦਾ ਹੈ ਕਿ ਕਿਤੇ ਇਸ ਘਟਨਾ ਵਿੱਚ ਕੋਈ ਸ਼ਰਾਰਤ ਤਾਂ ਨਹੀਂ।

## ਲਾਪਰਵਾਹੀ ਦੀਆਂ ਹੱਦ-ਬੰਨੇ ਪਾਰ ! ਨੀਟ ਲੀਕ ਕੇਸ ’ਚ ਸੀਬੀਆਈ ਦੇ ਵਕੀਲ ਹੀ ਗੈਰ ਹਾਜ਼ਰ, ਪਹਿਲੇ ਦਿਨ ਹੀ ਅਦਾਲਤ ’ਚ ਲਟਕਿਆ ਇਨਸਾਫ਼

**ਨਵੀਂ ਦਿੱਲੀ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਦੇਸ਼ ’ਚ ਵਿਦਿਆਰਥੀਆਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਵਿਚਕਾਰ, ਸਰਕਾਰ ਨੇ ਨੀਟ ਪੇਪਰ ਲੀਕ ਮਾਮਲੇ ਦੇ ਦੋਸ਼ੀਆਂ ਨੂੰ ਸਜ਼ਾ ਯਕੀਨੀ ਬਣਾਉਣ ਲਈ ਇੱਕ ਫਾਸਟ-ਟਰੈਕ ਅਦਾਲਤ ਸਥਾਪਤ ਕੀਤੀ ਹੈ। ਪੇਪਰ ਲੀਕ ਮਾਮਲਿਆਂ ਬਾਰੇ ਪਹਿਲੀ ਸੁਣਵਾਈ ਅੱਜ (ਸੋਮਵਾਰ, 27 ਜੁਲਾਈ) ਨੂੰ ਦਿੱਲੀ ਦੇ ਰਾਊਜ਼ ਐਵੇਨਿਊ ਕੋਰਟ ਵਿਖੇ ’ਜਨਤਕ ਪ੍ਰੀਖਿਆਵਾਂ (ਅਨਿਆਂਪੂਰਨ ਸਾਧਨਾਂ ਦੀ ਰੋਕਥਾਮ) ਐਕਟ, 2024’ ਅਧੀਨ ਗਠਿਤ ਫਾਸਟ-ਟਰੈਕ ਅਦਾਲਤ ਵਿੱਚ ਹੋਈ। ਹਾਲਾਂਕਿ, ਸੁਣਵਾਈ ਪਹਿਲੇ ਹੀ ਦਿਨ ਮੁਲਤਵੀ ਕਰ ਦਿੱਤੀ ਗਈ। ਰਿਪੋਰਟਾਂ ਅਨੁਸਾਰ, ਅੱਜ ਦੀ ਕਾਰਵਾਈ ਦੌਰਾਨ ਸੀਬੀਆਈ ਵੱਲੋਂ ਕੋਈ ਵੀ ਵਕੀਲ ਅਦਾਲਤ ਵਿੱਚ ਪੇਸ਼ ਨਹੀਂ ਹੋਇਆ। ਸਰਕਾਰੀ ਵਕੀਲ ਦੀ ਅਣਹੋਂਦ ਕਾਰਨ, ਸੁਣਵਾਈ 3 ਅਗਸਤ ਤੱਕ ਮੁਲਤਵੀ ਕਰ ਦਿੱਤੀ ਗਈ। ਨੀਟ-ਯੂਜੀ ਪੇਪਰ ਲੀਕ ਮਾਮਲੇ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਦਿਨੇਸ਼ ਬਿਵਾਲ ਅਤੇ ਵਿਕਾਸ ਬਿਵਾਲ ਦੀਆਂ ਜ਼ਮਾਨਤ ਪਟੀਸ਼ਨਾਂ ’ਤੇ ਫਾਸਟ-ਟਰੈਕ ਅਦਾਲਤ ਦੇ ਵਿਸ਼ੇਸ਼ ਜੱਜ ਅਨੁ ਗਰੋਵਰ ਬਾਲੀਗਾ ਸੁਣਵਾਈ ਕਰਨ ਵਾਲੇ ਸਨ। ਅਦਾਲਤ ਨੇ ਇਸਤਗਾਸਾ ਨਿਰਦੇਸ਼ਕ ਨੂੰ ਨੀਟ ਪੇਪਰ ਲੀਕ ਮਾਮਲੇ ਲਈ ਇੱਕ ਸਰਕਾਰੀ ਵਕੀਲ ਨਿਯੁਕਤ ਕਰਨ ਦਾ ਨਿਰਦੇਸ਼ ਦਿੱਤਾ ਹੈ। ਰਾਊਸ ਐਵੇਨਿਊ ਅਦਾਲਤ 3 ਅਗਸਤ ਨੂੰ ਸਵੇਰੇ 10 ਵਜੇ ਅਗਲੀ ਸੁਣਵਾਈ ਕਰੇਗੀ। ਨੀਟ-ਯੂਜੀ ਪੇਪਰ ਲੀਕ ਸਾਜ਼ਿਸ਼ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿੱਚ ਸੀਬੀਆਈ ਦੁਆਰਾ ਗ੍ਰਿਫ਼ਤਾਰ ਕੀਤੇ ਗਏ 13 ਵਿਅਕਤੀਆਂ ਵਿੱਚ ਦਿਨੇਸ਼ ਬਿਵਾਲ ਅਤੇ ਵਿਕਾਸ ਬਿਵਾਲ ਸ਼ਾਮਲ ਹਨ। ਜਾਂਚ ਏਜੰਸੀ ਦੇ ਅਨੁਸਾਰ, ਦੋਸ਼ੀ ਉਸ ਨੈੱਟਵਰਕ ਨਾਲ ਜੁੜੇ ਹੋਏ ਹਨ ਜਿਸਨੇ ਪ੍ਰੀਖਿਆ ਤੋਂ ਪਹਿਲਾਂ ਪ੍ਰਸ਼ਨ ਪੱਤਰ ਲੀਕ ਕੀਤਾ ਸੀ ਅਤੇ ਇਸਨੂੰ ਕਈ ਉਮੀਦਵਾਰਾਂ ਨੂੰ ਵੰਡਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੇਪਰ ਲੀਕ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਜ਼ਾ ਯਕੀਨੀ ਬਣਾਉਣ ਲਈ ਫਾਸਟ-ਟਰੈਕ ਅਦਾਲਤਾਂ ਦੀ ਸਥਾਪਨਾ ਦਾ ਐਲਾਨ ਕੀਤਾ ਸੀ। ਉਨ੍ਹਾਂ ਨੇ 23 ਜੁਲਾਈ ਨੂੰ ਸੋਸ਼ਲ ਮੀਡੀਆ ’ਤੇ ਇਹ ਜਾਣਕਾਰੀ ਸਾਂਝੀ ਕੀਤੀ। ਆਪਣੀ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੇ ਹਿੱਤ ਅਤੇ ਭਵਿੱਖ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਮਲਿਆਂ ਦੇ ਤੇਜ਼ੀ ਨਾਲ ਨਿਪਟਾਰੇ ਨੂੰ ਯਕੀਨੀ ਬਣਾਉਣ ਅਤੇ ਸਾਰੀਆਂ ਪੇਪਰ ਲੀਕ ਘਟਨਾਵਾਂ ਵਿੱਚ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਸਖ਼ਤ ਸਜ਼ਾ ਦੇਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕੀਤੀਆਂ ਜਾਣਗੀਆਂ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿਮਰਿ ਸਿਮਰਿ ਸੁਖੁ ਪਾਵਹੁ ਸਗਲੇ ਦੂਖ ਮਿਟਾਇ ॥
ਬੀਬੀ
ਸੁਰਿੰਦਰ ਕੌਰ ਵੱਲੀਆਂ
ਦੀ
ਛੇਵੀਂ ਬਰਸੀ
ਨੂੰ ਸਮਰਪਿਤ
ਗੁਰਦੁਆਰਾ ਪ੍ਰਊਪਕਾਰੀ
ਭਾਈ ਲੱਧਾ ਜੀ
ਪਿੰਡ ਵੱਲੀਆਂ ਵਿਖੇ
ਗੁਰਮਤਿ ਸਮਾਗਮ
ਅਤੇ
ਖੀਰ ਪੂੜਿਆਂ ਵਾਲਾ
ਜੋੜ ਮੇਲਾ
ਆਵਾਜ਼ਿ ਕੌਮ
AWAZE QAUM
International Newspaper & WEB TV
29
ਜੁਲਾਈ
ਦਿਨ ਬੁੱਧਵਾਰ
2026
ਮੁੱਖ ਸੇਵਾਦਾਰ
ਬਾਬਾ ਸਤਨਾਮ ਸਿੰਘ ਜੀ ਵੱਲੀਆਂ
ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ
9463427380 | 7527845340

### ਆਸਟ੍ਰੇਲੀਆ ਦੇ ਐਡਿਲੇਡ ਨੇੜੇ ਗੁਰਦੁਆਰਾ ਦਸ਼ਮੇਸ਼ ਦਰਬਾਰ ਵਿੱਚ

# ਭਿਆਨਕ ਅੱਗ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਹੋਏ ਅਗਨਭੇਟ







**ਨਵੀਂ ਦਿੱਲੀ 27 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਆਸਟ੍ਰੇਲੀਆ ਦੇ ਦੱਖਣੀ ਸੂਬੇ ਸਾਊਥ ਆਸਟ੍ਰੇਲੀਆ ਦੇ ਐਡਿਲੇਡ ਸ਼ਹਿਰ ਨੇੜਲੇ ਵਰਜੀਨੀਆ ਇਲਾਕੇ ਵਿੱਚ ਸਥਿਤ ਗੁਰਦੁਆਰਾ ਦਸ਼ਮੇਸ਼ ਦਰਬਾਰ ਵਿੱਚ ਐਤਵਾਰ ਰਾਤ ਭਿਆਨਕ ਅੱਗ ਲੱਗਣ ਕਾਰਨ ਗੁਰਦੁਆਰੇ ਦੀ ਇਮਾਰਤ ਬੁਰੀ ਤਰ੍ਹਾਂ ਸੜ ਗਈ ਅਤੇ ਅੰਦਰ ਸਥਾਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਕੁਝ ਸਰੂਪਾਂ ਨੂੰ ਵੀ ਨੁਕਸਾਨ ਪਹੁੰਚਿਆ। ਇਸ ਦੁਖਦਾਈ ਘਟਨਾ ਨਾਲ ਸਮੂਹ ਸਿੱਖ ਭਾਈਚਾਰੇ ਵਿੱਚ ਡੂੰਘਾ ਦੁੱਖ ਅਤੇ ਸੋਗ ਦੀ ਲਹਿਰ ਹੈ। ਰਾਤ ਕਰੀਬ 9:40 ਵਜੇ ਅੱਗ ਲੱਗਣ ਦੀ ਸੂਚਨਾ ਮਿਲਣ ਤੋਂ ਬਾਅਦ ਕੰਟਰੀ ਫਾਇਰ ਸਰਵਿਸ, ਮੈਟਰੋਪੋਲਿਟਨ ਫਾਇਰ ਸਰਵਿਸ, ਐਂਬੂਲੈਂਸ, ਪੁਲਿਸ ਅਤੇ ਹੋਰ ਐਮਰਜੈਂਸੀ ਏਜੰਸੀਆਂ ਦੇ ਕਰੀਬ 60 ਅੱਗ ਬੁਝਾਊ ਕਰਮਚਾਰੀ ਅਤੇ 20 ਫਾਇਰ ਟਰੱਕ ਮੌਕੇ 'ਤੇ ਪਹੁੰਚੇ। ਪਾਣੀ ਦੀ ਘਾਟ ਅਤੇ ਇਮਾਰਤ ਦੀ ਬਣਤਰ ਕਾਰਨ ਅੱਗ 'ਤੇ ਕਾਬੂ ਪਾਉਣ ਲਈ ਤਿੰਨ ਤੋਂ ਚਾਰ ਘੰਟੇ ਲੱਗੇ। ਫਾਇਰ ਅਧਿਕਾਰੀਆਂ ਮੁਤਾਬਕ ਅੱਗ ਸੰਭਵ ਤੌਰ 'ਤੇ ਲੰਗਰ ਵਾਲੇ ਹਿੱਸੇ ਨੇੜੇ ਲੱਗੀ ਅਤੇ ਬਾਅਦ ਵਿੱਚ ਪੂਰੀ ਇਮਾਰਤ ਵਿੱਚ ਫੈਲ ਗਈ। ਛੱਤ ਡਿੱਗਣ ਕਾਰਨ ਅੰਦਰ ਪਈਆਂ ਧਾਰਮਿਕ ਬੀੜਾਂ ਅਤੇ ਹੋਰ ਸਮਾਨ ਨੂੰ ਬਚਾਉਣਾ ਬਹੁਤ ਮੁਸ਼ਕਲ ਹੋ ਗਿਆ। ਇੱਕ ਵਿਅਕਤੀ ਜੋ ਉਸ ਸਮੇਂ ਗੁਰਦੁਆਰੇ ਵਿੱਚ ਮੌਜੂਦ ਸੀ, ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਅਤੇ ਉਹ ਬਿਨਾਂ ਕਿਸੇ ਸੱਟ ਦੇ ਬਚ ਗਿਆ। ਗੁਰਦੁਆਰਾ ਦਸ਼ਮੇਸ਼ ਦਰਬਾਰ ਦੇ ਪ੍ਰਧਾਨ ਬਖ਼ਸ਼ੀਸ਼ ਸਿੰਘ ਨੇ ਕਿਹਾ ਕਿ ਇਹ ਗੁਰਦੁਆਰਾ ਕੇਵਲ ਇਬਾਦਤ ਦਾ ਸਥਾਨ ਨਹੀਂ ਸੀ, ਸਗੋਂ ਸਥਾਨਕ ਸਿੱਖ ਭਾਈਚਾਰੇ ਲਈ ਸੇਵਾ, ਸਿਮਰਨ, ਲੰਗਰ ਅਤੇ ਸਮਾਜਿਕ ਸਹਾਇਤਾ ਦਾ ਮਹੱਤਵਪੂਰਨ ਕੇਂਦਰ ਸੀ। ਉਨ੍ਹਾਂ ਕਿਹਾ ਕਿ ਇੱਥੇ ਨਵੇਂ ਆਏ ਪ੍ਰਵਾਸੀਆਂ ਨੂੰ ਭੋਜਨ, ਰਾਸ਼ਨ ਅਤੇ ਰਹਿਣ-ਸਹਿਣ ਲਈ ਵੀ ਸਹਾਇਤਾ ਦਿੱਤੀ ਜਾਂਦੀ ਸੀ। ਅੱਗ ਕਾਰਨ ਇਮਾਰਤ ਦੇ ਨਾਲ-ਨਾਲ ਸਾਰਾ ਰਾਸ਼ਨ, ਸਾਜ਼ੋ-ਸਾਮਾਨ ਅਤੇ ਹੋਰ ਸਮੱਗਰੀ ਵੀ ਸੜ ਕੇ ਸੁਆਹ ਹੋ ਗਈ। ਸੋਮਵਾਰ ਸਵੇਰੇ ਵੱਡੀ ਗਿਣਤੀ ਵਿੱਚ ਸੰਗਤ ਗੁਰਦੁਆਰੇ ਦੇ ਬਾਹਰ ਇਕੱਠੀ ਹੋਈ। ਜਦੋਂ ਅੱਗ ਨਾਲ ਨੁਕਸਾਨੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਇੱਕ ਸਰੂਪ ਨੂੰ ਬਾਹਰ ਲਿਆਂਦਾ ਗਿਆ ਤਾਂ ਸੰਗਤ ਦੀਆਂ ਅੱਖਾਂ ਨਮ ਹੋ ਗਈਆਂ। ਸੰਗਤ ਨੇ ਸਤਿਕਾਰ ਨਾਲ ਮੱਥਾ ਟੇਕਿਆ ਅਤੇ ਭਾਵੁਕ ਮਾਹੌਲ ਵਿੱਚ ਅਰਦਾਸ ਕੀਤੀ। ਸਿੱਖ ਆਗੂਆਂ ਨੇ ਦੱਸਿਆ ਕਿ ਜਿਨ੍ਹਾਂ ਸਰੂਪਾਂ ਨੂੰ ਬਚਾਇਆ ਨਹੀਂ ਜਾ ਸਕਿਆ, ਉਨ੍ਹਾਂ ਦੇ ਅਵਸ਼ੇਸ਼ਾਂ ਦਾ ਪੂਰੇ ਸਤਿਕਾਰ ਨਾਲ ਅੰਤਿਮ ਸੰਸਕਾਰ ਕੀਤਾ ਜਾਵੇਗਾ। ਫਾਇਰ ਸਰਵਿਸ ਦੇ ਅਧਿਕਾਰੀਆਂ ਨੇ ਵੀ ਕਿਹਾ ਕਿ ਉਹ ਮਲਬੇ ਹੇਠਾਂ ਰਹਿ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪਾਂ ਜਾਂ ਉਨ੍ਹਾਂ ਦੀ ਰਾਖ ਨੂੰ ਵੀ ਪੂਰੇ ਸਤਿਕਾਰ ਨਾਲ ਬਾਹਰ ਕੱਢਣ ਲਈ ਯਤਨ ਕਰ ਰਹੇ ਹਨ। ਅੱਗ ਲੱਗਣ ਦੇ ਅਸਲ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁੱਢਲੇ ਅੰਦਾਜ਼ੇ ਅਨੁਸਾਰ ਇਸ ਹਾਦਸੇ ਵਿੱਚ ਇੱਕ ਮਿਲੀਅਨ ਡਾਲਰ ਤੋਂ ਵੱਧ ਦਾ ਨੁਕਸਾਨ ਹੋਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਪਿੰਡ ਰਜਿੰਦਰਾਪੁਰੀ ਰੰਚਨਾ ਵਿਖੇ ਆਮ ਆਦਮੀ ਕਲੀਨਿਕ ਦਾ ਕੀਤਾ ਉਦਘਾਟਨ

# ਲੋਕਾਂ ਨੂੰ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਡਾ. ਅਨਵਰ ਭਸੌੜ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਤੱਕ ਬਿਹਤਰ ਸਿਹਤ ਸਹੂਲਤਾਂ ਪਹੁੰਚਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਅੱਜ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਪਿੰਡ ਰਜਿੰਦਰਾਪੁਰੀ ਰੰਚਨਾ ਵਿਖੇ ਨਵੇਂ ਆਮ ਆਦਮੀ ਕਲੀਨਿਕ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿਹਤ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ, ਜਿਸ ਦਾ ਲਾਭ ਸੂਬੇ ਦੇ ਲੱਖਾਂ ਲੋਕਾਂ ਨੂੰ ਮਿਲ ਰਿਹਾ ਹੈ। ਡਾ. ਅਨਵਰ ਭਸੌੜ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ, ਜਿੱਥੇ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਡਾਕਟਰੀ ਸਲਾਹ, ਲੋੜੀਂਦੀਆਂ ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 100 ਹੋਰ ਆਮ ਆਦਮੀ ਕਲੀਨਿਕ ਸ਼ੁਰੂ ਹੋਣ ਨਾਲ ਸੂਬੇ ਵਿੱਚ ਇਨ੍ਹਾਂ ਦੀ ਗਿਣਤੀ 1,090 ਹੋ ਗਈ ਹੈ, ਜਿਸ ਨਾਲ ਪੰਜਾਬ ਦਾ ਮੁਫ਼ਤ ਪ੍ਰਾਇਮਰੀ ਸਿਹਤ ਸੇਵਾ ਨੈੱਟਵਰਕ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਆਮ ਆਦਮੀ ਕਲੀਨਿਕਾਂ ਵਿੱਚ 5.90 ਕਰੋੜ ਤੋਂ ਵੱਧ ਓ.ਪੀ.ਡੀ. ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਮਿਲ ਚੁੱਕੀ ਹੈ, ਜਦਕਿ 3.43 ਕਰੋੜ ਤੋਂ ਵੱਧ ਮੁਫ਼ਤ ਲੈਬ ਟੈਸਟ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਪਹਿਲ ਨਾਲ ਲੋਕਾਂ ਦੇ ਇਲਾਜ 'ਤੇ ਹੋਣ ਵਾਲੇ ਖਰਚ ਵਿੱਚ ਵੱਡੀ ਕਮੀ ਆਈ ਹੈ ਅਤੇ ਹਰ ਪਰਿਵਾਰ ਨੂੰ ਆਪਣੇ ਘਰ ਦੇ ਨੇੜੇ ਹੀ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਮਿਲ ਰਹੀਆਂ ਹਨ। ਹਰੇਕ ਆਮ ਆਦਮੀ ਕਲੀਨਿਕ ਵਿੱਚ ਰੋਜਾਨਾ ਔਸਤਨ 84 ਮਰੀਜ ਆਉਂਦੇ ਹਨ ਅਤੇ ਇਹ ਨੈੱਟਵਰਕ ਸਮੂਹਿਕ ਤੌਰ 'ਤੇ ਪੰਜਾਬ ਭਰ ਵਿੱਚ ਹਰ ਰੋਜ 83,000 ਤੋਂ ਵੱਧ ਮਰੀਜਾਂ ਦੀ ਸੇਵਾ ਕਰ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਮ ਆਦਮੀ ਕਲੀਨਿਕਾਂ ਵਿੱਚ ਉਪਲਬਧ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨਿਯਮਤ ਸਿਹਤ ਜਾਂਚ ਕਰਵਾ ਕੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਡਾਕਟਰ ਅਨੁਰਾਗ , ਸਰਪੰਚ ਮਨੋਜ ਕੁਮਾਰ ਸਪੌਲੀਆਂ, ਸਰਬਜੀਤ ਕੌਰ ਪੰਚ, ਸੂਬੇਦਾਰ ਤਰਸੇਮ ਸਿੰਘ ਪੰਚ, ਕੰਵਲਜੀਤ ਪੰਚ, ਹਰੀ ਰਾਮ ਪੰਚ, ਹੁਸਨਪ੍ਰੀਤ ਵਸਿਸਟ ਪੰਚ, ਸਿਮਲਾ ਰਾਣੀ ਪੰਚ, ਨਿਸਾਂ ਰਾਣੀ ਪੰਚ ਹਾਜ਼ਰ ਸਨ।






ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਪਿੰਡ ਬਮਾਲ ਅਤੇ ਦੁਗਨੀ ਵਿਖੇ ਆਮ ਆਦਮੀ ਕਲੀਨਿਕ ਲੋਕ ਅਰਪਿਤ

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿਹਤ ਸੇਵਾਵਾਂ ਦਾ ਮਜ਼ਬੂਤ ਨੈੱਟਵਰਕ ਹੋ ਰਿਹਾ ਹੈ ਸਥਾਪਿਤ: ਦਲਵੀਰ ਸਿੰਘ ਢਿੱਲੋਂ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰ-ਘਰ ਦੇ ਨੇੜੇ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਪਿੰਡ ਬਮਾਲ ਅਤੇ ਦੁਗਨੀ ਵਿਖੇ ਨਵੇਂ ਆਮ ਆਦਮੀ ਕਲੀਨਿਕ ਲੋਕ ਅਰਪਿਤ ਕੀਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿਹਤ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆ ਰਹੀ ਹੈ। 100 ਹੋਰ ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਜਾਣ ਨਾਲ ਸੂਬੇ ਭਰ ਵਿੱਚ ਚੱਲ ਰਹੇ ਕਲੀਨਿਕਾਂ ਦੀ ਕੁੱਲ ਗਿਣਤੀ 1,090 ਹੋ ਗਈ ਹੈ। ਸਰਕਾਰ ਦੀ ਚੱਲ ਰਹੀ 'ਸਿਹਤ ਕ੍ਰਾਂਤੀ' ਵਿੱਚ ਇੱਕ ਹੋਰ ਮੀਲ ਪੱਥਰ ਗੱਡਦਿਆਂ ਇਸ ਵਿਸਥਾਰ ਨੇ ਪੰਜਾਬ ਦੇ ਮੁਫ਼ਤ ਅਤੇ ਮਿਆਰੀ ਪ੍ਰਾਇਮਰੀ ਸਿਹਤ ਸੰਭਾਲ ਨੈੱਟਵਰਕ ਨੂੰ ਹੋਰ ਮਜ਼ਬੂਤ ਕੀਤਾ ਹੈ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਹੁਣ ਤੱਕ ਓ.ਪੀ.ਡੀ. ਵਿੱਚ 5.90 ਕਰੋੜ ਤੋਂ ਵੱਧ ਲੋਕ ਆ ਚੁੱਕੇ ਹਨ ਅਤੇ 3.43 ਕਰੋੜ ਤੋਂ ਵੱਧ ਮੁਫ਼ਤ ਲੈਬ ਟੈਸਟ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਅਤੇ ਆਧੁਨਿਕ ਸਿਹਤ ਢਾਂਚੇ ਵਿੱਚ ਕੀਤੇ ਵੱਡੇ ਨਿਵੇਸ਼ਾਂ ਦੇ ਨਾਲ-ਨਾਲ ਇਸ ਪਹਿਲਕਦਮੀ ਨੇ ਪੂਰੇ ਪੰਜਾਬ ਵਿੱਚ ਕਿਫਾਇਤੀ ਅਤੇ ਮਿਆਰੀ ਸਿਹਤ ਸੇਵਾਵਾਂ ਤੱਕ ਲੋਕਾਂ ਦੀ ਪਹੁੰਚ ਨੂੰ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਡਾਕਟਰੀ ਸਲਾਹ, ਜ਼ਰੂਰੀ ਦਵਾਈਆਂ ਅਤੇ ਲੈਬ ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਨਾਲ ਲੋਕਾਂ ਦੇ ਇਲਾਜ 'ਤੇ ਆਉਣ ਵਾਲਾ ਖ਼ਰਚਾ ਕਾਫ਼ੀ ਘਟਿਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਵਿੱਚ ਉਪਲਬਧ ਮੁਫ਼ਤ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨਿਯਮਤ ਸਿਹਤ ਜਾਂਚ ਕਰਵਾ ਕੇ ਤੰਦਰੁਸਤ ਜੀਵਨ ਵੱਲ ਕਦਮ ਵਧਾਉਣ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਟਰੇਡ ਵਿੰਗ ਹਲਕਾ ਧੂਰੀ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਬਲਾਕ ਪ੍ਰਧਾਨ ਸੁਰਜੀਤ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ ਬਮਾਲ, ਸਰਪੰਚ ਅਸਗਰ ਖਾਨ (ਦੁਗਨੀ) , ਸਰਪੰਚ ਅਮ੍ਰਿਤਪਾਲ ਸਿੰਘ ਘਨੌਰੀ ਕਲਾਂ, ਸਰਪੰਚ ਜਗਤਾਰ ਸਿੰਘ ਬਮਾਲ, ਜਸਵਿੰਦਰ ਸਿੰਘ ਬਮਾਲ ਅਤੇ ਆਪ ਆਗੂ ਜਗਤਾਰ ਸਿੰਘ ਬਾਗੜੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਧਰਮਿੰਦਰ ਪ੍ਰਧਾਨ ਦੇ ਅਸਤੀਫੇ ਤੋਂ ਬਾਅਦ, ਪੰਜਾਬ ਦਾ ਸਿੱਖਿਆ ਮੰਤਰੀ ਦੇਵੇ ਅਸਤੀਫਾ: ਪੰਮਾ ਪਾਠ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਪੇਪਰ ਲੀਕ ਮਾਮਲੇ ਨੂੰ ਲੈ ਕੇ ਦਿੱਲੀ ਦੇ ਜੰਤਰ ਮੰਤਰ ਤੇ ਚੱਲ ਰਹੇ ਦੇਸ਼ ਭਰ ਦੇ ਨੌਜਵਾਨਾਂ ਦਾ ਸੰਘਰਸ਼ ਜਿਸ ਦੀ ਲੰਮੀ ਜਦੋ ਜਹਿਦ ਦੇ ਨਾਲ ਮੋਦੀ ਸਰਕਾਰ ਨੇ ਝੁਕਦਿਆਂ ਕੇਂਦਰੀ ਸਿੱਖਿਆ ਨੇ ਅਸਤੀਫਾ ਦਿੱਤਾ। ਜਿਸ ਵਿੱਚ ਸੰਘਰਸ਼ੀ ਨੌਜਵਾਨਾਂ ਦੀ ਵੱਡੀ ਜਿੱਤ ਹੈ। ਇਸੇ ਹੀ ਤਹਿਤ ਪੰਜਾਬ ਵਿੱਚ ਹੋਏ ਪੇਪਰ ਲੀਕ ਮਾਮਲੇ ਚ ਪੰਜਾਬ ਦੇ ਸਿੱਖਿਆ ਮੰਤਰੀ ਨੂੰ ਵੀ ਅਸਤੀਫਾ ਦੇਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਹਾ ਕਿਉਹਨਾਂ ਕਿਹਾ ਕਿ ਦਿੱਲੀ ਵਿਖੇ ਚੱਲੇ ਸੰਘਰਸ਼ ਦੌਰਾਨ ਮਨੀਸ਼ਸ ਸੋਦੀਆ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜੇਕਰ ਇਸ ਤਰ੍ਹਾਂ ਦਾ ਪੰਜਾਬ ਚ ਹੁੰਦਾ ਤਾਂ ਅਸੀਂ ਤੁਰੰਤ ਸਿੱਖਿਆ ਮੰਤਰੀ ਦੋ ਇਸਤੀਫਾ ਲੈ ਲੈਂਦੇ ਪਰ ਪੰਜਾਬ ਵਿੱਚ ਫਾਰਮੈਸੀ ਪੇਪਰ ਲੀਕ ਹੋਇਆ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਬਣੇ ਹੋਏ ਹਨ। ਉਹਨਾਂ ਨੂੰ ਚਾਹੀਦਾ ਕਿ ਉਹ ਤੁਰੰਤ ਅਸਤੀਫਾ ਦੇ ਕੇ ਪੰਜਾਬ ਦੇ ਨੌਜਵਾਨਾਂ ਨੂੰ ਇਨਸਾਫ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀ ਸਫਾਈ ਸੇਵਕਾਂ, ਮਨਰੇਗਾ ਮਜਦੂਰਾਂ 'ਤੇ ਕੀਤੇ ਅੰਨੇਵਾਹ ਤਸੱਦਦ ਦੀ ਸਖਤ ਸ਼ਬਦਾਂ ਵਿੱਚ ਨਿੰਦਿਆਂ ਕਰਦੇ ਹਾ ਅਤੇ ਜਿਨ੍ਹਾਂ ਪੁਲਿਸ ਅਫਸਰਾਂ ਨੇ ਇਸ ਤਰ੍ਹਾਂ ਕੀਤਾ ਉਨ੍ਹਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕਰਕੇ ਬਰਖਾਸਤ ਕੀਤਾ ਜਾਵੇ ਤਾਂ ਜੋ ਅੱਗੇ ਤੋਂ ਭਵਿੱਖ ਵਿੱਚ ਇਸ ਤਰ੍ਹਾਂ ਦਾ ਕੰਮ ਨਾ ਕਰ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬੀਆਂ ਨੂੰ ਅਪੀਲ

# ਜ਼ਮੀਨਾਂ ਬਚਾਓ, ਮਜ਼ਬੂਰੀ ਵਿੱਚ ਵੇਚਣੀ ਹੀ ਪਵੇ ਤਾਂ ਪ੍ਰਦੂਸ਼ਣ ਫੈਲਾਉਣ ਵਾਲੀਆਂ ਫੈਕਟਰੀਆਂ ਨੂੰ ਨਾ ਵੇਚੋ

-ਰੁਸਤਮ ਮੋਰਿੰਡਾ
ਸੀਨੀਅਰ ਮੀਤ ਪ੍ਰਧਾਨ
ਭਾਰਤੀ ਕਿਸਾਨ ਯੂਨੀਅਨ ਪੁਆਧ



**ਪੰਜਾਬ** ਦੇ ਲੋਕਾਂ ਨੂੰ ਮੇਰੀ ਹੱਥ ਜੋੜ ਕੇ ਬੇਨਤੀ ਹੈ ਕਿ ਸਭ ਤੋਂ ਪਹਿਲਾਂ ਕੋਸ਼ਿਸ਼ ਕਰੋ ਆਪਣੀਆਂ ਜ਼ਮੀਨਾਂ ਨਾ ਵੇਚੋ। ਜੇਕਰ ਪਰਮਾਤਮਾ ਨੇ ਤੁਹਾਨੂੰ ਜ਼ਮੀਨਾਂ ਦੀ ਦਾਤ ਦਿੱਤੀ ਹੈ ਅਤੇ ਤੁਹਾਡੇ ਪੁਰਖਿਆਂ ਨੇ ਇਹ ਜ਼ਮੀਨਾਂ ਖਰੀਦ ਕੇ ਤੁਹਾਡੇ ਲਈ ਛੱਡੀਆਂ ਹਨ, ਤਾਂ ਉਹਨਾਂ ਨੂੰ ਸੰਭਾਲ ਕੇ ਰੱਖੋ। ਜੇ ਤੁਸੀਂ ਖੁਦ ਖੇਤੀ ਨਹੀਂ ਕਰ ਸਕਦੇ, ਤਾਂ ਜ਼ਮੀਨ ਠੇਕੇ 'ਤੇ ਦੇ ਦਿਓ, ਪਰ ਆਪਣੀ ਜ਼ਮੀਨ ਬਚਾ ਕੇ ਰੱਖੋ।ਜੇਕਰ ਤੁਸੀਂ ਕਿਸੇ ਕਰਜ਼ੇ ਵਿੱਚ ਡੁੱਬੇ ਹੋ ਜਾਂ ਤੁਹਾਨੂੰ ਬਹੁਤ ਜ਼ਿਆਦਾ ਪੈਸਿਆਂ ਦੀ ਲੋੜ ਹੈ ਅਤੇ ਤੁਸੀਂ ਜ਼ਮੀਨ ਵੇਚਣ ਦਾ ਫ਼ੈਸਲਾ ਕਰ ਹੀ ਲਿਆ ਹੈ, ਤਾਂ ਮੇਰੀ ਸਮੂਹ ਪੰਜਾਬ ਦੇ ਲੋਕਾਂ ਨੂੰ ਬੇਨਤੀ ਹੈ ਕਿ ਆਪਣੀ ਜ਼ਮੀਨ ਕੈਮੀਕਲ ਇੰਡਸਟਰੀਆਂ, ਡਾਈਂਗ ਫੈਕਟਰੀਆਂ, ਦਵਾਈਆਂ ਬਣਾਉਣ ਵਾਲੀਆਂ ਫੈਕਟਰੀਆਂ ਜਾਂ ਕਿਸੇ ਵੀ ਅਜਿਹੀ ਉਦਯੋਗਿਕ ਇਕਾਈ ਨੂੰ ਨਾ ਵੇਚੋ, ਜਿਸ ਨਾਲ ਵਾਤਾਵਰਣ ਪ੍ਰਦੂਸ਼ਿਤ ਹੋਣ ਦਾ ਖ਼ਤਰਾ ਹੋਵੇ। ਤੁਸੀਂ ਭਾਵੇਂ ਅੱਜ ਜ਼ਮੀਨ ਵੇਚ ਕੇ ਪੈਸੇ ਲੈ ਲਵੋਂਗੇ, ਪਰ ਜੇ ਉਸ ਜਗ੍ਹਾ 'ਤੇ ਕੋਈ ਪ੍ਰਦੂਸ਼ਣ ਫੈਲਾਉਣ ਵਾਲੀ ਫੈਕਟਰੀ ਲੱਗਦੀ ਹੈ ਅਤੇ ਉਹ ਵਾਤਾਵਰਣੀ ਨਿਯਮਾਂ ਦੀ ਪਾਲਣਾ ਨਹੀਂ ਕਰਦੀ, ਤਾਂ ਉਸ ਦਾ ਗੰਦਾ ਪਾਣੀ ਅਤੇ ਉਦਯੋਗਿਕ ਕੂੜਾ ਭੂ-ਜਲ, ਆਲੇ-ਦੁਆਲੇ ਦੀ ਜ਼ਮੀਨ ਜਾਂ ਨਦੀਆਂ ਵਿੱਚ ਮਿਲ ਸਕਦਾ ਹੈ। ਇਸ ਦਾ ਅਸਰ ਪੀਣ ਵਾਲੇ ਪਾਣੀ, ਹਵਾ, ਖੇਤੀਬਾੜੀ ਅਤੇ ਲੋਕਾਂ ਦੀ ਸਿਹਤ 'ਤੇ ਪੈ ਸਕਦਾ ਹੈ।

ਇਸ ਤਰ੍ਹਾਂ ਦੇ ਪ੍ਰਦੂਸ਼ਣ ਕਾਰਨ ਕੈਂਸਰ, ਚਮੜੀ ਦੇ ਰੋਗ, ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਜਿਵੇਂ ਟਾਇਫਾਇਡ, ਪੀਲੀਆ, ਦਸਤ ਅਤੇ ਹੋਰ ਕਈ ਸਿਹਤ ਸਮੱਸਿਆਵਾਂ ਦਾ ਖ਼ਤਰਾ ਵੱਧ ਸਕਦਾ ਹੈ। ਸਭ ਤੋਂ ਵੱਡਾ ਨੁਕਸਾਨ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਝੱਲਣਾ ਪੈ ਸਕਦਾ ਹੈ।

ਇਸ ਸਬੰਧੀ ਮੈਂ ਇੱਕ ਉਦਾਹਰਨ ਵੀ ਦੇਣਾ ਚਾਹੁੰਦਾ ਹਾਂ। ਗੋਬਿੰਦਗੜ੍ਹ ਦੇ ਆਲੇ-ਦੁਆਲੇ ਕਈ ਉਦਯੋਗਿਕ ਇਕਾਈਆਂ ਲੱਗੀਆਂ ਹੋਈਆਂ ਹਨ ਅਤੇ ਉੱਥੋਂ ਦੇ ਕਈ ਪਿੰਡ ਲੰਮੇ ਸਮੇਂ ਤੋਂ ਪ੍ਰਦੂਸ਼ਣ ਦੀ ਸਮੱਸਿਆ ਨਾਲ ਜੂਝ ਰਹੇ ਹਨ। ਕਈ ਥਾਵਾਂ 'ਤੇ ਲੋਕਾਂ ਨੇ ਪਾਣੀ, ਹਵਾ ਅਤੇ ਖੇਤੀ ਨਾਲ ਸੰਬੰਧਿਤ ਸਮੱਸਿਆਵਾਂ ਦੀ ਸ਼ਿਕਾਇਤ ਕੀਤੀ ਹੈ। ਇਸ ਲਈ ਜ਼ਮੀਨ ਵੇਚਣ ਦਾ ਫ਼ੈਸਲਾ ਕਰਦੇ ਸਮੇਂ ਉਸ ਦੇ ਲੰਬੇ ਸਮੇਂ ਦੇ ਨਤੀਜਿਆਂ ਬਾਰੇ ਵੀ ਜ਼ਰੂਰ ਸੋਚੋ।

ਜੇਕਰ ਤੁਸੀਂ ਕਿਸੇ ਬਿਲਡਰ, ਰੀਅਲ ਅਸਟੇਟ ਡਿਵੈਲਪਰ, ਸ਼ਾਪਿੰਗ ਕੰਪਲੈਕਸ ਜਾਂ ਮਾਲ ਬਣਾਉਣ ਵਾਲੇ ਨੂੰ ਜ਼ਮੀਨ ਵੇਚ ਰਹੇ ਹੋ, ਤਾਂ ਉਹਨਾਂ ਤੋਂ ਲਿਖਤੀ ਭਰੋਸਾ ਲਵੋ ਕਿ ਉਹ ਸਾਰੇ ਵਾਤਾਵਰਣੀ ਨਿਯਮਾਂ ਦੀ ਪਾਲਣਾ ਕਰਨਗੇ ਅਤੇ ਜੇ ਉਹ ਰਿਹਾਇਸ਼ੀ ਪ੍ਰੋਜੈਕਟ ਜਾਂ ਅਪਾਰਟਮੈਂਟ ਬਣਾਉਂਦੇ ਹਨ ਤਾਂ ਉੱਥੇ ਸੀਵਰੇਜ ਟ੍ਰੀਟਮੈਂਟ ਪਲਾਂਟ ਜ਼ਰੂਰ ਲਗਾਇਆ ਜਾਵੇਗਾ, ਤਾਂ ਜੋ ਗੰਦਾ ਪਾਣੀ ਬਿਨਾਂ ਟ੍ਰੀਟਮੈਂਟ ਦੇ ਜ਼ਮੀਨ ਜਾਂ ਡਰੇਨਾਂ ਵਿੱਚ ਨਾ ਛੱਡਿਆ ਜਾਵੇ।

ਯਾਦ ਰੱਖੋ, ਜਿੰਨੀ ਤੁਹਾਨੂੰ ਪੈਸਿਆਂ ਦੀ ਲੋੜ ਹੈ, ਉਸ ਤੋਂ ਵੀ ਵੱਧ ਲੋੜ ਜ਼ਮੀਨ ਖਰੀਦਣ ਵਾਲੇ ਨੂੰ ਹੈ। ਕੋਈ ਵੀ ਵਿਅਕਤੀ ਜਾਂ ਕੰਪਨੀ ਬਿਨਾਂ ਸੋਚੇ-ਸਮਝੇ ਕਰੋੜਾਂ ਰੁਪਏ ਖਰਚ ਕੇ ਜ਼ਮੀਨ ਨਹੀਂ ਖਰੀਦਦੀ। ਇਸ ਲਈ ਆਪਣੇ ਹੱਕਾਂ ਅਤੇ ਆਪਣੇ ਇਲਾਕੇ ਦੇ ਭਵਿੱਖ ਦੀ ਸੁਰੱਖਿਆ ਲਈ ਸ਼ਰਤਾਂ ਰੱਖਣ ਤੋਂ ਨਾ ਹਿਚਕਿਓ।

ਕੁਝ ਲੋਕ ਕਹਿ ਸਕਦੇ ਹਨ ਕਿ ਜ਼ਮੀਨ ਸਾਡੀ ਹੈ ਅਤੇ ਵੇਚਣ ਜਾਂ ਨਾ ਵੇਚਣ ਦਾ ਫ਼ੈਸਲਾ ਵੀ ਸਾਡਾ ਹੈ। ਮੈਂ ਤੁਹਾਡੇ ਫ਼ੈਸਲੇ ਦਾ ਸਤਿਕਾਰ ਕਰਦਾ ਹਾਂ, ਪਰ ਇੱਕ ਜ਼ਿੰਮੇਵਾਰ ਪੰਜਾਬੀ ਨਾਗਰਿਕ ਹੋਣ ਦੇ ਨਾਤੇ ਮੇਰੀ ਸਿਰਫ਼ ਇਹੀ ਅਪੀਲ ਹੈ ਕਿ ਸਿਰਫ਼ ਅੱਜ ਦੇ ਲਾਭ ਬਾਰੇ ਨਾ ਸੋਚੋ, ਸਗੋਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਬਾਰੇ ਵੀ ਸੋਚੋ।

ਅੱਜ ਤੁਸੀਂ ਜ਼ਮੀਨ ਵੇਚ ਕੇ ਆਪਣੇ ਬੱਚਿਆਂ ਲਈ ਪੈਸਾ ਤਾਂ ਇਕੱਠਾ ਕਰ ਸਕਦੇ ਹੋ, ਪਰ ਜੇ ਭਵਿੱਖ ਵਿੱਚ ਉਹਨਾਂ ਨੂੰ ਸਾਫ਼ ਪਾਣੀ, ਸਾਫ਼ ਹਵਾ ਅਤੇ ਸਿਹਤਮੰਦ ਵਾਤਾਵਰਣ ਹੀ ਨਾ ਮਿਲੇ, ਤਾਂ ਉਹ ਧਨ ਕਿਸੇ ਕੰਮ ਦਾ ਨਹੀਂ ਰਹੇਗਾ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪੀਣ ਯੋਗ ਪਾਣੀ, ਸਾਫ਼ ਹਵਾ ਅਤੇ ਪੌਸ਼ਟਿਕ ਖੁਰਾਕ ਮਿਲਦੀ ਰਹੇ। ਇਸ ਲਈ ਮੇਰੀ ਸਮੂਹ ਪੰਜਾਬ ਦੇ ਲੋਕਾਂ ਨੂੰ ਮੁੜ ਬੇਨਤੀ ਹੈ ਕਿ ਪਹਿਲੀ ਕੋਸ਼ਿਸ਼ ਆਪਣੀਆਂ ਜ਼ਮੀਨਾਂ ਬਚਾਉਣ ਦੀ ਕਰੋ। ਜੇ ਮਜ਼ਬੂਰੀ ਵਿੱਚ ਜ਼ਮੀਨ ਵੇਚਣੀ ਹੀ ਪਵੇ, ਤਾਂ ਪ੍ਰਦੂਸ਼ਣ ਫੈਲਾਉਣ ਵਾਲੀਆਂ ਕੈਮੀਕਲ ਅਤੇ ਹੋਰ ਅਜਿਹੀਆਂ ਉਦਯੋਗਿਕ ਇਕਾਈਆਂ ਨੂੰ ਜ਼ਮੀਨ ਵੇਚਣ ਤੋਂ ਬਚੋ ਅਤੇ ਜਿੱਥੇ ਵੀ ਵਿਕਾਸ ਹੋਵੇ, ਉੱਥੇ ਵਾਤਾਵਰਣ ਸੁਰੱਖਿਆ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਮੰਗ ਕਰੋ। ਇਹੀ ਸਾਡੇ ਪੰਜਾਬ, ਸਾਡੇ ਬੱਚਿਆਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਲਈ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।

-ਪਰਗਟ ਸਿੰਘ ਬਲਬੇੜਾ
9022000070

ਬੀਜੇਪੀ ਦੀਆਂ ਨੀਤੀਆਂ ਤੋਂ ਖੁਸ਼ ਲੋਕ

# ਆਪ ਮੁਹਾਰੇ ਪਾਰਟੀ ਚ ਸ਼ਾਮਿਲ ਹੋ ਰਹੇ ਹਨ: ਪ੍ਰੋਫੈਸਰ ਸਿੱਧੂ



ਧੂਰੀ ( ਰਣਜੀਤ ਸਿੰਘ ਪੇਧਨੀ ) ਧੂਰੀ ਵਿਧਾਨ ਸਭਾ ਹਲਕੇ ਵਿੱਚ ਪੈਂਦੇ ਪਿੰਡ ਢਡੋਗਲ ਵਿਖੇ ਵੱਡੀ ਗਿਣਤੀ ਵਿੱਚ ਪਿੰਡ ਦੀ ਪੰਚਾਇਤ ਦੇ ਨੁਮਾਇੰਦਿਆਂ ਅਤੇ ਪਿੰਡ ਨਿਵਾਸੀਆਂ ਨੇ ਬੀਜੇਪੀ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਪ੍ਰੋ. ਓਂਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਆਪ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਲੋਕ ਆਪ ਮੁਹਾਰੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ, ਇਹ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨਣਗੇ। ਭਾਜਪਾ ਵਿੱਚ ਸਾਮਿਲ ਹੋਣ ਵਾਲਿਆਂ ਵਿੱਚ ਜਸਵੀਰ ਸਿੰਘ ਜੱਸਾ ਕੋਆਪਰੇਟਿਵ ਸੋਸਾਇਟੀ ਪ੍ਰਧਾਨ, ਰਣਧੀਰ ਸਿੰਘ ਕੋਆਪਰੇਟਿਵ ਸੋਸਾਇਟੀ ਮੈਂਬਰ ਬਲਵਿੰਦਰ ਸਿੰਘ ਗੁਰਮੀਤ ਸਿੰਘ ਪੰਚਾਇਤ ਮੈਂਬਰ, ਰਾਜ ਕੁਮਾਰ ਪੰਚਾਇਤ ਮੈਂਬਰ,ਜਰਨੈਲ ਸਿੰਘ ਪੰਚਾਇਤ ਮੈਂਬਰ ਦਰਸ਼ਨ ਸਿੰਘ ਸਾਬਕਾ ਪੰਚਾਇਤ ਮੈਂਬਰ,ਗੁਰਮੀਤ ਸਿੰਘ ਮਿੱਠੂ, ਜਗਤਾਰ ਸਿੰਘ "ਜੱਗਾ" ਗਰੇਵਾਲ, ਯਾਦਵਿੰਦਰ ਸਿੰਘ "ਯਾਦੀ" ਜਗਰੂਪ ਸਿੰਘ ਕਮੇਟੀ ਮੈਂਬਰ,ਨਰਾਇਣ ਸਿੰਘ ਕਮੇਟੀ ਮੈਂਬਰ ਆਦਿ ਹਾਜ਼ਰ ਸਨ।

# ਨੀਲੂ ਮਿੱਤਲ ਨੇ ਸੰਗਰੂਰ ਬੀਜੇਪੀ ਦਫ਼ਤਰ 'ਤੇ ਹਮਲੇ ਦੀ ਕੀਤੀ ਸਖ਼ਤ ਸ਼ਬਦਾ ਵਿੱਚ ਨਿਖੇਧੀ



**ਧੂਰੀ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੰਗਰੂਰ ਦਫਤਰ ਵਿਖੇ ਪੈਟਰੋਲ ਬੰਬ ਨਾਲ ਹੋਏ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਖੇਦੀ ਕਰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਪੰਜਾਬ ਵਿਚ ਲਾ ਇੰਨ ਆਰਡਰ ਦੀ ਸਥਿਤੀ ਬਹੁਤ ਗੰਭੀਰ ਬਣੀ ਹੋਈ ਹੈ, ਬੀਜੇਪੀ ਦੇ ਜ਼ਿਲਾ ਹੈਂਡ ਕੁਆਰਟਰ ਤੇ ਹਮਲਾ ਕਰਨਾ ਸਰਾ ਸਰ ਗਲਤ ਹੈ ਅਸੀਂ ਇਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇਸ਼ ਦੀ ਸਭ ਤੋ ਵੱਡੀ ਪਾਰਟੀ ਹੈ, ਪਹਿਲਾ ਚੰਡੀਗੜ੍ਹ ਦਫਤਰ ਅਤੇ ਹੁਣ ਸੰਗਰੂਰ ਬੀਜੇਪੀ ਦਫ਼ਤਰਾਂ ਤੇ ਹਮਲੇ ਕਰਕੇ ਗਲਤ ਅਨਸਰ ਕੀ ਸਾਬਿਤ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਪੂਰੀ ਤਰ੍ਹਾਂ ਫੇਲ ਸਾਬਤ ਹੋ ਰਹੀ ਹੈ। ਇਸ ਤਰ੍ਹਾਂ ਘਟਨਾਵਾਂ ਆਮ ਦੇਖਣ ਨੂੰ ਮਿਲ ਰਹੀਆਂ ਹਨ ਕੋਈ ਵੀ ਵਿਅਕਤੀ ਸੇਫ ਨਹੀਂ।

# ਨਿਊਜ਼ੀਲੈਂਡ ਦੇ ਸ਼ਹਿਰ ਔਕਲੈਂਡ ਵਿਖੇ ਸੰਤ ਬਾਬਾ ਸੱਜਣ ਸਿੰਘ ਜੀ ਦਾ ਨਿੱਘਾ ਸੁਆਗਤ





**ਚੌਕ ਮਹਿਤਾ,27 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਪਿੱਛਲੇ ਦਿਨੀ ਨਿਉਜੀਲੈਡ ਦੀ ਧਰਤੀ ਤੇ ਗੁਰਸਿੱਖੀ ਦਾ ਪ੍ਰਚਾਰ ਕਰਨ ਲਈ ਗਏ ਹਨ।ਅੱਜ ਪਿੰਡ ਮਹਿਤਾ ਦੇ ਗੈਰੀ ਜੀ ਨਿਊਜੀਲੈਂਡ ਦੇ ਸ਼ਹਿਰ ਔਕਲੈਂਡ ਵਿਖੇ ਰਹਿੰਦੇ ਹਨ ।ਸੰਤ ਬਾਬਾ ਸੱਜਣ ਸਿੰਘ ਜੀ ਉਨ੍ਹਾਂ ਦੇ ਗ੍ਰਹਿ ਵਿਖੇ ਚਰਨ ਪਾਏ। ਉਨ੍ਹਾਂ ਦੇ ਸਾਰੇ ਪਰਿਵਾਰ ਨੇ ਮਹਾਂਪੁਰਖਾ ਦਾ ਨਿੱਘਾ ਸੁਆਗਤ ਕੀਤਾ। ਅਤੇ ਸਿਰਪਾਓ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ ਮਹਾਂਪੁਰਖਾ ਦੇ ਨਾਲ ਸ, ਬਿਕਰਮ ਸਿੰਘ ਬੰਬੇ ਵਾਲਿਆਂ ਦਾ ਵੀ ਪ੍ਰਵਾਰ ਸੁਆਗਤ ਕੀਤਾ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਨੇ ਉਨ੍ਹਾਂ ਦੇ ਸਾਰੇ ਪਰਿਵਾਰ ਦੀ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨਾਂ ਵਿੱਚ ਚੜ੍ਹਦੀ ਕਲਾ ਦੀ ਅਰਦਾਸ ਬੇਨਤੀ ਕੀਤੀ ਅਤੇ ਬਾਬਾ ਜੀ ਨੇ ਕਿਹਾ ਕਿ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦਾ ਜਾਪੁ ਅਤੇ ਮੂਲ ਮੰਤਰ, ਗੁਰੂ ਮੰਤਰ ਦਾ ਜਾਪੁ ਕਰਿਆ ਕਰੋ।

# ਸਿੱਖਿਆ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੇ ਪਹਿਲਾਂ ਆਪਣੀ ਨਾਕਾਮੀ ਦਾ ਦੇਣ ਹਿਸਾਬ : ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 27 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਗੁਜ਼ਾਰੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਜਿਹੜੇ ਪ੍ਰਬੰਧਕ ਅੱਜ ਸਿੱਖਿਆ ਦੇ ਉੱਚੇ ਮਿਆਰਾਂ ਦੇ ਦਾਅਵੇ ਕਰਦੇ ਨਹੀਂ ਥੱਕਦੇ, ਉਹ ਪਹਿਲਾਂ ਆਪਣੀ ਸੱਤ-ਅੱਠ ਸਾਲਾਂ ਦੀ ਕਾਰਗੁਜ਼ਾਰੀ ਦਾ ਸਫ਼ੈਦ-ਕਾਲਾ ਸੰਗਤ ਸਾਹਮਣੇ ਰੱਖਣ। ਸਿਰਫ਼ ਬਿਆਨਾਂ ਨਾਲ ਸੱਚਾਈ ਨਹੀਂ ਲੁਕਾਈ ਜਾ ਸਕਦੀ। ਉਨ੍ਹਾਂ ਕਿਹਾ ਕਿ ਜੇ ਇੰਨੀ ਹੀ ਸ਼ਾਨਦਾਰ ਸਿੱਖਿਆ ਪ੍ਰਣਾਲੀ ਖੜ੍ਹੀ ਕੀਤੀ ਗਈ ਸੀ ਤਾਂ ਦੱਸਿਆ ਜਾਵੇ ਕਿ ਇਸ ਦੌਰਾਨ ਕਿੰਨੇ ਸਿੱਖ ਨੌਜਵਾਨ ਆਈਏਐਸ, ਆਈਪੀਐਸ, ਜੁਡੀਸ਼ਰੀ, ਆਈਆਈਟੀ, ਏਮਜ਼, ਆਈਆਈਐਮ ਜਾਂ ਹੋਰ ਦੇਸ਼ ਦੀਆਂ ਸਰਵੱਚ ਸੰਸਥਾਵਾਂ ਤੱਕ ਪਹੁੰਚੇ ? ਹਕੀਕਤ ਇਹ ਹੈ ਕਿ ਸਿੱਖਿਆ ਦੇ ਨਾਮ 'ਤੇ ਸਿਰਫ਼ ਦਾਅਵੇ ਕੀਤੇ ਗਏ, ਪਰ ਨਤੀਜੇ ਸਿਫ਼ਰ ਰਹੇ। ਸਿੱਖ ਨੌਜਵਾਨਾਂ ਦੇ ਭਵਿੱਖ ਨਾਲ ਖੇਡਿਆ ਗਿਆ ਅਤੇ ਸੰਗਤ ਨੂੰ ਝੂਠੀ ਚਮਕ ਦਿਖਾਈ ਗਈ। ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਕਮੇਟੀ ਦੇ ਕਾਰਜਕਾਲ ਦੌਰਾਨ ਕਈ ਸਕੂਲ ਅਤੇ ਕਾਲਜ ਬੰਦ ਹੋ ਗਏ, ਸਿੱਖਿਆ ਸੰਸਥਾਵਾਂ ਦੀ ਸਾਖ ਨੂੰ ਭਾਰੀ ਝਟਕਾ ਲੱਗਾ, ਕਮੇਟੀ ਸਿਰ ਕਰੋੜਾਂ ਰੁਪਏ ਦਾ ਕਰਜ਼ਾ ਚੜ੍ਹ ਗਿਆ ਅਤੇ ਇੱਕ ਤੋਂ ਬਾਅਦ ਇੱਕ ਮਾਮਲੇ ਅਦਾਲਤਾਂ ਵਿੱਚ ਪਹੁੰਚਦੇ ਰਹੇ। ਇੱਥੋਂ ਤੱਕ ਕਿ ਇੱਕ ਮਾਮਲੇ ਵਿੱਚ ਅਦਾਲਤ ਵੱਲੋਂ ਦੋਸ਼ੀ ਵੀ ਠਹਿਰਾਏ ਜਾ ਚੁੱਕੇ ਹਨ, ਜਿਸ ਤੋਂ ਪੂਰੀ ਸੰਗਤ ਜਾਣੂ ਹੈ। ਇਹ ਸਾਰੇ ਤੱਥ ਕਮੇਟੀ ਦੀ ਨਾਕਾਮੀ ਦੀ ਗਵਾਹੀ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਦੇ ਕਾਰਜਕਾਲ ਵਿੱਚ ਸਿੱਖਿਆ ਸੰਸਥਾਵਾਂ ਤਰੱਕੀ ਦੇ ਕੇਂਦਰ ਬਣਨ ਦੀ ਬਜਾਏ ਕਰਜ਼ੇ, ਵਿਵਾਦਾਂ ਅਤੇ ਅਦਾਲਤੀ ਕੇਸਾਂ ਦੀ ਪਛਾਣ ਬਣ ਗਈਆਂ ਹੋਣ, ਉਨ੍ਹਾਂ ਨੂੰ ਸਿੱਖਿਆ 'ਤੇ ਭਾਸ਼ਣ ਦੇਣ ਤੋਂ ਪਹਿਲਾਂ ਆਪਣੀ ਜਵਾਬਦੇਹੀ ਕਬੂਲ ਕਰਨੀ ਚਾਹੀਦੀ ਹੈ। ਸੰਗਤ ਨੂੰ ਦੱਸਿਆ ਜਾਵੇ ਕਿ ਸਕੂਲ ਕਿਉਂ ਬੰਦ ਹੋਏ, ਕਰੋੜਾਂ ਦਾ ਕਰਜ਼ਾ ਕਿਵੇਂ ਚੜ੍ਹਿਆ, ਅਦਾਲਤਾਂ ਦੇ ਚੱਕਰ ਕਿਉਂ ਲੱਗੇ ਅਤੇ ਸਿੱਖ ਨੌਜਵਾਨਾਂ ਦਾ ਭਵਿੱਖ ਕਿਸ ਦੀ ਲਾਪਰਵਾਹੀ ਕਾਰਨ ਦਾਅ 'ਤੇ ਲੱਗਿਆ। ਅੰਤ ਵਿਚ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਹੁਣ ਸੰਗਤ ਨੂੰ ਭਰਮਾਉਣ ਦਾ ਦੌਰ ਖ਼ਤਮ ਹੋ ਚੁੱਕਾ ਹੈ। ਸੰਗਤ ਹਰ ਨਾਕਾਮੀ, ਹਰ ਬੰਦ ਹੋਏ ਸਕੂਲ, ਹਰ ਰੁਪਏ ਦੇ ਕਰਜ਼ੇ, ਹਰ ਅਦਾਲਤੀ ਕੇਸ ਅਤੇ ਹਰ ਗਲਤ ਫ਼ੈਸਲੇ ਦਾ ਖੁੱਲ੍ਹਾ ਅਤੇ ਜਨਤਕ ਹਿਸਾਬ ਮੰਗ ਰਹੀ ਹੈ। ਜਦੋਂ ਤੱਕ ਇਨ੍ਹਾਂ ਸਵਾਲਾਂ ਦੇ ਸਿੱਧੇ ਜਵਾਬ ਨਹੀਂ ਦਿੱਤੇ ਜਾਂਦੇ, ਉਦੋਂ ਤੱਕ ਸਿੱਖਿਆ ਦੇ ਨਾਮ 'ਤੇ ਕੀਤੇ ਜਾਣ ਵਾਲੇ ਸਾਰੇ ਦਾਅਵੇ ਸਿਰਫ਼ ਖੋਖਲੇ ਨਾਅਰੇ ਹੀ ਮੰਨੇ ਜਾਣਗੇ।

ਵਿਧਾਇਕ ਭਰਾਜ ਵੱਲੋਂ 'ਰੰਗਲਾ ਪੰਜਾਬ' ਸਕੀਮ ਤਹਿਤ ਹਲਕਾ ਸੰਗਰੂਰ ਦੀਆਂ ਗ੍ਰਾਮ ਪੰਚਾਇਤਾਂ ਨੂੰ

# 5.51 ਕਰੋੜ ਰੁਪਏ ਦੀਆਂ ਵਿਕਾਸ ਗ੍ਰਾਂਟਾਂ ਦੇ ਚੈੱਕ ਭੇਟ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਲਈ ਚਲਾਈ ਜਾ ਰਹੀ 'ਰੰਗਲਾ ਪੰਜਾਬ' ਸਕੀਮ ਤਹਿਤ ਅੱਜ ਹਲਕਾ ਸੰਗਰੂਰ ਦੀਆਂ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਕੁੱਲ 5,51,00,000 ਰੁਪਏ (ਪੰਜ ਕਰੋੜ ਇਕਵੰਜਾ ਲੱਖ ਰੁਪਏ) ਦੀਆਂ ਗ੍ਰਾਂਟਾਂ ਦੇ ਚੈੱਕ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭੇਟ ਕੀਤੇ ਗਏ। ਇਸ ਸਬੰਧੀ ਪੀ.ਡਬਲਿਊ.ਡੀ. ਰੈਸਟ ਹਾਊਸ, ਸੰਗਰੂਰ ਵਿਖੇ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਇਤੀ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਵਿਕਾਸ ਗ੍ਰਾਂਟਾਂ ਦੇ ਚੈੱਕ ਭੇਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਵਿਕਾਸ ਦੇ ਮਾਡਲ ਵਜੋਂ ਸਥਾਪਤ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਠੋਸ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਨੀਤੀ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਕੇ ਲੋਕਾਂ ਨੂੰ ਬਿਹਤਰ ਜੀਵਨ ਪੱਧਰ ਮੁਹੱਈਆ ਕਰਵਾਉਣ ਦੀ ਹੈ। ਇਸੇ ਉਦੇਸ਼ ਨਾਲ ਵਿਕਾਸ ਕਾਰਜਾਂ ਲਈ ਲੋੜੀਂਦੇ ਫੰਡ ਸਮੇਂ ਸਿਰ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਵੀ ਯੋਜਨਾ ਦੇ ਲਾਗੂ ਹੋਣ ਵਿੱਚ ਦੇਰੀ ਨਾ ਆਵੇ। ਵਿਧਾਇਕ ਨੇ ਦੱਸਿਆ ਕਿ ਜਾਰੀ ਕੀਤੀਆਂ ਗਈਆਂ ਗ੍ਰਾਂਟਾਂ ਦੀ ਵਰਤੋਂ ਗਲੀਆਂ ਅਤੇ ਨਾਲੀਆਂ ਦੀ ਉਸਾਰੀ, ਪੀਣ ਵਾਲੇ ਸਾਫ਼ ਪਾਣੀ ਦੀ ਵਿਵਸਥਾ, ਛੱਪੜਾਂ ਦੇ ਨਵੀਨੀਕਰਨ, ਸਟਰੀਟ ਲਾਈਟਾਂ, ਧਰਮਸ਼ਾਲਾਵਾਂ, ਸ਼ਮਸ਼ਾਨਘਾਟਾਂ, ਪਾਰਕਾਂ, ਖੇਡ ਮੈਦਾਨਾਂ ਅਤੇ ਹੋਰ ਜਨਤਕ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਨਾਲ ਪਿੰਡਾਂ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਵੇਗਾ ਅਤੇ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ। ਨਰਿੰਦਰ ਕੌਰ ਭਰਾਜ ਨੇ ਸਮੂਹ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਨੂੰ ਪੂਰੀ ਪਾਰਦਰਸ਼ਤਾ, ਇਮਾਨਦਾਰੀ ਅਤੇ ਉੱਚ ਗੁਣਵੱਤਾ ਨਾਲ ਨੇਪਰੇ ਚੜ੍ਹਾਉਣ। ਉਨ੍ਹਾਂ ਕਿਹਾ ਕਿ ਸਰਕਾਰੀ ਫੰਡਾਂ ਦੀ ਸੁਚੱਜੀ ਅਤੇ ਨਿਯਮਾਂ ਅਨੁਸਾਰ ਵਰਤੋਂ ਯਕੀਨੀ ਬਣਾਈ ਜਾਵੇ ਤਾਂ ਜੋ ਹਰ ਰੁਪਇਆ ਲੋਕਾਂ ਦੀ ਭਲਾਈ ਲਈ ਖਰਚ ਹੋ ਸਕੇ।

**ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਨਰਿੰਦਰ ਕੌਰ ਭਰਾਜ**

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪੇਂਡੂ ਵਿਕਾਸ ਨੂੰ ਤਰਜੀਹ ਦਿੱਤੀ ਹੈ ਅਤੇ ਹਲਕਾ ਸੰਗਰੂਰ ਦੇ ਕਿਸੇ ਵੀ ਪਿੰਡ ਨੂੰ ਵਿਕਾਸ ਪੱਖੋਂ ਪਿੱਛੇ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਲੋੜਾਂ ਅਤੇ ਤਰਜੀਹਾਂ ਦੇ ਆਧਾਰ 'ਤੇ ਵਿਕਾਸ ਕਾਰਜ ਭਵਿੱਖ ਵਿੱਚ ਵੀ ਇਸੇ ਰਫ਼ਤਾਰ ਨਾਲ ਜਾਰੀ ਰਹਿਣਗੇ। ਇਸ ਮੌਕੇ ਚੰਗਾਲ, ਖਿਲਰੀਆਂ, ਮੰਗਵਾਲ, ਸਾਰੋਂ, ਭਿੰਡਰਾਂ, ਬਾਲੀਆਂ, ਬੰਗਾਵਾਲੀ, ਬਲਿਆਲ, ਭੱਟੀਵਾਲ ਕਲਾਂ, ਭੱਟੀਵਾਲ ਖੁਰਦ, ਬੀਂਬੜ, ਬੀਂਬੜੀ, ਗਹਿਲਾਂ, ਝਨੇੜੀ, ਜੌਲੀਆਂ, ਲੱਖੇਵਾਲ, ਮਾਝੀ, ਮਹਿਸਮਪੁਰ, ਜਲਾਣ, ਭਰਾਜ, ਨਦਾਮਪੁਰ, ਨੰਦਗੜ੍ਹ, ਫੁੰਮਣਵਾਲ, ਸ਼ਾਹਪੁਰ, ਰਾਮਪੁਰਾ, ਫੱਗੂਵਾਲਾ, ਖੇੜੀ ਗਿੱਲਾਂ, ਚੰਨੋ, ਖੇੜੀ ਚੰਦਵਾਂ ਅਤੇ ਹਰਿਕ੍ਰਿਸ਼ਨਪੁਰਾ ਦੀਆਂ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਗ੍ਰਾਂਟਾਂ ਦੇ ਚੈੱਕ ਭੇਟ ਕੀਤੇ ਗਏ।

# ਕਿੱਥੇ ਜਾਣ ਉਹ ਕੁੜੀਆਂ ਜਿਨ੍ਹਾਂ ਦੇ ਨਾ ਸੋਹਰੇ, ਨਾ ਪੇਕੇ ?



ਕਿੱਥੇ ਜਾਣ ਉਹ ਕੁੜੀਆਂ ਜਿਨ੍ਹਾਂ ਦੇ ਨਾ ਸੋਹਰੇ, ਨਾ ਪੇਕੇ ? ਔਰਤ ਦੀ ਹੋਂਦ, ਪਛਾਣ ਅਤੇ ਆਤਮ-ਨਿਰਭਰਤਾ ਉੱਤੇ ਇੱਕ ਗੰਭੀਰ ਵਿਚਾਰ ਸਾਡੇ ਸਮਾਜ ਵਿੱਚ ਇੱਕ ਧੀ ਦਾ ਜਨਮ ਖੁਸ਼ੀ ਦਾ ਮੌਕਾ ਤਾਂ ਮੰਨਿਆ ਜਾਂਦਾ ਹੈ, ਪਰ ਉਸਦੀ ਪਰਵਰਿਸ਼ ਦੇ ਨਾਲ ਹੀ ਉਸਦੇ ਮਨ ਵਿੱਚ ਇੱਕ ਗੱਲ ਬੜੀ ਚੁੱਪਚਾਪ ਵਸਾ ਦਿੱਤੀ ਜਾਂਦੀ ਹੈ—÷ਇਹ ਘਰ ਤੇਰਾ ਨਹੀਂ, ਤੂੰ ਤਾਂ ਪਰਾਇਆ ਧਨ ਹੈਂ।" ਬਚਪਨ ਤੋਂ ਹੀ ਉਸਨੂੰ ਇਹ ਸਮਝਾਇਆ ਜਾਂਦਾ ਹੈ ਕਿ ਇੱਕ ਦਿਨ ਉਸਨੇ ਆਪਣੇ ਪੇਕੇ ਘਰ ਨੂੰ ਛੱਡ ਕੇ ਸੋਹਰੇ ਘਰ ਜਾਣਾ ਹੈ ਅਤੇ ਉਹੀ ਉਸਦਾ ਅਸਲ ਟਿਕਾਣਾ ਹੋਵੇਗਾ। ਵਿਆਹ ਤੋਂ ਬਾਅਦ ਜਦੋਂ ਉਹ ਆਪਣਾ ਸਭ ਕੁਝ ਪਿੱਛੇ ਛੱਡ ਕੇ ਨਵੇਂ ਘਰ ਵਿੱਚ ਕਦਮ ਰੱਖਦੀ ਹੈ ਤਾਂ ਉੱਥੇ ਵੀ ਉਸਨੂੰ ਇਹ ਅਹਿਸਾਸ ਕਰਵਾਇਆ ਜਾਂਦਾ ਹੈ ਕਿ ਇਹ ਘਰ ਉਸਦਾ ਤਾਂ ਹੀ ਹੈ ਜਦੋਂ ਤੱਕ ਉਹ ਸਭ ਦੀਆਂ ਉਮੀਦਾਂ 'ਤੇ ਖਰੀ ਉਤਰਦੀ ਰਹੇ। ਪਰ ਜ਼ਿੰਦਗੀ ਹਮੇਸ਼ਾ ਇੱਕੋ ਜਿਹੀ ਨਹੀਂ ਰਹਿੰਦੀ। ਕਈ ਵਾਰ ਹਾਲਾਤ ਐਸੇ ਬਣ ਜਾਂਦੇ ਹਨ ਕਿ ਇੱਕ ਔਰਤ ਦੇ ਸਿਰ ਤੋਂ ਪੇਕਿਆਂ ਅਤੇ ਸੋਹਰਿਆਂ—ਦੋਵੇਂ ਘਰਾਂ ਦਾ ਸਾਇਆ ਉੱਠ ਜਾਂਦਾ ਹੈ। ਉਦੋਂ ਇੱਕ ਸਵਾਲ ਦਿਲ ਨੂੰ ਝੰਜੋੜਦਾ ਹੈ—ਕਿੱਥੇ ਜਾਣ ਉਹ ਕੁੜੀਆਂ ਜਿਨ੍ਹਾਂ ਦੇ ਨਾ ਸੋਹਰੇ ਰਹੇ, ਨਾ ਪੇਕੇ ? ਇਹ ਸਿਰਫ਼ ਇੱਕ ਔਰਤ ਦਾ ਦਰਦ ਨਹੀਂ, ਸਗੋਂ ਸਾਡੇ ਸਮਾਜ ਦੇ ਉਸ ਢਾਂਚੇ ਦੀ ਹਕੀਕਤ ਹੈ ਜਿਸਨੇ ਅੱਜ ਵੀ ਔਰਤ ਦੀ ਪਛਾਣ ਨੂੰ ਉਸਦੇ ਆਪਣੇ ਨਾਮ ਨਾਲੋਂ ਵੱਧ ਕਿਸੇ ਰਿਸ਼ਤੇ ਨਾਲ ਜੋੜ ਕੇ ਰੱਖਿਆ ਹੋਇਆ ਹੈ। ਧੀ ਦਾ ਘਰ ਆਖ਼ਿਰ ਹੈ ਕਿਹੜਾ ? ਬਚਪਨ ਵਿੱਚ ਪੇਕੇ ਘਰ ਉਸਨੂੰ ਪਰਾਇਆ ਕਹਿ ਦਿੰਦੇ ਹਨ ਅਤੇ ਵਿਆਹ ਤੋਂ ਬਾਅਦ ਸੋਹਰੇ ਕਈ ਵਾਰ ਇਹ ਯਾਦ ਕਰਵਾ ਦਿੰਦੇ ਹਨ ਕਿ ਉਹ ਬਾਹਰੋਂ ਆਈ ਹੈ। ਇਸ ਤਰ੍ਹਾਂ ਉਸਦੀ ਸਾਰੀ ਉਮਰ ਦੋ ਘਰਾਂ ਵਿਚਕਾਰ ਲੰਘ ਜਾਂਦੀ ਹੈ, ਪਰ ਕਈ ਵਾਰ ਦੋਵੇਂ ਘਰ ਹੀ ਉਸਦੇ ਆਪਣੇ ਨਹੀਂ ਬਣਦੇ। ਅਕਸਰ ਜਦੋਂ ਕੋਈ ਔਰਤ ਘਰੇਲੂ ਹਿੰਸਾ, ਦਾਜ਼ ਦੀ ਮੰਗ, ਮਾਨਸਿਕ ਤਸ਼ੱਦਦ, ਅਪਮਾਨ ਜਾਂ ਤਲਾਕ ਵਰਗੀਆਂ ਸਥਿਤੀਆਂ ਦਾ ਸਾਹਮਣਾ ਕਰਦੀ ਹੈ, ਤਾਂ ਉਹ ਸਭ ਤੋਂ ਪਹਿਲਾਂ ਆਪਣੇ ਪੇਕਿਆਂ ਵੱਲ ਉਮੀਦ ਨਾਲ ਦੇਖਦੀ ਹੈ। ਪਰ ਕਈ ਘਰਾਂ ਵਿੱਚ ਉਸਦਾ ਸਵਾਗਤ ਕਰਨ ਦੀ ਬਜਾਏ ਇਹ ਕਿਹਾ ਜਾਂਦਾ ਹੈ, "ਹੁਣ ਤੇਰਾ ਘਰ ਉਹੀ ਹੈ, ਸਹਿ ਕੇ ਰਹਿਣਾ ਸਿੱਖ। ਲੋਕ ਕੀ ਕਹਿਣਗੇ ?" ਜਿਸ ਧੀ ਨੇ ਬਚਪਨ ਉਸ ਘਰ ਵਿੱਚ ਬਿਤਾਇਆ ਹੁੰਦਾ ਹੈ, ਉਹੀ ਘਰ ਕਈ ਵਾਰ ਉਸ ਲਈ ਬੰਦ ਹੋ ਜਾਂਦਾ ਹੈ। ਦੂਜੇ ਪਾਸੇ ਸੋਹਰੇ ਘਰ ਵਿੱਚ ਉਸਨੂੰ ਦੋਸ਼ੀ ਠਹਿਰਾਇਆ ਜਾਂਦਾ ਹੈ। ਫਿਰ ਉਹ ਔਰਤ ਨਾ ਪੇਕਿਆਂ ਦੀ ਰਹਿੰਦੀ ਹੈ ਅਤੇ ਨਾ ਹੀ ਸੋਹਰਿਆਂ ਦੀ। ਉਹ ਸਮਾਜ ਦੇ ਵਿਚਕਾਰ ਖੜ੍ਹੀ ਇੱਕ ਅਜਿਹੀ ਸੱਚਾਈ ਬਣ ਜਾਂਦੀ ਹੈ ਜਿਸਨੂੰ ਹਰ ਕੋਈ ਦੇਖਦਾ ਤਾਂ ਹੈ, ਪਰ ਆਪਣੀ ਜ਼ਿੰਮੇਵਾਰੀ ਨਹੀਂ ਮੰਨਦਾ। ਸਮਾਜ ਦੀ ਮਾਨਸਿਕਤਾ ਹੀ ਸਭ ਤੋਂ ਵੱਡੀ ਸਮੱਸਿਆ ਸਾਡਾ ਸਮਾਜ ਅਜੇ ਵੀ ਬਹੁਤ ਹੱਦ ਤੱਕ ਪੁਰਸ਼-ਪ੍ਰਧਾਨ ਸੋਚ ਨਾਲ ਚੱਲ ਰਿਹਾ ਹੈ। ਕੁੜੀਆਂ ਨੂੰ ਬਚਪਨ ਤੋਂ ਹੀ ਸਹਿਣਾ ਸਿਖਾਇਆ ਜਾਂਦਾ ਹੈ। ਉਨ੍ਹਾਂ ਨੂੰ ਇਹ ਨਹੀਂ ਸਿਖਾਇਆ ਜਾਂਦਾ ਕਿ ਅਨਿਆਂ ਦੇ ਵਿਰੁੱਧ ਕਿਵੇਂ ਖੜ੍ਹਾ ਹੋਣਾ ਹੈ, ਸਗੋਂ ਇਹ ਸਿਖਾਇਆ ਜਾਂਦਾ ਹੈ ਕਿ "ਘਰ ਬਚਾਉਣ ਲਈ ਸਭ ਕੁਝ ਸਹਿਣਾ ਪੈਂਦਾ ਹੈ।" ਇਸੇ ਸੋਚ ਕਾਰਨ ਅਨੇਕਾਂ ਔਰਤਾਂ ਸਾਲਾਂ ਤੱਕ ਜ਼ੁਲਮ ਸਹਿੰਦੀਆਂ ਰਹਿੰਦੀਆਂ ਹਨ। ਉਹ ਆਪਣਾ ਦਰਦ ਇਸ ਲਈ ਲੁਕਾ ਲੈਂਦੀਆਂ ਹਨ ਕਿਉਂਕਿ ਉਨ੍ਹਾਂ ਨੂੰ ਡਰ ਹੁੰਦਾ ਹੈ ਕਿ ਜੇ ਉਹ ਵਾਪਸ ਪੇਕੇ ਚਲੀਆਂ ਗਈਆਂ ਤਾਂ ਲੋਕ ਉਨ੍ਹਾਂ ਨੂੰ ਨਾਕਾਮ ਕਹਿਣਗੇ। ਕਈ ਵਾਰ ਪਰਿਵਾਰ ਦੀ ਇੱਜ਼ਤ ਦੇ ਨਾਮ 'ਤੇ ਧੀ ਦੀ ਜ਼ਿੰਦਗੀ ਦਾਅ 'ਤੇ ਲਾ ਦਿੱਤੀ ਜਾਂਦੀ ਹੈ। ਆਰਥਿਕ ਨਿਰਭਰਤਾ—ਬੇਬਸੀ ਦੀ ਜੜ੍ਹ ਜਦੋਂ ਇੱਕ ਔਰਤ ਆਪਣੇ ਖ਼ਰਚ ਲਈ ਵੀ ਕਿਸੇ ਹੋਰ 'ਤੇ ਨਿਰਭਰ ਹੋਵੇ, ਤਾਂ ਉਸ ਲਈ ਗਲਤ ਹਾਲਾਤਾਂ ਵਿੱਚੋਂ ਬਾਹਰ ਨਿਕਲਣਾ ਬਹੁਤ ਔਖਾ ਹੋ ਜਾਂਦਾ ਹੈ। ਆਰਥਿਕ ਤੌਰ 'ਤੇ ਕਮਜ਼ੋਰ ਔਰਤ ਕੋਲ ਨਾ ਆਪਣਾ ਘਰ ਹੁੰਦਾ ਹੈ, ਨਾ ਆਪਣਾ ਰੋਜ਼ਗਾਰ ਅਤੇ ਨਾ ਹੀ ਆਪਣਾ ਫ਼ੈਸਲਾ ਲੈਣ ਦੀ ਪੂਰੀ ਆਜ਼ਾਦੀ। ਇਸ ਕਾਰਨ ਕਈ ਔਰਤਾਂ ਆਪਣੇ ਸਵੈ-ਸਨਮਾਨ ਦੀ ਕੁਰਬਾਨੀ ਦੇ ਕੇ ਵੀ ਜ਼ੁਲਮ ਸਹਿਣ ਲਈ ਮਜਬੂਰ ਹੋ ਜਾਂਦੀਆਂ ਹਨ। ਕੁਝ ਮਾਨਸਿਕ ਤਣਾਅ ਦਾ ਸ਼ਿਕਾਰ ਹੋ ਜਾਂਦੀਆਂ ਹਨ, ਕੁਝ ਡਿਪ੍ਰੈਸ਼ਨ ਵਿੱਚ ਚਲੀਆਂ ਜਾਂਦੀਆਂ ਹਨ ਅਤੇ ਕੁਝ ਆਪਣੀ ਜ਼ਿੰਦਗੀ ਤੱਕ ਖ਼ਤਮ ਕਰਨ ਵਰਗੇ ਦੁਖਦਾਈ ਕਦਮ ਚੁੱਕ ਲੈਂਦੀਆਂ ਹਨ। ਕੀ ਕੇਵਲ ਔਰਤ ਹੀ ਰਿਸ਼ਤਿਆਂ ਦੀ ਜ਼ਿੰਮੇਵਾਰ ਹੈ ?

ਜਦੋਂ ਵਿਆਹ ਟੁੱਟਦਾ ਹੈ ਜਾਂ ਰਿਸ਼ਤਿਆਂ ਵਿੱਚ ਤਣਾਅ ਆਉਂਦਾ ਹੈ, ਤਾਂ ਸਭ ਤੋਂ ਪਹਿਲਾਂ ਸਵਾਲ ਔਰਤ ਦੇ ਚਰਿੱਤਰ, ਸੁਭਾਅ ਜਾਂ ਪਰਵਰਿਸ਼ 'ਤੇ ਉਠਾਏ ਜਾਂਦੇ ਹਨ। ਬਹੁਤ ਘੱਟ ਮੌਕਿਆਂ 'ਤੇ ਸਮਾਜ ਇਹ ਪੁੱਛਦਾ ਹੈ ਕਿ ਕੀ ਉਸਦੇ ਨਾਲ ਇਨਸਾਫ਼ ਹੋਇਆ ? ਕੀ ਉਸਦੀ ਗੱਲ ਸੁਣੀ ਗਈ ? ਰਿਸ਼ਤਾ ਦੋ ਲੋਕਾਂ ਦਾ ਹੁੰਦਾ ਹੈ, ਪਰ ਉਸਦੀ ਅਸਫਲਤਾ ਦਾ ਭਾਰ ਅਕਸਰ ਇੱਕਲੀ ਔਰਤ ਨੂੰ ਝੱਲਣਾ ਪੈਂਦਾ ਹੈ। ਇਹ ਸੋਚ ਬਦਲਣ ਦੀ ਲੋੜ ਹੈ। ਹੱਲ ਕੀ ਹੈ ? ਇਸ ਗੰਭੀਰ ਸਮੱਸਿਆ ਦਾ ਹੱਲ ਸਿਰਫ਼ ਹਮਦਰਦੀ ਜਤਾਉਣ ਨਾਲ ਨਹੀਂ ਹੋਵੇਗਾ। ਇਸ ਲਈ ਸਮਾਜਿਕ, ਪਰਿਵਾਰਕ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਬਦਲਾਅ ਲਿਆਉਣੇ ਪੈਣਗੇ। ਸਭ ਤੋਂ ਪਹਿਲਾਂ ਹਰ ਧੀ ਨੂੰ ਉੱਚ ਸਿੱਖਿਆ ਅਤੇ ਹੁਨਰ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਪੈਰਾਂ 'ਤੇ ਖੜ੍ਹੀ ਹੋ ਸਕੇ। ਆਰਥਿਕ ਆਜ਼ਾਦੀ ਔਰਤ ਨੂੰ ਆਤਮ-ਵਿਸ਼ਵਾਸ ਦਿੰਦੀ ਹੈ ਅਤੇ ਮੁਸ਼ਕਲ ਵੇਲੇ ਨਵੀਂ ਜ਼ਿੰਦਗੀ ਸ਼ੁਰੂ ਕਰਨ ਦਾ ਹੌਸਲਾ ਵੀ। ਮਾਪਿਆਂ ਨੂੰ ਵੀ ਆਪਣੀ ਸੋਚ ਬਦਲਣੀ ਹੋਵੇਗੀ। ਧੀ ਨੂੰ ਇਹ ਭਰੋਸਾ ਮਿਲਣਾ ਚਾਹੀਦਾ ਹੈ ਕਿ ਪੇਕਿਆਂ ਦਾ ਦਰਵਾਜ਼ਾ ਉਸ ਲਈ ਹਮੇਸ਼ਾ ਖੁੱਲ੍ਹਾ ਹੈ। ਧੀ ਦਾ ਘਰ ਕਦੇ ਵੀ ਉਸ ਤੋਂ ਖੋਹਿਆ ਨਹੀਂ ਜਾਣਾ ਚਾਹੀਦਾ। ਸਰਕਾਰ ਅਤੇ ਸਮਾਜਿਕ ਸੰਸਥਾਵਾਂ ਨੂੰ ਵੀ ਬੇਸਹਾਰਾ ਔਰਤਾਂ ਲਈ ਸੁਰੱਖਿਅਤ ਸ਼ੈਲਟਰ ਹੋਮ, ਕਾਨੂੰਨੀ ਸਹਾਇਤਾ, ਮੁਫ਼ਤ ਸਲਾਹ-ਮਸ਼ਵਰਾ, ਮਨੋਵਿਗਿਆਨਕ ਸਹਾਇਤਾ ਅਤੇ ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣੇ ਚਾਹੀਦੇ ਹਨ ਤਾਂ ਜੋ ਕੋਈ ਵੀ ਔਰਤ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰੇ। ਧੀਆਂ ਨੂੰ ਜਾਇਦਾਦ ਵਿੱਚ ਬਰਾਬਰੀ ਦਾ ਹੱਕ ਕਾਨੂੰਨ ਧੀਆਂ ਨੂੰ ਪਿਤਾ ਦੀ ਜਾਇਦਾਦ ਵਿੱਚ ਬਰਾਬਰ ਦਾ ਹੱਕ ਦਿੰਦਾ ਹੈ, ਪਰ ਅਮਲ ਵਿੱਚ ਅਜੇ ਵੀ ਬਹੁਤ ਸਾਰੀਆਂ ਧੀਆਂ ਆਪਣੇ ਹੱਕ ਤੋਂ ਵਾਂਝੀਆਂ ਰਹਿ ਜਾਂਦੀਆਂ ਹਨ। ਜੇ ਹਰ ਧੀ ਨੂੰ ਉਸਦਾ ਕਾਨੂੰਨੀ ਹੱਕ ਅਤੇ ਆਰਥਿਕ ਸੁਰੱਖਿਆ ਮਿਲੇ, ਤਾਂ ਉਸਦੀ ਜ਼ਿੰਦਗੀ ਵਿੱਚ ਬਹੁਤ ਵੱਡਾ ਬਦਲਾਅ ਆ ਸਕਦਾ ਹੈ। ਔਰਤ ਦੀ ਪਛਾਣ ਰਿਸ਼ਤਿਆਂ ਨਾਲ ਨਹੀਂ, ਉਸਦੇ ਵਜੂਦ ਨਾਲ ਹੋਣੀ ਚਾਹੀਦੀ ਹੈ ਸਮਾਂ ਆ ਗਿਆ ਹੈ ਕਿ ਅਸੀਂ ਆਪਣੀ ਸੋਚ ਬਦਲੀਏ। ਇੱਕ ਔਰਤ ਦੀ ਪਛਾਣ ਸਿਰਫ਼ ਕਿਸੇ ਦੀ ਧੀ, ਪਤਨੀ ਜਾਂ ਨੂੰਹ ਹੋਣ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ। ਉਹ ਇੱਕ ਸੰਪੂਰਨ ਇਨਸਾਨ ਹੈ, ਜਿਸਦੇ ਆਪਣੇ ਸੁਪਨੇ, ਆਪਣੀ ਮਿਹਨਤ, ਆਪਣੀ ਸੋਚ ਅਤੇ ਆਪਣੀ ਪਛਾਣ ਹੈ। ਜਿਸ ਦਿਨ ਸਮਾਜ ਇਹ ਸਵੀਕਾਰ ਕਰ ਲਵੇਗਾ ਕਿ ਔਰਤ ਕਿਸੇ ਘਰ ਦੀ "ਮਹਿਮਾਨ" ਨਹੀਂ, ਸਗੋਂ ਆਪਣੀ ਜ਼ਿੰਦਗੀ ਦੀ ਮਾਲਕ ਹੈ, ਉਸ ਦਿਨ ਇਹ ਸਵਾਲ ਆਪਣੇ ਆਪ ਖ਼ਤਮ ਹੋ ਜਾਵੇਗਾ ਕਿ "ਉਹ ਕਿੱਥੇ ਜਾਵੇ ?" ਕਿਸੇ ਵੀ ਸਭਿਆਚਾਰਕ ਸਮਾਜ ਦੀ ਪਹਿਚਾਣ ਇਸ ਗੱਲ ਨਾਲ ਹੁੰਦੀ ਹੈ ਕਿ ਉਹ ਆਪਣੇ ਸਭ ਤੋਂ ਕਮਜ਼ੋਰ ਸਮਝੇ ਜਾਣ ਵਾਲੇ ਵਰਗ ਨੂੰ ਕਿੰਨੀ ਇੱਜ਼ਤ, ਸੁਰੱਖਿਆ ਅਤੇ ਬਰਾਬਰੀ ਦਿੰਦਾ ਹੈ। ਜੇ ਅੱਜ ਵੀ ਕੋਈ ਔਰਤ ਆਪਣੇ ਹੀ ਸਮਾਜ ਵਿੱਚ ਇਹ ਸੋਚਣ ਲਈ ਮਜਬੂਰ ਹੈ ਕਿ ਉਸਦਾ ਆਪਣਾ ਘਰ ਕਿਹੜਾ ਹੈ, ਤਾਂ ਇਹ ਸਿਰਫ਼ ਉਸਦੀ ਨਹੀਂ, ਸਾਡੇ ਪੂਰੇ ਸਮਾਜ ਦੀ ਅਸਫਲਤਾ ਹੈ। ਹਰ ਧੀ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਉਸਦੀ ਹੋਂਦ ਕਿਸੇ ਰਿਸ਼ਤੇ ਦੀ ਮੁਹਤਾਜ ਨਹੀਂ। ਉਸਦਾ ਸਭ ਤੋਂ ਵੱਡਾ ਆਸਰਾ ਉਸਦੀ ਸਿੱਖਿਆ, ਉਸਦੀ ਮਿਹਨਤ, ਉਸਦਾ ਆਤਮ-ਵਿਸ਼ਵਾਸ ਅਤੇ ਉਸਦਾ ਸਵੈ-ਸਨਮਾਨ ਹੈ। ਜਦੋਂ ਅਸੀਂ ਧੀਆਂ ਨੂੰ ਇਹ ਵਿਸ਼ਵਾਸ ਦੇਵਾਂਗੇ ਕਿ ਉਹ ਆਪਣਾ ਆਕਾਸ਼ ਆਪ ਸਿਰਜ ਸਕਦੀਆਂ ਹਨ, ਤਦੋਂ ਹੀ ਉਹ ਦਿਨ ਆਵੇਗਾ ਜਦੋਂ ਕਿਸੇ ਵੀ ਔਰਤ ਨੂੰ ਇਹ ਨਹੀਂ ਪੁੱਛਣਾ ਪਵੇਗਾ ਕਿੱਥੇ ਜਾਣ ਉਹ ਕੁੜੀਆਂ ਜਿਨ੍ਹਾਂ ਦੇ ਨਾ ਸੋਹਰੇ, ਨਾ ਪੇਕੇ ?" ਜਸਵੰਤ ਕੌਰ ਜੱਸ ?? ਸੋਚਣ ਲਈ ਮਜਬੂਰ ਹੈ ਕਿ ਉਸਦਾ ਆਪਣਾ ਘਰ ਕਿਹੜਾ ਹੈ, ਤਾਂ ਇਹ ਸਿਰਫ਼ ਉਸਦੀ ਨਹੀਂ, ਸਾਡੇ ਪੂਰੇ ਸਮਾਜ ਦੀ ਅਸਫਲਤਾ ਹੈ। ਹਰ ਧੀ ਨੂੰ ਇਹ ਅਹਿਸਾਸ ਹੋਣਾ ਚਾਹੀਦਾ ਹੈ ਕਿ ਉਸਦੀ ਹੋਂਦ ਕਿਸੇ ਰਿਸ਼ਤੇ ਦੀ ਮੁਹਤਾਜ ਨਹੀਂ। ਉਸਦਾ ਸਭ ਤੋਂ ਵੱਡਾ ਆਸਰਾ ਉਸਦੀ ਸਿੱਖਿਆ, ਉਸਦੀ ਮਿਹਨਤ, ਉਸਦਾ ਆਤਮ-ਵਿਸ਼ਵਾਸ ਅਤੇ ਉਸਦਾ ਸਵੈ-ਸਨਮਾਨ ਹੈ। ਜਦੋਂ ਅਸੀਂ ਧੀਆਂ ਨੂੰ ਇਹ ਵਿਸ਼ਵਾਸ ਦੇਵਾਂਗੇ ਕਿ ਉਹ ਆਪਣਾ ਆਕਾਸ਼ ਆਪ ਸਿਰਜ ਸਕਦੀਆਂ ਹਨ, ਤਦੋਂ ਹੀ ਉਹ ਦਿਨ ਆਵੇਗਾ ਜਦੋਂ ਕਿਸੇ ਵੀ ਔਰਤ ਨੂੰ ਇਹ ਨਹੀਂ ਪੁੱਛਣਾ ਪਵੇਗਾ ਕਿੱਥੇ ਜਾਣ ਉਹ ਕੁੜੀਆਂ ਜਿਨ੍ਹਾਂ ਦੇ ਨਾ ਸੋਹਰੇ, ਨਾ ਪੇਕੇ ?"

**-ਜਸਵੰਤ ਕੌਰ ਜੱਸ**

# 27ਵਾ ਕਾਰਗਿਲ ਵਿਜੈ ਦਿਵਸ ਸ਼ਹੀਦ ਪ੍ਰੀਵਾਰਾਂ ਨੂੰ ਕੀਤਾ ਸਨਮਾਨਿਤ, ਲਾਇਆ ਅੱਖਾਂ ਦਾ ਮੁਫ਼ਤ ਉਪਰੇਸ਼ਨ ਕੈਂਪ - ਕੈਪਟਨ ਸਿੱਧੂ



**ਬਰਨਾਲਾ 27 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਤਪ ਅਸਥਾਨ ਬੀਬੀ ਪ੍ਰਧਾਨ ਕੌਰ ਵਿੱਖੇ ਬਹੁਤ ਹੀ ਸ਼ਰਧਾ ਅਤੇ ਧੂਮ ਧਾਮ ਨਾਲ ਸੈਨਿਕ ਵਿੰਗ ਜਿਲ੍ਹਾ ਬਰਨਾਲਾ ਵੱਲੋ 27ਵਾ ਕਾਰਗਿਲ ਵਿਜੇ ਦਿਵਸ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਮਨਾਇਆ ਗਿਆ ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆ ਸੂਬੇਦਾਰ ਮੇਜਰ ਰਾਜ ਸਿੰਘ ਨੇ ਦੱਸਿਆ ਕਿ ਇਸ ਮੌਕੇ ਜ਼ਿਲਾ ਬਰਨਾਲਾ ਦੇ 20 ਜੰਗੀ ਸ਼ਹੀਦ ਪ੍ਰੀਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਬੁਲਾਰਿਆਂ ਨੇ ਅੱਜ ਦੇ ਦਿਨ ਦੀ ਮਹੱਤਤਾ ਬਾਬਤ ਜਾਣਕਾਰੀ ਦਿੱਤੀ ਅਤੇ ਦਰਾਸ ਦੀ ਕਾਰਗਿਲ ਪਹਾੜੀ ਤੇ ਕਾਰਗਿਲ ਲੜਾਈ ਵਿੱਚ ਫੋਜੀ ਵੀਰ ਜਿਨ੍ਹਾਂ ਨੇ ਪਾਕਿਸਤਾਨੀ ਫੌਜਾਂ ਨੂੰ ਭਜਾ ਕੇ ਜਿੱਤ ਦਾ ਤਿਰੰਗਾ ਲਹਿਰਾਇਆ ਅਤੇ ਇਸ ਲੜਾਈ ਵਿੱਚ 527 ਫੋਜੀ ਵੀਰਾ ਨੇ ਸ਼ਹਾਦਤ ਦਾ ਜਾਮ ਪੀਤਾ ਇਸ ਪ੍ਰੋਗਰਾਮ ਵਿੱਚ ਉਹਨਾਂ ਸ਼ਹੀਦਾ ਨੂੰ ਭਉ ਭਿਨ ਸਰਧਾਂਜਲੀ ਭੇਟ ਕੀਤੀ ਗਈ ਜਿਲ੍ਹੇ ਦੇ ਹਰ ਇਕ ਸ਼ਹੀਦ ਪਰਿਵਾਰ ਨੂੰ ਸਿਲਾਈ ਮਸ਼ੀਨ ਭੇਟ ਕੀਤੀ ਗਈ ਸੈਨਿਕ ਵਿੰਗ ਵੱਲੋ ਅੱਖਾਂ ਦਾ ਮੁਫ਼ਤ ਉਪਰੇਸ਼ਨ ਕੈਂਪ ਡਾਕਟਰ ਗੁਰਪਾਲ ਸਿੰਘ ਪੰਜਾਬ ਆਈ ਕਲੀਨਿਕ ਦੇ ਡਾਕਟਰਾਂ ਦੀ ਟੀਮ ਵੱਲੋਂ ਲਗਾਇਆ ਗਿਆ 250 ਮਰੀਜਾ ਨੂੰ ਚੈੱਕ ਕਰਕੇ ਦਵਾਈਆਂ ਦਿੱਤੀਆਂ ਗਈਆ ਅਤੇ 45 ਲੋਕਾ ਦੇ ਆਪਰੇਸ਼ਨ ਕਰਕੇ ਅੱਖਾਂ ਵਿੱਚ ਲੇਂਜ ਪਾਏ ਗਏ ਹਾਜ਼ਰੀਨ ਨੂੰ ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ ਸੰਤ ਬਲਬੀਰ ਸਿੰਘ ਘੁੰਨਸ ਮਿਸਜ਼ ਰਾਜਪ੍ਰੀਤ ਕੌਰ ਢਿੱਲੋਂ ਸੂਬੇਦਾਰ ਪਰਮਜੀਤ ਸਿੰਘ ਢੀਂਡਸਾ ਸੂਬੇਦਾਰ ਸੁਖਦੇਵ ਸਿੰਘ ਕਿਲ੍ਹਾ ਹਕੀਮਾਂ ਅਤੇ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਸੰਬੋਧਨ ਕੀਤਾ ਇਸ ਮੌਕੇ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਸੂਬੇਦਾਰ ਧੰਨਾ ਸਿੰਘ ਕੈਪਟਨ ਬਿੱਕਰ ਸਿੰਘ ਕੈਪਟਨ ਵਿਕਰਮ ਸਿੰਘ ਸੂਬੇਦਾਰ ਜਗਸੀਰ ਸਿੰਘ ਸੂਬੇਦਾਰ ਜਗਮੇਲ ਸਿੰਘ ਸੂਬੇਦਾਰ ਗੁਰਮੇਲ ਸਿੰਘ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਸੂਬੇਦਾਰ ਹਰਜਿੰਦਰ ਸਿੰਘ ਸੂਬੇਦਾਰ ਸੌਦਾਗਰ ਸਿੰਘ ਸੂਬੇਦਾਰ ਮੇਜਰ ਅਮਰਜੀਤ ਸਿੰਘ ਹੌਲਦਾਰ ਸੂਬੇਦਾਰ ਇੰਦਰਜੀਤ ਸਿੰਘ ਬਸੰਤ ਸਿੰਘ ਉੱਗੋਕੇ ਹੌਲਦਾਰ ਰੂਪ ਸਿੰਘ ਮਹਿਤਾ ਹੌਲਦਾਰ ਬਲਦੇਵ ਸਿੰਘ ਕੇਵਲ ਸਿੰਘ ਵੀਨਸ ਹੌਲਦਾਰ ਜਰਨੈਲ ਸਿੰਘ ਹਾਜਰ ਸਨ।

# ਐਲ.ਏ.ਡੀ.ਸੀ ਵਿਰੁੱਧ 24 ਘੰਟੇ ਦੀ ਭੁੱਖ ਹੜਤਾਲ ਸ਼ੁਰੂ—ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਨੇ ਜੰਮ ਕੇ ਕੀਤਾ ਵਿਰੋਧ





**ਫ਼ਿਰੋਜ਼ਪੁਰ, 27 ਜੁਲਾਈ (ਮਨੋਹਰ ਲਾਲ)** :— ਲੀਗਲ ਏਡ ਡਿਫੈਂਸ ਕੌਂਸਲ ਨੀਤੀ ਖਿਲਾਫ ਚੱਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਡਿਸਟ੍ਰਿਕਟ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਵਕੀਲਾਂ ਵੱਲੋਂ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ। ਰੋਹ ਜ਼ਾਹਿਰ ਕਰਦਿਆਂ ਵਕੀਲ ਭਾਈਚਾਰੇ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 24 ਘੰਟੇ ਦੀ ਲੜੀਵਾਰ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਲਵਜੀਤ ਪਾਲ ਸਿੰਘ ਟੁਰਨਾ ਪ੍ਰਧਾਨ ਬਾਰ ਕੌਂਸਲ ਫ਼ਿਰੋਜ਼ਪੁਰ ਨੇ ਦੱਸਿਆ ਕਿ 24 ਘੰਟੇ ਵਾਲੀ ਭੁੱਖ ਹੜਤਾਲ ਸੋਮਵਾਰ ਸਵੇਰੇ 10:00 ਵਜੇ ਪੂਰੇ ਉਤਸ਼ਾਹ ਨਾਲ ਸ਼ੁਰੂ ਕੀਤੀ ਗਈ ਹੈ ਅਤੇ ਅੱਜ ਸ਼ੁਰੂ ਹੋਈ ਭੁੱਖ ਹੜਤਾਲ ਮੰਗਲਵਾਰ ਤੱਕ ਜਾਰੀ ਰਹੇਗੀ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਸਮਾਂ ਰਹਿੰਦਿਆਂ ਐਲ.ਏ.ਡੀ.ਸੀ ਨੀਤੀ ਦਾ ਹੱਲ ਨਾ ਕੀਤਾ ਗਿਆ ਤਾਂ ਵਕੀਲ ਭਾਈਚਾਰਾ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜ਼ਬੂਰ ਹੋਵੇਗਾ। ਉਨ੍ਹਾਂ ਕਿਹਾ ਕਿ ਐਲ.ਏ.ਡੀ.ਸੀ ਨੀਤੀ ਵਕੀਲ ਭਾਈਚਾਰੇ ਦੇ ਹਿੱਤਾਂ ਦੇ ਵਿਰੁੱਧ ਹੈ ਅਤੇ ਇਸ ਦਾ ਉਨ੍ਹਾਂ ਦੇ ਪੇਸ਼ੇਵਰ ਅਧਿਕਾਰਾਂ ਤੇ ਅਸਰ ਪੈ ਰਿਹਾ ਹੈ, ਜਿਸ ਕਰਕੇ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਅਖਤਿਆਰ ਕਰਨਾ ਪਿਆ। ਗੱਲਬਾਤ ਕਰਦਿਆਂ ਬਾਰ ਪ੍ਰਧਾਨ ਲਵਜੀਤ ਪਾਲ ਸਿੰਘ ਟੁਰਨਾ ਨੇ ਕਿਹਾ ਕਿ ਇਸ ਤੋਂ ਵੱਡੀ ਮਾਣ ਵਾਲੀ ਗੱਲ ਕੀ ਹੋਵੇਗੀ ਕਿ ਐਲ.ਏ.ਡੀ.ਸੀ ਨੀਤੀ ਦੇ ਵਿਰੋਧ ਵਿਚ ਡਟਦਿਆਂ ਵੱਡੀ ਗਿਣਤੀ ਵਕੀਲਾਂ ਵੱਲੋਂ 24 ਘੰਟੇ ਦੀ ਭੁੱਖ ਹੜਤਾਲ ਸ਼ੁਰੂ ਕੀਤੀ ਗਈ, ਜਿਸ ਵਿਚ ਐਡਵੋਕੇਟ ਗੁਰਸਿਮਰਨ ਢਿੱਲੋਂ, ਐਡਵੋਕੇਟ ਵਰਿੰਦਰ ਸਿੰਘ ਸਰਾਂਸਰਾਓ, ਐਡਵੋਕੇਟ ਰਮਨਦੀਪ ਬਾਠ, ਐਡਵੋਕੇਟ ਵਿਕਾਸ ਧਵਨ, ਐਡਵੋਕੇਟ ਬਲਦੀਪ ਗਿੱਲ, ਐਡਵੋਕੇਟ ਸੁਖਪਾਲ ਸਿੰਘ, ਐਡਵੋਕੇਟ ਗੁਰਸਾਹਿਬ ਸਿੰਘ ਮੱਲ, ਐਡਵੋਕੇਟ ਬਲਰਾਜ ਸਿੰਘ ਨੇ 24 ਘੰਟੇ ਦੀ ਭੁੱਖ ਹੜਤਾਲ ਵਿਚ ਸ਼ਿਰਕਤ ਕਰਕੇ ਇਸ ਦਾ ਆਗਾਜ਼ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਵੱਲੋਂ ਭੁੱਖ ਹੜਤਾਲ ਤੇ ਬੈਠੇ ਇਨ੍ਹਾਂ ਸਾਰੇ ਵਕੀਲਾਂ ਦੇ ਸਾਹਸ, ਸਮਰਪਣ ਅਤੇ ਵਚਨਬੱਧਤਾ ਦੀ ਪੁਰਜ਼ੋਰ ਸ਼ਲਾਘਾ ਕਰਨੀ ਬਣਦੀ ਹੈ, ਜਿਨ੍ਹਾਂ ਦਾ ਮੈਂ ਬਤੌਰ ਧੰਨਵਾਦ ਵੀ ਕਰਦਾ ਹਾਂ। ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਕਿ ਵਕੀਲ ਭਾਈਚਾਰੇ ਦੀ ਏਕਤਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਹ ਇੱਕਜੁੱਟ ਹੋ ਕੇ ਆਪਣੇ ਹੱਕਾਂ ਦੀ ਲੜਾਈ ਲੜਨਗੇ ਅਤੇ ਇਸ ਸੰਘਰਸ਼ ਵਿੱਚ ਜਿੱਤ ਪ੍ਰਾਪਤ ਕਰਨਗੇ। ਇਸ ਰੋਸ ਧਰਨੇ ਵਿਚ ਸਤੀਸ਼ ਸਭਰਵਾਲ ਐਡਵੋਕੇਟ, ਅਸ਼ਵਨੀ ਕੁਮਾਰ ਢੀਂਗੜਾ, ਸੱਤਪਾਲ ਪਰਿੰਜਾ, ਮੋਹਨ ਸਿੰਘ ਐਡਵੋਕੇਟ, ਡਾਕਟਰ ਸੁਸ਼ੀਲ ਰਹੇਜਾ ਐਡਵੋਕੇਟ, ਸਾਬਕਾ ਪ੍ਰਧਾਨ ਐਡਵੋਕੇਟ ਜਸਦੀਪ ਸਿੰਘ ਕੰਬੋਜ਼, ਐਡਵੋਕੇਟ ਅਸ਼ੋਕ ਰਹੇਜਾ ਨੇ ਬੋਲਦਿਆਂ ਕਿਹਾ ਕਿ ਪੜ੍ਹੀ—ਲਿਖੀ ਜਮਾਤ ਨਾਲ ਅਜਿਹਾ ਵਤੀਰਾ ਕਰਨਾ ਨਿੰਦਣਯੋਗ ਹੈ। ਅਖ਼ਰ ਵਿਚ ਬੋਲਦਿਆਂ ਪ੍ਰਧਾਨ ਲਵਜੀਤ ਪਾਲ ਸਿੰਘ ਟੂਰਨਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨੇ ਕਿਹਾ ਕਿ ਜਦੋਂ ਤੱਕ ਸਾਡੀਆਂ ਇਹ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਸੀਂ ਇਸੇ ਤਰ੍ਹਾਂ ਹੀ ਭੁੱਖ ਹੜਤਾਲ ਤੇ ਬੈਠਾਂਗੇ

ਹਾਈਕੋਰਟ ਦੀਆਂ ਸਖ਼ਤ ਟਿੱਪਣੀਆਂ ਨਾਲ

# ਮਾਨ ਸਰਕਾਰ ਦੀ ਮਾਈਨਿੰਗ ਨੀਤੀ ਪਰਦਾਫਾਸ਼ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿੱਚ ਕੀਤੀ ਜਾ ਰਹੀ ਕਥਿਤ ਗੈਰ-ਕਾਨੂੰਨੀ ਮਾਈਨਿੰਗ ਸਬੰਧੀ ਕੀਤੀਆਂ ਗਈਆਂ ਸਖ਼ਤ ਟਿੱਪਣੀਆਂ ਅਤੇ ਸਰਕਾਰ ਦੀ ਮਾਈਨਿੰਗ ਨੀਤੀ ਉੱਤੇ ਉਠਾਏ ਗਏ ਗੰਭੀਰ ਸਵਾਲੀਆ ਨਿਸ਼ਾਨ ਨੇ ਭਾਜਪਾ ਵੱਲੋਂ ਭਗਵੰਤ ਮਾਨ ਸਰਕਾਰ 'ਚ ਵੱਡੇ ਪੱਧਰ 'ਤੇ ਗੈਰ-ਕਾਨੂੰਨੀ ਮਾਈਨਿੰਗ ਹੋਣ ਦੇ ਦਾਅਵਿਆਂ ਨੂੰ ਪੁਖ਼ਤਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਮਾਨ ਸਰਕਾਰ ਦੇ ਦਾਅਵੇ ਅਨੁਸਾਰ ਪੰਜਾਬ ਵਿੱਚ ਗੈਰ-ਕਾਨੂੰਨੀ ਮਾਈਨਿੰਗ 'ਤੇ ਪੂਰੀ ਤਰ੍ਹਾਂ ਕਾਬੂ ਪਾ ਲਿਆ ਗਿਆ ਹੈ ਤਾਂ ਫਿਰ ਹਾਈਕੋਰਟ ਨੂੰ ਇੱਕ ਤੋਂ ਬਾਅਦ ਇੱਕ ਮਾਮਲਿਆਂ ਵਿੱਚ ਦਖ਼ਲ ਕਿਉਂ ਦੇਣਾ ਪੈ ਰਿਹਾ ਹੈ? ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਮਾਨ 'ਤੇ ਤਿੱਖਾ ਸ਼ਬਦੀ ਹਮਲਾ ਕਰਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਮੋਗਾ ਦੀ ਰੈਲੀ ਵਿੱਚ ਅਰਵਿੰਦ ਕੇਜਰੀਵਾਲ ਨੇ ਕਾਂਗਰਸ ਸਰਕਾਰ 'ਤੇ ਪੰਜਾਬ ਦੀ ਗੈਰ-ਕਾਨੂੰਨੀ ਮਾਈਨਿੰਗ ਦਾ ਪੈਸਾ "ਉੱਪਰ ਤੱਕ" ਪਹੁੰਚਣ ਦੇ ਦੋਸ਼ ਲਗਾਏ ਸਨ। ਉਨ੍ਹਾਂ ਇਹ ਵੀ ਦਾਅਵਾ ਕੀਤਾ ਸੀ ਕਿ ਪੰਜਾਬ ਦੀ ਮਾਈਨਿੰਗ ਤੋਂ ਹਰ ਸਾਲ ?20,000 ਕਰੋੜ ਦੀ ਆਮਦਨ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਤੋਂ ਸਿੱਧਾ ਜਵਾਬ ਮੰਗ ਰਹੇ ਹਨ ਕਿ ਜੇ ਪੰਜਾਬ ਦੀ ਮਾਈਨਿੰਗ ਵਿੱਚ ?20,000 ਕਰੋੜ ਦੀ ਸਾਲਾਨਾ ਆਮਦਨ ਦੀ ਸਮਰੱਥਾ ਸੀ ਤਾਂ ਅੱਜ ਸਰਕਾਰੀ ਖ਼ਜ਼ਾਨੇ ਵਿੱਚ ਕੇਵਲ ਦੋ-ਤਿੰਨ ਸੌ ਕਰੋੜ ਰੁਪਏ ਹੀ ਕਿਉਂ ਆ ਰਹੇ ਹਨ? ਬਾਕੀ ਹਜ਼ਾਰਾਂ ਕਰੋੜ ਰੁਪਏ ਦਾ ਹਿਸਾਬ ਕੌਣ ਦੇਵੇਗਾ? ਅਤੇ ਜਿਸ ਪੈਸੇ ਬਾਰੇ ਕਦੇ ਕੇਜਰੀਵਾਲ ਕਹਿੰਦੇ ਸਨ ਕਿ ਉਹ "ਉੱਪਰ ਤੱਕ" ਜਾਂਦਾ ਹੈ, ਅੱਜ ਉਹ ਪੈਸਾ ਕਿਸ-ਕਿਸ ਤੱਕ ਪਹੁੰਚ ਰਿਹਾ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੀ ਰਿਪੋਰਟ ਦੇ ਆਧਾਰ 'ਤੇ ਪਠਾਨਕੋਟ ਅਤੇ ਗੁਰਦਾਸਪੁਰ ਦੇ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਮਾਈਨਿੰਗ ਅਤੇ ਭਾਰੀ ਮਸ਼ੀਨਰੀ ਦੀ ਮੌਜੂਦਗੀ ਦਾ ਖ਼ੁਲਾਸਾ ਹੋਇਆ ਹੈ। ਅਦਾਲਤ ਨੇ ਡਿਪਟੀ ਕਮਿਸ਼ਨਰਾਂ ਅਤੇ ਜ਼ਿਲ੍ਹਾ ਮਾਈਨਿੰਗ ਅਫ਼ਸਰਾਂ ਨੂੰ ਤੁਰੰਤ ਕਥਿਤ ਗੈਰ-ਅਧਿਕਾਰਤ ਮਾਈਨਿੰਗ ਰੋਕਣ, ਪੂਰੇ ਖੇਤਰਾਂ ਦੀ ਵੀਡੀਓਗ੍ਰਾਫੀ ਕਰਵਾਉਣ ਅਤੇ ਸਥਿਤੀ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਹਨ। ਇੱਥੋਂ ਤੱਕ ਕਿ ਅਦਾਲਤ ਨੇ ਇਹ ਵੀ ਚੇਤਾਵਨੀ ਦਿੱਤੀ ਹੈ ਕਿ ਹੁਕਮਾਂ ਦੀ ਉਲੰਘਣਾ ਹੋਣ 'ਤੇ ਸੰਬੰਧਿਤ ਅਧਿਕਾਰੀਆਂ ਦੀ ਨਿੱਜੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ। ਅਦਾਲਤ ਦੀਆਂ ਟਿੱਪਣੀਆਂ ਪੰਜਾਬ ਦੇ ਕੁਦਰਤੀ ਸਰੋਤਾਂ ਦੀ ਸੁਰੱਖਿਆ ਅਤੇ ਕਥਿਤ ਗੈਰ-ਕਾਨੂੰਨੀ ਖਨਨ ਨੂੰ ਲੈ ਕੇ ਗੰਭੀਰ ਚਿੰਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਨਾਲ ਸੰਬੰਧਿਤ ਮਾਮਲੇ ਵਿੱਚ ਵੀ ਹਾਈਕੋਰਟ ਨੇ ਕਥਿਤ ਗੈਰ-ਕਾਨੂੰਨੀ ਮਾਈਨਿੰਗ, ਪਹਾੜੀਆਂ ਦੇ ਵੱਡੇ ਪੱਧਰ 'ਤੇ ਕਟਾਅ ਅਤੇ ਦਰਜਨਾਂ ਸਟੋਨ ਕ੍ਰਸ਼ਰਾਂ ਦੇ ਸੰਚਾਲਨ ਸਬੰਧੀ ਉੱਠੇ ਜਨਹਿੱਤ ਦੇ ਮੁੱਦਿਆਂ ਨੂੰ ਬੇਹੱਦ ਗੰਭੀਰਤਾ ਨਾਲ ਲੈਂਦਿਆਂ ਸਰਕਾਰ ਤੋਂ ਵਿਸਥਾਰਪੂਰਵਕ ਸਥਿਤੀ ਰਿਪੋਰਟ ਤਲਬ ਕੀਤੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੀਆਂ ਨਦੀਆਂ, ਪਹਾੜੀਆਂ ਅਤੇ ਖਣਿਜ ਸੰਪਦਾ ਕਿਸੇ ਸਰਕਾਰ ਦੀ ਜਗੀਰ ਨਹੀਂ, ਸਗੋਂ ਪੰਜਾਬ ਦੇ ਲੋਕਾਂ ਦੀ ਸਾਂਝੀ ਵਿਰਾਸਤ ਹਨ। ਜੇ ਇਨ੍ਹਾਂ ਸਰੋਤਾਂ ਦੀ ਲੁੱਟ ਬਾਰੇ ਲਗਾਤਾਰ ਸਵਾਲ ਉੱਠ ਰਹੇ ਹਨ ਅਤੇ ਹਾਈਕੋਰਟ ਨੂੰ ਦਖ਼ਲ ਦੇਣਾ ਪੈ ਰਿਹਾ ਹੈ ਤਾਂ ਸਰਕਾਰ ਨੂੰ ਜਵਾਬਦੇਹ ਬਣਨਾ ਹੀ ਪਵੇਗਾ। ਉਨ੍ਹਾਂ ਸਵਾਲ ਕੀਤਾ ਕਿ ਕੀ ਰਾਵੀ ਅਤੇ ਹੋਰ ਖੇਤਰਾਂ ਵਿੱਚ ਹੋ ਰਹੀ ਕਥਿਤ ਗੈਰ-ਕਾਨੂੰਨੀ ਮਾਈਨਿੰਗ ਨੂੰ ਸੱਤਾਧਾਰੀ ਧਿਰ ਦੀ ਸਰਪ੍ਰਸਤੀ ਪ੍ਰਾਪਤ ਹੈ? ਜੇ ਸਭ ਕੁਝ ਕਾਨੂੰਨ ਅਨੁਸਾਰ ਹੋ ਰਿਹਾ ਹੈ ਤਾਂ ਹਾਈਕੋਰਟ ਨੂੰ ਵਾਰ-ਵਾਰ ਦਖ਼ਲ ਦੇਣ ਦੀ ਲੋੜ ਕਿਉਂ ਪੈ ਰਹੀ ਹੈ? ਪੰਜਾਬ ਦੇ ਕੁਦਰਤੀ ਸਰੋਤਾਂ ਦੀ ਰੱਖਿਆ ਲਈ ਸਰਕਾਰ ਨੇ ਹੁਣ ਤੱਕ ਕਿਹੜੀ ਠੋਸ ਕਾਰਵਾਈ ਕੀਤੀ ਹੈ? ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਕੁਦਰਤੀ ਸਰੋਤਾਂ ਦੀ ਸੁਰੱਖਿਆ, ਪਾਰਦਰਸ਼ੀ ਸ਼ਾਸਨ ਅਤੇ ਹਰ ਪੈਸੇ ਦਾ ਹਿਸਾਬ ਜਾਣਨ ਦੇ ਹੱਕਦਾਰ ਹਨ।

**☛ ਮਾਨ ਸਰਕਾਰ ਨੇ ਗੈਰ-ਕਾਨੂੰਨੀ ਮਾਈਨਿੰਗ 'ਤੇ ਕਾਬੂ ਪਾ ਲਿਆ ਹੈ ਤਾਂ ਹਾਈਕੋਰਟ ਨੂੰ ਵਾਰ-ਵਾਰ ਦਖ਼ਲ ਕਿਉਂ ਦੇਣਾ ਪੈ ਰਿਹਾ ਹੈ? ☛ ਕੇਜਰੀਵਾਲ ਦੱਸਣ, ਪੰਜਾਬ ਦੀ ਮਾਈਨਿੰਗ ਦਾ ਪੈਸਾ ਅੱਜ ਕਿਸ-ਕਿਸ ਤੱਕ ਪਹੁੰਚ ਰਿਹਾ ਹੈ?**

ਦਲਿਤ ਸਮਾਜ ਦੇ ਹੱਕਾਂ ਦੀ ਲੜਾਈ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ : ਪੱਧਰੀ ਅਤੇ ਡੱਡੂਆਣਾਂ

# ਪੰਜਾਬ ਵਿੱਚ ਕਿਸੇ ਵੀ ਵਰਗ ਨਾਲ ਬੇਇਨਸਾਫ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ





**ਅੰਮ੍ਰਿਤਸਰ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਅੰਮ੍ਰਿਤਸਰ ਦੇ ਭੰਡਾਰੀ ਪੁਲ ਵਿਖੇ ਦਲਿਤ ਸੁਰੱਖਿਆ ਸੈਨਾ ਦਲ ਵੱਲੋਂ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਨਾਲ ਹੋਈ ਕਥਿਤ ਕੁੱਟਮਾਰ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਧਰਨਾ ਲਗਾਇਆ ਗਿਆ। ਇਸ ਧਰਨੇ ਦੌਰਾਨ ਇਨਸਾਫ਼ ਦੀ ਮੰਗ ਨੂੰ ਲੈ ਕੇ ਦਲਿਤ ਸੁਰੱਖਿਆ ਸੈਨਾ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਰਾਹੁਲ ਮਲਿਕ ਜੀ ਅਤੇ ਭੈਣ ਸਿਮਰਨ ਭੁੱਖ ਹੜਤਾਲ 'ਤੇ ਬੈਠੇ, ਜਦਕਿ ਵਾਲਮੀਕੀ ਭਾਈਚਾਰੇ ਦੇ ਆਗੂ ਕਰਨ ਜੀ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਧਰਨੇ ਵਿੱਚ ਸ਼ਾਮਲ ਹੋਏ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਆਗੂ ਭਾਈ ਅਮਨਦੀਪ ਸਿੰਘ ਡੱਡੂਆਣਾ (ਪ੍ਰਧਾਨ, ਅੰਮ੍ਰਿਤਸਰ ਸ਼ਹਿਰੀ), ਭਾਈ ਸ਼ਮਸ਼ੇਰ ਸਿੰਘ ਪੱਧਰੀ ( ਮੀਡੀਆ ਇੰਚਾਰਜ ਪੰਜਾਬ ), ਭਾਈ ਸੁਖਬੀਰ ਸਿੰਘ ਚੀਮਾ (ਯੂਥ ਪ੍ਰਧਾਨ, ਅੰਮ੍ਰਿਤਸਰ ਸ਼ਹਿਰੀ), ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਗੁਰਪਾਲ ਸਿੰਘ ਅਤੇ ਭਾਈ ਹਰਪ੍ਰੀਤ ਸਿੰਘ ਨੇ ਵੀ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਪੀੜਤ ਸਫਾਈ ਕਰਮਚਾਰੀਆਂ ਅਤੇ ਸਮੂਹ ਦਲਿਤ ਸਮਾਜ ਨਾਲ ਆਪਣੀ ਇੱਕਜੁੱਟਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਮਾਜ ਵਿੱਚ ਕਿਸੇ ਵਰਗ ਨਾਲ ਜ਼ੁਲਮ, ਧੱਕੇਸ਼ਾਹੀ ਜਾਂ ਬੇਇਨਸਾਫ਼ੀ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਨਾਲ ਹੋਈ ਕਥਿਤ ਘਟਨਾ ਬਹੁਤ ਹੀ ਗੰਭੀਰ ਹੈ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਪੀੜਤਾਂ ਨੂੰ ਇਨਸਾਫ਼ ਮਿਲ ਸਕੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾ ਹਰ ਪੀੜਤ, ਦੱਬੇ-ਕੁਚਲੇ ਅਤੇ ਹੱਕਾਂ ਤੋਂ ਵਾਂਝੇ ਵਰਗ ਦੇ ਨਾਲ ਖੜ੍ਹਾ ਰਿਹਾ ਹੈ ਅਤੇ ਅੱਗੇ ਵੀ ਪੰਜਾਬ ਭਰ ਦੇ ਸਫਾਈ ਕਰਮਚਾਰੀਆਂ, ਦਲਿਤ ਸਮਾਜ ਅਤੇ ਹਰ ਉਸ ਵਿਅਕਤੀ ਦੀ ਆਵਾਜ਼ ਬਣੇਗਾ ਜਿਸ ਨਾਲ ਬੇਇਨਸਾਫ਼ੀ ਹੋਵੇਗੀ। ਉਨ੍ਹਾਂ ਦ੍ਰਿੜ੍ਹ ਸ਼ਬਦਾਂ ਵਿੱਚ ਕਿਹਾ ਕਿ ਜਦੋਂ ਤੱਕ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲ ਜਾਂਦਾ, ਉਦੋਂ ਤੱਕ ਅਕਾਲੀ ਦਲ ਵਾਰਿਸ ਪੰਜਾਬ ਦੇ ਹਰ ਸੰਘਰਸ਼ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਡਟਿਆ ਰਹੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਪੰਜਾਬ ਸਰਕਾਰ ਅਤੇ ਸੰਬੰਧਿਤ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਵਿੱਚ ਪੂਰੀ ਪਾਰਦਰਸ਼ਤਾ ਨਾਲ ਕਾਰਵਾਈ ਕਰਕੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇ, ਤਾਂ ਜੋ ਆਮ ਲੋਕਾਂ ਦਾ ਇਨਸਾਫ਼ ਪ੍ਰਣਾਲੀ ਉੱਤੇ ਭਰੋਸਾ ਬਣਿਆ ਰਹੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਦੁਹਰਾਈ ਨਾ ਹੋਵੇ।

# ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਕਾਰਗਿਲ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ



**ਫ਼ਿਰੋਜ਼ਪੁਰ, 27 ਜੁਲਾਈ (ਮਨੋਹਰ ਲਾਲ)** :— ਫ਼ਿਰੋਜ਼ਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਸ਼੍ਰੀ ਪਰਦੀਪ ਧਵਨ ਪ੍ਰਧਾਨ ਦੀ ਅਗਵਾਈ ਹੇਠ ਹੋਈ। ਮੀਟਿੰਗ ਦੇ ਆਰੰਭ ਦੌਰਾਨ ਕਾਰਗਿਲ ਵਿੱਚ ਸ਼ਹੀਦ ਹੋਏ ਭਾਰਤੀ ਫੌਜ ਦੇ ਜਵਾਨਾਂ ਨੂੰ ਖੜੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਵਾਤਾਵਰਨ ਬਚਾਉਣ, ਪਾਣੀ ਦੀ ਸੰਜਮ ਨਾਲ਼ ਵਰਤੋਂ, ਪ੍ਰਦੂਸ਼ਣ ਘਟਾਉਣ, ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ, ਆਵਾਰਾ ਕੁੱਤਿਆਂ ਦੀ ਸਾਂਭ ਸੰਭਾਲ, ਸਫਾਈ ਦੀ ਸਮੱਸਿਆ, ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਛਾਉਣੀ ਵਿਖੇ ਲਿਫਟ ਰੈਂਪ ਅਤੇ ਸਵੈ ਚਾਲਕ ਪੌੜੀਆਂ ਲਾਉਣ, ਬਜ਼ੁਰਗਾਂ ਅਤੇ ਅਪਾਹਜ ਵਿਅਕਤੀਆਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਮਾਨ ਸਨਮਾਨ ਅਤੇ ਉਨ੍ਹਾਂ ਦੇ ਮਸਲੇ ਪਹਿਲ ਦੇ ਆਧਾਰ ਤੇ ਕਰਨ ਅਤੇ ਵਖਰੀਆਂ ਸੀਟਾਂ ਤੇ ਕਰਮਚਾਰੀ ਤੈਨਾਤ ਕਰਨ ਆਦਿ ਬਾਰੇ ਵਿਚਾਰ ਵਟਾਂਦਰਾ ਕੀਤਾ। ਆਗੂਆਂ ਨੇ ਕਿਹਾ ਕਿ ਜਲਦੀ ਹੀ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਰੇਲਵੇ ਅਤੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨੂੰ ਮਿਲ਼ ਕੇ ਮੰਗ ਪੱਤਰ ਦਿਤੇ ਜਾਣਗੇ। ਇਸ ਸਮੇਂ ਸ਼੍ਰੀ ਪਰਵੀਨ ਧਵਨ ਵੱਲੋਂ ਵਾਤਾਵਰਨ ਬਚਾਉਣ ਲਈ ਲਗਾਏ ਗਏ ਪੌਦਿਆਂ ਲਈ ਫੋਰਮ ਵਲੋਂ ਉਨ੍ਹਾਂ ਦੀ ਸ਼ਲਾਘਾ ਕੀਤੀ ਗਈ ਅਤੇ ਆਉਂਦੇ ਦਿਨਾਂ ਵਿੱਚ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਉੱਚਿਤ ਅਤੇ ਪੌਦਿਆਂ ਦੀ ਸਾਂਭ ਸੰਭਾਲ ਵਾਲੇ ਸਥਾਨ ਤੇ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਜਾਣਗੇ। ਇਸ ਮੌਕੇ ਦੇਸ਼ ਭਗਤੀ ਦੇ ਗੀਤਾਂ ਨਾਲ਼ ਮੈਂਬਰ ਸਾਹਿਬਾਨ ਦਾ ਮਨੋਰੰਜਨ ਕੀਤਾ ਗਿਆ ਅਤੇ ਜਨਮ ਦਿਵਸ ਵਾਲੇ ਮੈਂਬਰ ਸਾਹਿਬਾਨ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੀ ਰਾਕੇਸ਼ ਸ਼ਰਮਾ, ਰਾਮ ਕੁਮਾਰ ਚੋਪੜਾ, ਤਿਲਕ ਰਾਜ ਐਰ, ਪ੍ਰੇਮ ਕੁਮਾਰ ਰੱਸਿਆ, ਸੁਭਾਸ਼ ਚੰਦਰ ਦੋਦਾ, ਵੀਪਣ ਧਵਨ, ਅਵਤਾਰ ਸਿੰਘ ਭੋਲਾ, ਪਰਵੇਸ਼ ਕੁਮਾਰ, ਐਸ.ਪੀ ਖੇੜਾ ਆਦਿ ਨੇ ਸੰਬੋਧਨ ਕੀਤਾ। ਸਟੇਜ ਸੈਕਟਰੀ ਦੀ ਭੂਮਿਕਾ ਸ਼੍ਰੀ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਵਲੋਂ ਨਿਭਾਈ ਗਈ। ਸ੍ਰੀ ਦੇਸ਼ ਬੰਧੂ ਤੁਲੀ ਪੈਟਰਨ ਅਤੇ ਸ਼੍ਰੀ ਅਵਤਾਰ ਸਿੰਘ ਭੋਲਾ ਨੇ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਦੇ ਪਾਰਕ ਦੀ ਸੁੰਦਰਤਾ ਵਧਾਉਣ ਤੇ ਜ਼ੋਰ ਦਿੱਤਾ। ਅੰਤ ਵਿੱਚ ਸ਼੍ਰੀ ਪਰਦੀਪ ਧਵਨ ਪ੍ਰਧਾਨ ਨੇ ਮੈਂਬਰ ਸਾਹਿਬਾਨ ਦੇ ਸੁਝਾਵਾਂ ਦਾ ਸੁਆਗਤ ਕੀਤਾ ਅਤੇ ਵਿਸ਼ਵਾਸ਼ ਦਵਾਇਆ ਕਿ ਆਉਂਦੀ ਮੀਟਿੰਗ ਤੱਕ ਆਏ ਸੁਝਾਵਾਂ ਤੇ ਕਾਰਵਾਈ ਬਾਰੇ ਯਕੀਨ ਦਵਾਇਆ।

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨਾਂ ਦੇ ਨਾਵਾਂ ਦਾ ਐਲਾਨ




**ਫ਼ਿਰੋਜ਼ਪੁਰ, 27 ਜੁਲਾਈ (ਮਨੋਹਰ ਲਾਲ)** :— ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਯੂਥ ਵਿੰਗ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਖ—ਵੱਖ ਜ਼ਿਲ੍ਹਿਆਂ ਦੇ ਯੂਥ ਪ੍ਰਧਾਨਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਹ ਸੂਚੀ ਪਾਰਟੀ ਦੇ ਦਫ਼ਤਰ ਸਕੱਤਰ ਪ੍ਰਗਟ ਸਿੰਘ ਮੀਆਵਿੰਦ ਵੱਲੋਂ ਸਮਰੱਥ ਦੀ ਪ੍ਰਵਾਨਗੀ ਨਾਲ ਜਾਰੀ ਕੀਤੀ ਗਈ ਹੈ। ਆਗੂਆਂ ਨੇ ਦੱਸਿਆ ਕਿ ਅੰਮ੍ਰਿਤਸਰ ਸ਼ਹਿਰੀ ਲਈ ਸੁਖਬੀਰ ਸਿੰਘ, ਤਰਨ ਤਾਰਨ ਦੇ ਸਰਤਾਜ ਸਿੰਘ, ਹੁਸ਼ਿਆਰਪੁਰ ਸੁਖਵਿੰਦਰ ਸਿੰਘ, ਮਾਨਸਾ ਮਨਦੀਪ ਸਿੰਘ ਮੰਢਾਲੀ ਬਠਿੰਡਾ ਮਨਪ੍ਰੀਤ ਸਿੰਘ ਸਿੱਧੂ, ਸੰਗਰੂਰ ਐਡ: ਗੁਰਕੀਰਤ ਸਿੰਘ, ਕਪੂਰਥਲਾ ਪਰਮਿੰਦਰ ਸਿੰਘ ਕਾਹਲੋਂ, ਫ਼ਤਿਹਗੜ੍ਹ ਸਾਹਿਬ ਜਗਦੀਪ ਸਿੰਘ ਡੱਫੇੜੀਆਂ, ਸ਼੍ਰੀ ਮੁਕਤਸਰ ਸਾਹਿਬ ਰਣਬੀਰ ਸਿੰਘ ਬਾਦੀਆਂ, ਮਲੇਰਕੋਟਲਾ ਹੈਦਰ ਖਾਨ ਬੁੱਢੇਵਾਲ, ਲੁਧਿਆਣਾ ਦਿਹਾਤੀ (ਜਗਰਾਓਂ) ਅਵਿਨਿੰਦਰ ਸਿੰਘ ਗੋਲਡੀ, ਲੁਧਿਆਣਾ ਦਿਹਾਤੀ (ਖੰਨਾ) ਵਜਿੰਦਰ ਸਿੰਘ, ਫ਼ਿਰੋਜ਼ਪੁਰ ਗੁਰਦੀਪ ਸਿੰਘ ਨੂੰ ਚੁਣਿਆ ਗਿਆ ਹੈ। ਪਾਰਟੀ ਹਾਈਕਮਾਂਡ ਨੇ ਉਮੀਦ ਪ੍ਰਗਟਾਈ ਕਿ ਇਹ ਨਵ ਨਿਯੁਕਤ ਆਗੂ ਪਾਰਟੀ ਦੀ ਚੜ੍ਹਦੀ ਕਲਾ ਅਤੇ ਯੂਥ ਨੂੰ ਨਾਲ ਜੋੜਨ ਲਈ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣਗੇ।

# ਜਨਮ ਦਿਨ ਮੁਬਾਰਕ



**ਸੋਨੀਆ ਅਰੋੜਾ**

ਪਿਤਾ ਗਿਆਨੀ ਭੁਪਿੰਦਰ ਸਿੰਘ, ਮਾਤਾ ਗੁਰਮੀਤ ਕੌਰ , ਵਾਸੀ ਜਲੰਧਰ

( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਬੱਬਰ ਖਾਲਸਾ ਜਰਮਨੀ ਦੇ ਸ਼ਹੀਦੀ ਸਮਾਗਮ 'ਚ ਕੁਰਾਹੇ ਪੈ ਰਹੀ

# ਨੌਜਵਾਨੀ ਨੂੰ ਸ਼ਹੀਦਾਂ ਦੀ ਸੋਚ ਅਪਣਾਉਣ ਦਾ ਸੱਦਾ

ਨਵੀਂ ਦਿੱਲੀ 27 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਜਰਮਨੀ ਦੇ ਕੋਲਨ ਵਿਖੇ ਸਥਿਤ ਗੁਰਦੁਆਰਾ ਸ੍ਰੀ ਦਸਮੇਸ਼ ਸਿੰਘ ਸਭਾ ਵਿੱਚ 24 ਤੋਂ 26 ਜੁਲਾਈ ਤੱਕ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦੇ ਅਖੰਡ ਪਾਠ ਸਾਹਿਬ ਦੇ ਭੋਗ 26 ਜੁਲਾਈ, ਐਤਵਾਰ ਨੂੰ ਪਾਏ ਗਏ। ਤਿੰਨਾਂ ਦਿਨਾਂ ਦੌਰਾਨ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ ਅਤੇ ਗੁਰਦੁਆਰਾ ਸਾਹਿਬ ਦੇ ਬੱਚਿਆਂ ਵੱਲੋਂ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਢਾਡੀ ਭਾਈ ਸੁਖਦੇਵ ਸਿੰਘ ਚਮਕਾਰਾ, ਢਾਡੀ ਸਤਪਾਲ ਸਿੰਘ ਗਰਚਾ ਅਤੇ ਢਾਡੀ ਅਮਰਜੀਤ ਸਿੰਘ ਦੇ ਜਥਿਆਂ ਨੇ ਸ਼ਹੀਦ ਸਿੰਘਾਂ ਦੀਆਂ ਵਾਰਾਂ ਰਾਹੀਂ ਸਿੱਖ ਇਤਿਹਾਸ ਅਤੇ ਸ਼ਹਾਦਤਾਂ ਦਾ ਸਿਮਰਨ ਕਰਵਾਇਆ।ਸਮਾਗਮ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਆਗੂਆਂ ਨੇ ਖਾਲਿਸਤਾਨ ਦੀ ਮੰਗ ਨਾਲ ਜੁੜੇ ਸੰਘਰਸ਼ ਦੌਰਾਨ ਮਾਰੇ ਗਏ ਸਿੱਖਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਬੁਲਾਰਿਆਂ ਨੇ ਨੌਜਵਾਨਾਂ ਨੂੰ ਸ਼ਹੀਦਾਂ ਦੀ ਸੋਚ ਅਤੇ ਸਿਧਾਂਤਾਂ ਤੋਂ ਪ੍ਰੇਰਣਾ ਲੈ ਕੇ ਕੌਮੀ ਚੇਤਨਾ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਆਪਣੇ ਰਾਜਨੀਤਿਕ ਵਿਚਾਰਾਂ ਅਤੇ ਮਕਸਦਾਂ ਲਈ ਸ਼ਾਂਤੀਪੂਰਨ ਢੰਗ ਨਾਲ ਯਤਨ ਜਾਰੀ ਰੱਖਣਗੇ। ਆਗੂਆਂ ਨੇ ਕੁਝ ਵਿਅਕਤੀਆਂ ਵੱਲੋਂ ਖਾੜਕੂ ਜਥੇਬੰਦੀਆਂ ਦੇ ਨਾਮ 'ਤੇ ਕਥਿਤ ਤੌਰ 'ਤੇ ਫਿਰੌਤੀਆਂ ਮੰਗਣ ਅਤੇ ਪੰਥਕ ਆਗੂਆਂ ਜਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਨੁਕਸਾਨ ਪਹੁੰਚਾਉਣ ਦੀਆਂ ਕੋਸ਼ਿਸ਼ਾਂ ਦੀ ਨਿੰਦਾ ਕੀਤੀ। ਉਨ੍ਹਾਂ ਨੇ ਦਾਅਵਾ ਕੀਤਾ ਕਿ ਜੇਕਰ ਅਜਿਹੀਆਂ ਗਤੀਵਿਧੀਆਂ ਬੰਦ ਨਾ ਹੋਈਆਂ ਤਾਂ ਸੰਬੰਧਿਤ ਵਿਅਕਤੀਆਂ ਨੂੰ ਸੰਗਤ ਸਾਹਮਣੇ ਬੇਨਕਾਬ ਕੀਤਾ ਜਾਵੇਗਾ।ਬੁਲਾਰਿਆਂ ਨੇ ਇਹ ਵੀ ਕਿਹਾ ਕਿ ਪੰਜਾਬ ਵਿੱਚ ਪੰਥ ਅਤੇ ਪੰਜਾਬ ਦੀ ਭਲਾਈ ਲਈ ਕੰਮ ਕਰ ਰਹੀਆਂ ਧਿਰਾਂ ਨੂੰ ਸਹਿਯੋਗ ਦਿੱਤਾ ਜਾਣਾ ਚਾਹੀਦਾ ਹੈ। ਸਮਾਗਮ ਨੂੰ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਜਗਤਾਰ ਸਿੰਘ ਮਾਹਲ, ਦਲ ਖਾਲਸਾ ਜਰਮਨੀ ਦੇ ਭਾਈ ਗੁਰਦੀਪ ਸਿੰਘ ਪਰਦੇਸੀ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸਤਨਾਮ ਸਿੰਘ ਦੁਆਬਾ (ਪੈਰਿਸ), ਭਾਈ ਦਲਜੀਤ ਸਿੰਘ ਬੱਬਰ, ਗੁਰਦੁਆਰਾ ਸ੍ਰੀ ਦਸਮੇਸ਼ ਸਿੰਘ ਸਭਾ ਦੇ ਸਾਬਕਾ ਪ੍ਰਧਾਨ ਭਾਈ ਸਰਦੂਲ ਸਿੰਘ ਸੇਖੋਂ ਸਮੇਤ ਹੋਰ ਬੁਲਾਰਿਆਂ ਨੇ ਸੰਬੋਧਨ ਕੀਤਾ। ਸਟੇਜ ਦੀ ਸੇਵਾ ਜਥੇਦਾਰ ਰੇਸ਼ਮ ਸਿੰਘ ਬੱਬਰ ਨੇ ਨਿਭਾਈ। ਇਸ ਮੌਕੇ ਸਾਬਕਾ ਜਥੇਦਾਰ ਸਤਨਾਮ ਸਿੰਘ ਬੱਬਰ, ਭਾਈ ਅੰਗਰੇਜ਼ ਸਿੰਘ ਫਰੈਂਕਫਰਟ, ਭਾਈ ਅਵਤਾਰ ਸਿੰਘ ਬੱਬਰ, ਭਾਈ ਸਤਪਾਲ ਸਿੰਘ ਪੱਡਾ, ਭਾਈ ਹਰਵਿੰਦਰ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਪੱਡਾ, ਭਾਈ ਪਲਵਿੰਦਰ ਸਿੰਘ, ਰਾਜਵਿੰਦਰ ਸਿੰਘ ਰਾਜੂ, ਕਸ਼ਮੀਰ ਸਿੰਘ, ਭਾਈ ਅਮਰਜੀਤ ਸਿੰਘ, ਤਰਲੋਕ ਸਿੰਘ, ਸੁਰਜੀਤ ਸਿੰਘ, ਰਣਵੀਰ ਸਿੰਘ ਰਾਣਾ, ਪਰਗਟ ਸਿੰਘ ਬੱਬਰ, ਚਰਨ ਸਿੰਘ ਅਤੇ ਰਾਮਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਭਾਈ ਰਾਜਿੰਦਰ ਸਿੰਘ ਬੱਬਰ ਨੇ ਦੇਸ਼-ਵਿਦੇਸ਼ ਤੋਂ ਪੁੱਜੇ ਪੰਥਕ ਆਗੂਆਂ ਅਤੇ ਸਮੂਹ ਸੰਗਤ ਦਾ ਧੰਨਵਾਦ ਕੀਤਾ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।




# ਜ਼ੀਰਕਪੁਰ ਵਿਖੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਸ਼ਰਧਾਪੂਰਵਕ ਕਰਵਾਏ ਗਏ



ਫ਼ਿਰੋਜ਼ਪੁਰ, 27 ਜੁਲਾਈ (ਮਨੋਹਰ ਲਾਲ) :— ਗੁਰਦੁਆਰਾ ਸਿੰਘ ਸਭਾ ਪ੍ਰੀਤ ਕਲੋਨੀ ਜ਼ੀਰਕਪੁਰ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕਰਨ ਦੇ ਸੁਭਾਗੇ ਦਿਹਾੜੇ ਨੂੰ ਸਮਰਪਿਤ ਧਾਰਮਿਕ ਗੁਰਮਤਿ ਸਮਾਗਮ ਬੜੀ ਸ਼ਰਧਾ, ਭਾਵਨਾ ਅਤੇ ਧੂਮਧਾਮ ਨਾਲ ਕਰਵਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰੀ ਅਤੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਭਾਈ ਅੰਮ੍ਰਿਤਪਾਲ ਸਿੰਘ ਬਾਘਾ ਪੁਰਾਣਾ ਵਾਲੇ ਅਤੇ ਹੋਰ ਰਾਗੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਨਾਲ ਨਿਹਾਲ ਕੀਤਾ ਗਿਆ, ਜਿਸ ਨਾਲ ਪੂਰਾ ਮਾਹੌਲ ਗੁਰਮਈ ਰੰਗ ਵਿੱਚ ਰੰਗਿਆ ਗਿਆ। ਪ੍ਰਬੰਧਕਾਂ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਅਤੇ ਸੰਗਤ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਸਾਵਣ ਮੱਲ ਪਿੰਡ ਮੁੱਛਲ ਤੋਂ ਲੰਗਰਾਂ ਦੀਆਂ ਦੋ ਵੱਡੀਆ ਦੇਗਾਂ ਚੋਰੀ ਚੋਰ ਫੜੇ ਜਾਣ ਤੇ ਨਵੇਂ ਕਾਨੂੰਨ ਤਹਿਤ ਹੋਵੇ ਪਰਚਾ ਦਰਜ ਜਥੇਦਾਰ ਬਲਬੀਰ ਸਿੰਘ ਮੁੱਛਲ

ਜੰਡਿਆਲਾ ਗੁਰੂ 27 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਵਿੱਚ ਲੰਮੇ ਸਮੇਂ ਤੋਂ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਬਹੁਤ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ ਇਸ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਤੇ ਸਿਆਸਤਦਾਨਾਂ ਵੱਲੋਂ ਸਿਆਸਤ ਖੇਡ ਕਿ ਇਸ ਚਿੰਤਾਜਨਕ ਮਸਲਿਆਂ ਨੂੰ ਠੰਡੇ ਬਸਤੇ ਵਿੱਚ ਪਾ ਦਿੱਤਾ ਜਾਂਦਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਪੰਜਾਬ ਦੇ ਜਥੇਦਾਰ ਬਲਬੀਰ ਸਿੰਘ ਮੁੱਛਲ ਨੇ ਅੱਗੇ ਕਿਹਾ ਕਿ ਸਿਆਸਤਦਾਨਾਂ ਵੱਲੋਂ ਤਾਂ ਇਲੈਕਸ਼ਨਾਂ ਸਮੇਂ ਬੇਅਦਬੀਆਂ ਦੀਆਂ ਘਟਨਾਵਾਂ ਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾਂਦਾ ਹੈ ਅਤੇ ਦੂਜੇ ਪਾਸੇ ਨਸੇੜੀ ਨਸੇ ਦੀ ਪੂਰਤੀ ਕਰਨ ਲਈ ਚੋਰੀ ਦੀਆਂ ਘਟਨਾਵਾਂ ਨੂੰ ਬੇਖੌਫ ਹੋ ਕਿ ਅੰਜਾਮ ਦਿੰਦੇ ਹਨ ਅਤੇ ਇਨਾਂ ਚੋਰਾਂ ਵੱਲੋਂ ਗੁਰੂ ਘਰਾਂ ਨੂੰ ਵੀ ਨਹੀਂ ਬਖਸਿਆ ਜਾ ਰਿਹਾ ਗੁਰਦੁਆਰਾ ਸਾਹਿਬ ਦੀਆਂ ਗੋਲਕਾਂ ਤੋੜੀਆਂ ਜਾਦੀਆਂ ਲੰਗਰ ਦੇ ਭਾਂਡੇ ,ਏਸੀ ਅਤੇ ਹੋਰ ਜੋ ਕੋਈ ਵੀ ਕੀਮਤੀ ਸਾਮਾਨ ਹੁੰਦਾ ਉਸ ਨੂੰ ਵੀ ਚੋਰੀ ਕਰਕੇ ਲੈ ਜਾਂਦੇ ਹਨ ਇਸ ਲਈ ਅਸੀਂ ਪੰਜਾਬ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਪਿੰਡ ਮੁੱਛਲ ਵਿਖੇ ਸਥਿਤ ਗੁਰਦੁਆਰਾ ਸਾਵਣ ਮੱਲ ਸਾਹਿਬ ਵਿਖੇ ਚੋਰੀ ਦੀ ਵਾਪਰੀ ਘਟਨਾ ਚ ਗੁਰਦੁਆਰਾ ਸਾਹਿਬ ਅੰਦਰੋ ਗੁਰੂ ਘਰ ਦੇ ਲੰਗਰਾਂ ਦੀਆਂ ਦੇਗਾਂ ਚੋਰੀ ਕਰਨ ਵਾਲੇ ਚੋਰਾਂ ਨੂੰ ਫੜ ਕਿ ਨਵੇਂ ਕਾਨੂੰਨ ਦੇ ਤਹਿਤ ਸਜਾ ਦਿੱਤੀ ਜਾਵੇ !ਇਸ ਸਬੰਧੀ ਜਦੋਂ ਪੱਤਰਕਾਰ ਵਲੋਂ ਹੈਡ ਗ੍ਰੰਥੀ ਇੰਦਰਜੀਤ ਸਿੰਘ ਨੂੰ ਫੋਨ ਤੇ ਇਸ ਘਟਨਾ ਬਾਰੇ ਪੁੱਛਿਆ ਗਿਆ ਤਾਂ ਹੈਡ ਗ੍ਰੰਥੀ ਸਿੰਘ ਸਾਹਿਬ ਨੇ ਗੱਲਬਾਤ ਦੌਰਾਨ ਦੱਸਿਆ ਕਿ ਹਰ ਰੋਜ ਦੀ ਤਰ੍ਹਾਂ ਅੱਜ ਸਵੇਰੇ ਜਦ ਉਹ ਸਾਢੇ ਚਾਰ ਵਜੇ ਦੇ ਕਰੀਬ ਪ੍ਰਕਾਸ਼ ਕਰਨ ਲਈ ਗਏ ਤਾਂ ਉਸ ਤੋਂ ਬਾਅਦ ਉਹਨਾਂ ਨੇ ਜਦੋਂ ਕੜਾਹ ਪ੍ਰਸ਼ਾਦ ਦੀ ਦੇਗ ਬਣਾਉਣ ਲੱਗੇ ਤਾਂ ਦੇਖਿਆ ਕਿ ਗੁਰਦੁਆਰਾ ਸਾਹਿਬ ਦੇ ਬਰਾਂਡੇ ਵਿੱਚ ਰੱਖੀਆਂ ਦੋ ਦੇਗਾਂ ਗਾਇਬ ਸਨ । ਜਿਸ ਤੋਂ ਬਾਅਦ ਉਹਨਾਂ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੂਚਿਤ ਕੀਤਾ ਅਤੇ ਗੁਰਦੁਆਰਾ ਸਾਹਿਬ ਚ ਲਗੇ ਸੀਸੀਟੀਵੀ ਕੈਮਰੇ ਵਿੱਚ ਦੇਖਿਆ ਕਿ ਚੋਰਾਂ ਵਲੋਂ ਗੁਰਦੁਆਰਾ ਸਾਹਿਬ ਦੇ ਸਟੋਰ ਦਾ ਲਾਕ ਤੋੜ ਕਿ ਦਰਵਾਜ਼ਾ ਖੋਲਿਆ ਗਿਆ ਅਤੇ ਦੋ ਦੇਗਾਂ ਲੈ ਕਿ ਫਰਾਰ ਹੋ ਗਏ ਇਹ ਘਟਨਾ ਸਵੇਰ ਦਾ ਸਮਾਂ 2.50 ਤੇ ਜਿਨ੍ਹਾਂ ਦੇ ਮੂੰਹ ਢੱਕੇ ਹੋਏ ਸਨ ਪਲਟੀਨਾ ਮੋਟਰਸਾਈਕਲ ਤੇ ਆਏ ਅਤੇ ਦੋ ਦੇਗਾਂ ਚੋਰੀ ਕਰਕੇ ਲੈਕੇ ਜਾ ਰਹੇ ਸਨ ।ਹੈੱਡ ਗ੍ਰੰਥੀ ਅਨੁਸਾਰ ਚੋਰੀ ਹੋਈਆਂ ਦੇਗਾਂ ਨਵੀਆਂ ਸਨ ਅਤੇ ਵਜ਼ਨ ਕਰੀਬ 90 ਕਿਲੋ ਦੇ ਹਿਸਾਬ ਨਾਲ ਓਹਨਾਂ ਦੀ ਕੀਮਤ ਕਰੀਬ ਇਕ ਲੱਖ ਸੱਠ ਹਜ਼ਾਰ ਰੁਪਏ ਬਣਦੀ ਹੈ ।ਓਹਨਾਂ ਦਸਿਆ ਕਿ ਪ੍ਰਬੰਧਕ ਕਮੇਟੀ ਵਲੋਂ ਇਸ ਸਬੰਧੀ ਪੁਲਿਸ ਚੌਂਕੀ ਦਰਖਾਸਤ ਦੇ ਦਿੱਤੀ ਗਈ ਹੈ ।ਚੌਂਕੀ ਇੰਚਾਰਜ ਨਰਿੰਦਰਪਾਲ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਅਤੇ ਹੋਰ ਰਸਤੇ ਦੇ ਸੀਸੀਟੀਵੀ ਚੈੱਕ ਕੀਤੇ ਜਾ ਰਹੇ ਹਨ ਅਤੇ ਜਲਦੀ ਹੀ ਕਾਨੂੰਨੀ ਕਾਰਵਾਈ ਕਰਕੇ ਚੋਰਾਂ ਨੂੰ ਗਿਰਫ਼ਤਾਰ ਕਰ ਲਿਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

### ਮੀਰੀ ਪੀਰੀ ਖਾਲਸਾ ਮਾਰਚ ਦਾ

# ਪਿੰਡ ਪੀਰ ਮੁਹੰਮਦ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ

## ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮਾਤਾ ਪਾਲ ਕੌਰ ਦੀ ਸਿਹਤਯਾਬੀ ਲਈ ਅਰਦਾਸ













**ਵਿਸ਼ੇਸ਼ ਰਿਪੋਰਟ ✶ ਆਵਾਜ਼ਿ ਕੌਮ ਬਿਊਰੋ**

ਸ਼ੋ੍ਰਮਣੀ ਅਕਾਲੀ ਦਲ (ਪੁਨਰਸਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਦੇ ਪਿੰਡ ਪੀਰ ਮੁਹੰਮਦ ਵਿਖੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬੀਤੇ ਦਿਨੀਂ ਚੱਲਿਆ ਹੋਇਆ 'ਮੀਰੀ-ਪੀਰੀ ਖਾਲਸਾ ਮਾਰਚ' ਪੜਾਅ ਦਰ ਪੜਾਅ ਹੁੰਦਾ ਹੋਇਆ ਪਹੁੰਚਿਆ, ਜਿੱਥੇ ਸੰਗਤਾਂ ਵੱਲੋਂ ਮਾਰਚ ਦਾ ਬਹੁਤ ਹੀ ਨਿੱਘਾ ਅਤੇ ਪੂਰਨ ਸਤਿਕਾਰ ਸਹਿਤ ਸਵਾਗਤ ਕੀਤਾ ਗਿਆ।

ਇਸ ਮੌਕੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ, ਉਨ੍ਹਾਂ ਦੇ ਪਿਤਾ ਜਥੇਦਾਰ ਗੁਰਚਰਨ ਸਿੰਘ ਪੀਰ ਮੁਹੰਮਦ, ਹਲਕਾ ਇੰਚਾਰਜ ਸ਼ੋ੍ਰਮਣੀ ਅਕਾਲੀ ਦਲ ਸਰਦਾਰ ਹਰਪ੍ਰੀਤ ਸਿੰਘ ਹੀਰੋ, ਸ਼ੋ੍ਰਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਜੀਰਾ ਦੇ ਮੈਂਬਰ ਜਥੇਦਾਰ ਗੁਰਮੀਤ ਸਿੰਘ ਬੂਹ, ਜਥੇਦਾਰ ਮਹਿੰਦਰ ਸਿੰਘ ਲਹਿਰਾ, ਸੀਨੀਅਰ ਅਕਾਲੀ ਆਗੂ ਸਰਦਾਰ ਪ੍ਰਗਟ ਸਿੰਘ ਲਹਿਰਾ, ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ, ਸਰਦਾਰ ਗੁਰਮੁੱਖ ਸਿੰਘ ਸੰਧੂ, ਸਰਦਾਰ ਹਰਪਿੰਦਰ ਸਿੰਘ ਸੰਧੂ, ਸਰਪੰਚ ਹਰਜਿੰਦਰ ਸਿੰਘ ਔਜਲਾ (ਪਿੰਡ ਪੀਰ ਮੁਹੰਮਦ), ਸਰਦਾਰ ਗੁਰਬਖਸ਼ ਸਿੰਘ ਸੇਖੋਂ, ਸਰਦਾਰ ਜਰਨੈਲ ਸਿੰਘ ਸੰਧੂ, ਭਾਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਸਰਦਾਰ ਲਖਵਿੰਦਰ ਸਿੰਘ ਪੀਰ ਮੁਹੰਮਦ ਅਤੇ ਸਮੂਹ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਪ੍ਰਬੰਧਕ ਕਮੇਟੀ ਪੀਰ ਮੁਹੰਮਦ ਸਮੇਤ ਅਨੇਕਾਂ ਧਾਰਮਿਕ ਤੇ ਸਿਆਸੀ ਸ਼ਖਸ਼ੀਅਤਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਫੈਡਰੇਸ਼ਨ ਗਰੇਵਾਲ ਦੇ ਪ੍ਰਧਾਨ ਸਰਦਾਰ ਗੁਰਚਰਨ ਸਿੰਘ ਗਰੇਵਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸ਼ੋ੍ਰਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪਹੁੰਚ ਰਹੀਆਂ ਸਮੂਹ ਪੰਥਕ ਸ਼ਖਸੀਅਤਾਂ ਦਾ ਵੀ ਪੂਰਨ ਸਤਿਕਾਰ ਸਹਿਤ ਧੰਨਵਾਦ ਤੇ ਸਵਾਗਤ ਕੀਤਾ ਗਿਆ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਦੇ ਗ੍ਰਹਿ ਵਿਖੇ ਪਹੁੰਚ ਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਉਨ੍ਹਾਂ ਦੇ ਮਾਤਾ ਜੀ, ਮਾਤਾ ਪਾਲ ਕੌਰ ਦੀ ਜਲਦ ਸਿਹਤਯਾਬੀ ਲਈ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ। ਇਸ ਮੌਕੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸੰਗਤਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹ ਦੇ ਸਾਜੇ-ਨਿਵਾਜੇ ਤਖ਼ਤ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਰਜਣਾ ਦਿਵਸ ਅਤੇ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਇਹ 'ਮੀਰੀ-ਪੀਰੀ ਖਾਲਸਾ ਮਾਰਚ' ਅੰਮ੍ਰਿਤਸਰ ਸਾਹਿਬ ਤੋਂ ਆਰੰਭ ਹੋ ਕੇ ਮਹੂ, ਲਹਿਰਾ ਬੇਟ, ਪੀਰ ਮੁਹੰਮਦ, ਅਤੇ ਸ਼ਾਹ ਅਬੂ ਬਕਰ (ਕੋਟ ਈਸੇ ਖਾਂ) ਤੋਂ ਹੁੰਦਾ ਹੋਇਆ ਅੱਗੇ ਧਾਰਮਕੋਟ, ਮੋਗਾ, ਤਖ਼ਤੂਪੁਰਾ, ਸ੍ਰੀ ਮੁਕਤਸਰ ਸਾਹਿਬ ਅਤੇ ਅੰਤ ਵਿੱਚ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ) ਵਿਖੇ ਸੰਪੂਰਨ ਹੋਵੇਗਾ।

ਉਨ੍ਹਾਂ ਸਿੱਖ ਸੰਗਤਾਂ ਨੂੰ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣਨ ਦੀ ਪ੍ਰੇਰਣਾ ਦਿੰਦਿਆਂ ਕਿਹਾ— "ਪੀਵਹੁ ਪਾਹੁਲ ਖੰਡੇ ਧਾਰ ਹੋਇ ਜਨਮੁ ਸੁਹੇਲਾ÷, ਕਿ ਅੰਮ੍ਰਿਤ ਛੱਕ ਕੇ, ਨਸ਼ਿਆਂ ਦਾ ਪੂਰਨ ਤਿਆਗ ਕਰਕੇ ਪੰਥ ਦੀ ਆਵਾਜ਼ ਬਣਨ ਲਈ ਸਾਰਿਆਂ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ। ••

**ਸ਼ਹਾਦਤਾਂ ਹੀ ਸਿੱਖ ਕੌਮ ਦੀ ਪਹਿਚਾਣ ਅਤੇ ਹੋਂਦ ਦਾ ਆਧਾਰ, ਇਨ੍ਹਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ: ਭਾਈ ਪਰਮਿੰਦਰ ਸਿੰਘ ਬੱਲ**

# ਸਿੱਖ ਫੈਡਰੇਸ਼ਨ ਯੂ .ਕੇ ਵੱਲੋਂ ਸਾਊਥਹਾਲ ਵਿਖੇ ਸ਼ਹੀਦੀ ਸਮਾਗਮ ਸੰਪੰਨ

## ਪੰਥਕ ਬੁਲਾਰਿਆਂ ਨੇ ਸ਼ਹੀਦਾਂ ਦੇ ਇਤਿਹਾਸ, ਕੌਮੀ ਸਿਧਾਂਤਾਂ ਅਤੇ ਏਕਤਾ ਦੀ ਅਹਿਮੀਅਤ ਉਜਾਗਰ ਕੀਤੀ


















**ਸਾਊਥਹਾਲ (ਲੰਡਨ), 26 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸਿੱਖ ਫੈਡਰੇਸ਼ਨ ਯੂਕੇ ਵੱਲੋਂ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਦੀ ਅਗਵਾਈ ਹੇਠ ਸਿੰਘ ਸਭਾ ਗੁਰਦੁਆਰਾ ਸਾਊਥਹਾਲ ਵਿਖੇ ਸਿੱਖ ਲਹਿਰ ਦੇ ਸਮੂਹ ਸ਼ਹੀਦਾਂ ਅਤੇ ਵਿਦੇਸ਼ਾਂ ਤੋਂ ਪੰਜਾਬ ਜਾ ਕੇ ਸੰਘਰਸ਼ ਵਿੱਚ ਸ਼ਾਮਲ ਹੋਏ ਸਿੰਘਾਂ-ਸਿੰਘਣੀਆਂ ਦੀ ਪਾਵਨ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਗੁਰਮਤਿ ਮਰਿਆਦਾ, ਸ਼ਰਧਾ ਅਤੇ ਪੰਥਕ ਜਜ਼ਬੇ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਦੇਸ਼-ਵਿਦੇਸ਼ ਤੋਂ ਪੁੱਜੇ ਪੰਥਕ ਆਗੂਆਂ ਅਤੇ ਬੁਲਾਰਿਆਂ ਨੇ ਸ਼ਹਾਦਤ ਨੂੰ ਸਿੱਖ ਕੌਮ ਦੀ ਰੂਹ ਕਰਾਰ ਦਿੰਦਿਆਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਯਾਦ ਰੱਖਦੀਆਂ ਹਨ, ਉਹ ਕਦੇ ਵੀ ਇਤਿਹਾਸ ਦੇ ਪੰਨਿਆਂ ਤੋਂ ਮਿਟਦੀਆਂ ਨਹੀਂ।

ਸਮਾਗਮ ਦੀ ਸ਼ੁਰੂਆਤ 24 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਆਰੰਭ ਨਾਲ ਹੋਈ, ਜਦਕਿ 26 ਜੁਲਾਈ ਨੂੰ ਭੋਗ ਉਪਰੰਤ ਸਜੇ ਦੀਵਾਨਾਂ ਵਿੱਚ ਭਾਈ ਅਮਰੀਕ ਸਿੰਘ ਲੂਟਨ ਵਾਲਿਆਂ ਦੇ ਜਥੇ ਨੇ ਗੁਰਬਾਣੀ ਕੀਰਤਨ, ਸ਼ਹੀਦੀ ਵਾਰਾਂ ਅਤੇ ਕੌਮੀ ਤਰਾਨਿਆਂ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ।

ਸਮਾਗਮ ਦੀ ਕਾਰਵਾਈ ਚਲਾਉਂਦਿਆਂ ਸਿੱਖ ਫੈਡਰੇਸ਼ਨ ਯੂ .ਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਨੇ ਕਿਹਾ ਕਿ ਸਿੱਖ ਫੈਡਰੇਸ਼ਨ ਯੂ .ਕੇ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਇਹ ਸ਼ਹੀਦੀ ਸਮਾਗਮ ਕਰਵਾ ਰਹੀ ਹੈ ਤਾਂ ਜੋ ਪੰਥ ਲਈ ਆਪਾ ਵਾਰਨ ਵਾਲੇ ਸਿੰਘਾਂ-ਸਿੰਘਣੀਆਂ ਦੀਆਂ ਕੁਰਬਾਨੀਆਂ ਨੂੰ ਵਿਸਾਰਿਆ ਨਾ ਜਾਵੇ। ਉਨ੍ਹਾਂ ਕਿਹਾ ਕਿ 1984 ਤੋਂ ਬਾਅਦ ਦੇ ਸਿੱਖ ਸੰਘਰਸ਼ ਅਤੇ ਉਸ ਵਿੱਚ ਸ਼ਹੀਦ ਹੋਏ ਯੋਧਿਆਂ ਦਾ ਇਤਿਹਾਸ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਜੇਕਰ ਨਵੀਂ ਪੀੜ੍ਹੀ ਆਪਣੇ ਸ਼ਹੀਦਾਂ, ਆਪਣੇ ਸਿਧਾਂਤਾਂ ਅਤੇ ਆਪਣੇ ਇਤਿਹਾਸ ਨਾਲ ਜੁੜੀ ਰਹੇਗੀ ਤਾਂ ਸਿੱਖ ਕੌਮ ਦੀ ਪਛਾਣ ਸਦਾ ਬਰਕਰਾਰ ਰਹੇਗੀ।

ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਇੰਟਰਨੈਸ਼ਨਲ ਹਿਊਮਨ ਰਾਇਟਸ ਦੇ ਆਗੂ ਡਾ. ਜਸਦੇਵ ਸਿੰਘ ਰਾਏ ਨੇ 1984 ਦੇ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਫੌਜੀ ਹਮਲੇ, ਨਵੰਬਰ 1984 ਦੇ ਸਿੱਖ ਕਤਲੇਆਮ ਅਤੇ ਉਸ ਤੋਂ ਬਾਅਦ ਪੰਜਾਬ ਵਿੱਚ ਚੱਲੇ ਦਮਨ ਚੱਕਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਜ਼ਾਰਾਂ ਸਿੱਖ ਨੌਜਵਾਨਾਂ ਨੇ ਜੇਲ੍ਹਾਂ, ਤਸ਼ੱਦਦ ਅਤੇ ਝੂਠੇ ਮੁਕੱਦਮਿਆਂ ਦੇ ਬਾਵਜੂਦ ਸਿੱਖੀ ਦੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਇਤਿਹਾਸ ਦੀ ਸੱਚਾਈ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੂਹ ਪੰਥਕ ਧਿਰਾਂ ਦੀ ਜ਼ਿੰਮੇਵਾਰੀ ਹੈ।




ਸੀਨੀਅਰ ਪੱਤਰਕਾਰ ਅਵਤਾਰ ਸਿੰਘ ਨੇ ਕਿਹਾ ਕਿ ਸ਼ਹੀਦਾਂ ਦਾ ਇਤਿਹਾਸ ਕੇਵਲ ਸਮਾਗਮਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਕਿਤਾਬਾਂ, ਖੋਜ ਕਾਰਜਾਂ, ਸੈਮੀਨਾਰਾਂ ਅਤੇ ਵਿਚਾਰ-ਗੋਸ਼ਟੀਆਂ ਰਾਹੀਂ ਇਸ ਨੂੰ ਦਸਤਾਵੇਜ਼ੀ ਰੂਪ ਵਿੱਚ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ। ਇਸ ਮੌਕੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਇਕੱਤਰ ਕੀਤੇ ਦਸਤਾਵੇਜ਼ਾਂ 'ਤੇ ਆਧਾਰਿਤ ਵਿਸ਼ਵ ਪ੍ਰਸਿੱਧ ਪੁਸਤਕ 'Reduced to Ashes' ਦੇ ਪੰਜਾਬੀ ਅਨੁਵਾਦ 'ਰਾਖ ਹੋ ਗਏ' ਨੂੰ ਇੰਗਲੈਂਡ ਵਿੱਚ ਪਹਿਲੀ ਵਾਰ ਲੋਕ ਅਰਪਣ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਇਹ ਪੁਸਤਕ ਸਿੱਖ ਸੰਘਰਸ਼ ਨਾਲ ਸਬੰਧਤ ਅਨੇਕਾਂ ਘਟਨਾਵਾਂ ਦਾ ਇਤਿਹਾਸਕ ਦਸਤਾਵੇਜ਼ ਹੈ, ਜੋ ਭਵਿੱਖ ਵਿੱਚ ਖੋਜਕਰਤਾਵਾਂ ਅਤੇ ਨੌਜਵਾਨ ਪੀੜ੍ਹੀ ਲਈ ਮਾਰਗਦਰਸ਼ਕ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖਾਲਸਾ ਦੇ ਆਗੂ ਜਸਵੰਤ ਸਿੰਘ ਠੇਕੇਦਾਰ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਹੀ ਕਿਸੇ ਵੀ ਕੌਮ ਦਾ ਅਸਲ ਸਰਮਾਇਆ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਕੌਮੀ ਹੱਕਾਂ ਦੀ ਪ੍ਰਾਪਤੀ ਲਈ ਸਿਧਾਂਤਾਂ 'ਤੇ ਪਹਿਰਾ ਦੇਣ ਦੇ ਨਾਲ-ਨਾਲ ਆਪਸੀ ਸੰਵਾਦ ਅਤੇ ਏਕਤਾ ਵੀ ਬਰਾਬਰ ਜ਼ਰੂਰੀ ਹੈ।

**ਕੌਮਾਂ ਆਪਣੀਆਂ ਕੁਰਬਾਨੀਆਂ ਨਾਲ ਜਿਊਂਦੀਆਂ ਹਨ, ਸਿਧਾਂਤਾਂ ਨਾਲ ਸਮਝੌਤਾ ਕੌਮਾਂ ਨੂੰ ਕਮਜ਼ੋਰ ਕਰ ਦਿੰਦਾ ਹੈ: ਭਾਈ ਕਪਤਾਨ ਸਿੰਘ**

ਇੰਟਰਨੈਸ਼ਨਲ ਪੰਥਕ ਦਲ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਆਪਣੇ ਪ੍ਰਭਾਵਸ਼ਾਲੀ ਅਤੇ ਭਾਵਪੂਰਤ ਸੰਬੋਧਨ ਵਿੱਚ ਕਿਹਾ ਕਿ ਦੁਨੀਆ ਦੇ ਇਤਿਹਾਸ ਵਿੱਚ ਉਹੀ ਕੌਮਾਂ ਸਦੀਵੀਂ ਜਿਊਂਦੀਆਂ ਰਹੀਆਂ ਹਨ, ਜਿਨ੍ਹਾਂ ਨੇ ਆਪਣੇ ਸ਼ਹੀਦਾਂ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਸਨਮਾਨ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਪਛਾਣ ਵੀ ਸ਼ਹਾਦਤਾਂ ਨਾਲ ਬਣੀ ਹੈ ਅਤੇ ਇਹ ਪਰੰਪਰਾ ਸ਼ਹੀਦਾਂ ਦੇ ਸਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਤੋਂ ਸ਼ੁਰੂ ਹੋ ਕੇ ਗੁਰੂ ਤੇਗ ਬਹਾਦਰ ਸਾਹਿਬ, ਚਾਰੇ ਸਾਹਿਬਜ਼ਾਦਿਆਂ ਅਤੇ ਅਣਗਿਣਤ ਸਿੰਘਾਂ-ਸਿੰਘਣੀਆਂ ਦੀਆਂ ਕੁਰਬਾਨੀਆਂ ਰਾਹੀਂ ਅੱਜ ਤੱਕ ਨਿਰੰਤਰ ਚੱਲਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਵੀਹਵੀਂ ਸਦੀ ਦੇ ਸਿੱਖ ਸੰਘਰਸ਼ ਵਿੱਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਅਨੇਕਾਂ ਨੌਜਵਾਨਾਂ ਨੇ ਆਪਣੇ ਘਰ-ਪਰਿਵਾਰ, ਕਾਰੋਬਾਰ ਅਤੇ ਸੁਖ-ਸਹੂਲਤਾਂ ਛੱਡ ਕੇ ਪੰਥ ਦੀ ਖਾਤਰ ਸ਼ਹਾਦਤਾਂ ਦਿੱਤੀਆਂ। ਵਿਦੇਸ਼ਾਂ ਵਿੱਚ ਵੱਸਦੇ ਅਨੇਕਾਂ ਸਿੱਖ ਨੌਜਵਾਨ ਵੀ ਪੰਜਾਬ ਪਹੁੰਚੇ ਅਤੇ ਸੰਘਰਸ਼ ਦਾ ਹਿੱਸਾ ਬਣੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੁਰਬਾਨੀਆਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।

ਭਾਈ ਕਪਤਾਨ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਨਾਲ-ਨਾਲ ਉਨ੍ਹਾਂ ਦੀਆਂ ਮਾਵਾਂ ਅਤੇ ਪਰਿਵਾਰ ਵੀ ਬਰਾਬਰ ਦੇ ਸਤਿਕਾਰ ਦੇ ਹੱਕਦਾਰ ਹਨ, ਜਿਨ੍ਹਾਂ ਨੇ ਆਪਣੇ ਜਿਗਰ ਦੇ ਟੁਕੜੇ ਪੰਥ ਦੀ ਝੋਲੀ ਵਿੱਚ ਪਾਏ। ਉਨ੍ਹਾਂ ਕਿਹਾ ਕਿ ਆਗੂ ਉਹੀ ਹੁੰਦਾ ਹੈ ਜੋ ਕੌਮ ਨੂੰ ਸਿਧਾਂਤਾਂ 'ਤੇ ਚੱਲਣ ਦੀ ਪ੍ਰੇਰਨਾ ਦੇਵੇ ਅਤੇ ਲੋੜ ਪੈਣ 'ਤੇ ਖੁਦ ਵੀ ਕੁਰਬਾਨੀ ਦੇਣ ਲਈ ਤਿਆਰ ਰਹੇ।

ਉਨ੍ਹਾਂ ਪੰਥਕ ਧਿਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਿੱਜੀ ਅਤੇ ਜਥੇਬੰਦੀਕ ਮਤਭੇਦਾਂ ਤੋਂ ਉੱਪਰ ਉੱਠ ਕੇ ਕੌਮੀ ਸਿਧਾਂਤਾਂ ਦੀ ਰਾਖੀ ਲਈ ਇੱਕ ਮੰਚ 'ਤੇ ਇਕੱਠੇ ਹੋਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕੌਮ ਆਪਣੇ ਸਿਧਾਂਤਾਂ ਤੋਂ ਦੂਰ ਹੋਈ ਹੈ, ਉਸ ਨੂੰ ਇਸ ਦੀ ਵੱਡੀ ਕੀਮਤ ਚੁਕਾਉਣੀ ਪਈ ਹੈ।

ਉਨ੍ਹਾਂ ਇਤਿਹਾਸਕ ਸਾਹਿਤ ਦੀ ਮਹੱਤਤਾ ਬਾਰੇ ਕਿਹਾ ਕਿ ਡਿਜੀਟਲ ਯੁੱਗ ਦੇ ਬਾਵਜੂਦ ਕਿਤਾਬਾਂ ਹੀ ਇਤਿਹਾਸ ਦੀ ਸਭ ਤੋਂ ਭਰੋਸੇਯੋਗ ਗਵਾਹ ਹੁੰਦੀਆਂ ਹਨ। ਇਸ ਮੌਕੇ ਉਨ੍ਹਾਂ 'ਰਾਖ ਹੋ ਗਏ' ਪੁਸਤਕ ਦੇ ਪ੍ਰਕਾਸ਼ਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹਾ ਸਾਹਿਤ ਹਰ ਘਰ ਅਤੇ ਹਰ ਨੌਜਵਾਨ ਤੱਕ ਪਹੁੰਚਣਾ ਚਾਹੀਦਾ ਹੈ।

ਉਨ੍ਹਾਂ ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਅਤੇ ਉਨ੍ਹਾਂ ਦੀ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਵਿਦੇਸ਼ਾਂ ਵਿੱਚ ਵੱਸਦੀ ਸਿੱਖ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ ਅਤੇ ਕੌਮੀ ਵਿਰਸੇ ਨਾਲ ਜੋੜਨ ਦੀ ਸ਼ਲਾਘਾਯੋਗ ਸੇਵਾ ਨਿਭਾ ਰਹੇ ਹਨ।

ਲੰਮੇ ਸਮੇਂ ਤੋਂ ਸਿੱਖ ਸੰਘਰਸ਼ ਨਾਲ ਜੁੜੇ ਭਾਈ ਰਘਬੀਰ ਸਿੰਘ ਨੇ ਕਿਹਾ ਕਿ ਕੌਮੀ ਨਿਸ਼ਾਨੇ ਦੀ ਪ੍ਰਾਪਤੀ ਲਈ ਸਮੂਹ ਪੰਥਕ ਜਥੇਬੰਦੀਆਂ ਨੂੰ ਆਪਸੀ ਮਤਭੇਦ ਭੁਲਾ ਕੇ ਸਾਂਝੀ ਰਣਨੀਤੀ ਨਾਲ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਸੋਚ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਅੱਜ ਵੀ ਕੌਮ ਲਈ ਰਾਹ-ਦਰਸਾਵਾ ਹਨ। ਸਮਾਗਮ ਦੇ ਅੰਤ ਵਿੱਚ ਭਾਈ ਪਰਮਿੰਦਰ ਸਿੰਘ ਬੱਲ ਨੇ ਸਮੂਹ ਬੁਲਾਰਿਆਂ, ਰਾਗੀ ਜਥਿਆਂ, ਸੇਵਾਦਾਰਾਂ ਅਤੇ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਿੱਖ ਫੈਡਰੇਸ਼ਨ ਯੂਕੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸ਼ਹੀਦੀ ਸਮਾਗਮ ਕਰਵਾ ਕੇ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਸਿੱਖ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਕਾਰਜ ਜਾਰੀ ਰੱਖੇਗੀ। ••








ਆਵਾਜ਼ਿ ਕੌਮ AWAZE QAUM International Newspaper & WEB TV

ਉੱਘੇ ਕ੍ਰਿਕਟਰ ਕਪਿਲ ਦੇਵ ਵੱਲੋਂ ਸੰਸਾਰ ਦੇ ਲੋਕਾਂ ਲਈ ਪੇਸ਼ ਕੀਤੀ ਅੰਗਰੇਜ਼ੀ ਦੀ ਵੱਡ-ਅਕਾਰੀ ਪੁਸਤਕ ਜੋ ਗੁਰੂ ਸਾਹਿਬਾਨ ਸਿੱਖ ਇਤਿਹਾਸ ਅਤੇ ਅੰਤਰਰਾਸ਼ਟਰੀ ਪੱਧਰ ਦੇ ਗੁਰਦੁਆਰਾ ਸਾਹਿਬਾਨ ਦੀਆਂ (ਸਚਿੱਤਰ) ਤਸਵੀਰਾਂ ਨਾਲ ਸ਼ਿੰਗਾਰੀ ਗਈ ਹੈ, ਇਸ ਪੁਸਤਕ ਦੇ ਕੈਨੇਡਾ ਲਈ ਸਪਾਂਸਰ ਕਰਨ ਲਈ ਉੱਘੀ ਸਮਾਜਸੇਵੀ ਹਸਤੀ ਜਤਿੰਦਰ ਜੇ ਮਿਨਹਾਸ ਵੱਲੋਂ ਗੁਰਦੁਆਰਾ ਬਾਬਾ ਨਿਹਾਲ ਸਿੰਘ ਤੱਲ੍ਹਣ ਵਿਖੇ ਉੱਘੇ ਸਿੱਖ ਚਿੰਤਕ, ਪੰਥਕ ਬੁਲਾਰੇ ਤੇ ਲੇਖਕ ਭਗਵਾਨ ਸਿੰਘ ਜੌਹਲ ਅਤੇ ਗੁਰਦੁਆਰਾ ਸਾਹਿਬ ਦੇ ਰਿਸੀਵਰ ਤਹਿਸੀਲਦਾਰ ਸ. ਗੁਰਪ੍ਰੀਤ ਸਿੰਘ ਨੂੰ ਭੇਂਟ ਕੀਤੀ ਗਈ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

### ਨੈਸ਼ਨਲ ਸਟਾਈਲ ਕਬੱਡੀ ਮੁਕਾਬਲਿਆਂ 'ਚ ਸੇਂਟ ਸੋਲਜਰ ਸਕੂਲ ਦੀਆਂ

# ਕਬੱਡੀ ਖਿਡਾਰਨਾਂ ਨੇ ਹੂੰਝਾ ਫੇਰ ਜਿੱਤ ਹਾਸਲ ਕੀਤੀ



**ਜੰਡਿਆਲਾ ਗੁਰੂ 27 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਜੰਮੂ ਦੇ ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਸੀਬੀਐਸਈ ਦੀਆਂ ਸਟੇਟ ਲੈਵਲ ਦੀਆਂ ਕਲਸਟਰ ਖੇਡਾਂ ਕਰਵਾਈਆਂ ਗਈਆਂ ।ਜਿਸ ਵਿੱਚ ਜੰਮੂ ਅਤੇ ਪੰਜਾਬ ਦੇ ਸੀਬੀਐਸਈ ਸਕੂਲਾਂ ਨੇ ਭਾਗ ਲਿਆ ।ਇਸ ਟੂਰਨਾਮੈਂਟ ਦੇ ਲੜਕੀਆਂ ਦੇ ਨੈਸ਼ਨਲ ਸਟਾਈਲ ਕਬੱਡੀ ਮੁਕਾਬਲਿਆਂ ਵਿੱਚ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਕਬੱਡੀ ਦੀਆਂ ਖਿਡਾਰਨਾਂ ਨੇ ਹੂੰਝਾ ਫੇਰ ਜਿੱਤਾਂ ਪ੍ਰਾਪਤ ਕੀਤੀਆਂ। ਇਹਨਾਂ ਮੁਕਾਬਲਿਆਂ ਦੇ ਅੰਡਰ 19 ਅਤੇ ਅੰਡਰ 17 ਵਰਗ ਵਿੱਚ ਸਾਰੇ ਸਕੂਲਾਂ ਨੂੰ ਹਰਾਉਂਦਿਆਂ ਹੋਇਆਂ ਸੇਂਟ ਸੋਲਜਰ ਦੀਆਂ ਖਿਡਾਰਨਾਂ ਨੇ ਗੋਲਡ ਮੈਡਲ ਹਾਸਲ ਕਰਕੇ ਸ਼ਾਨਦਾਰ ਟਰੋਫੀਆਂ ਜਿੱਤੀਆਂ।ਅੰਡਰ 19 ਵਿੱਚ ਸਕੂਲ ਦੀ ਖਿਡਾਰਨ ਪਾਰਸਜੀਤ ਕੌਰ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸਾਰੇ ਟੂਰਨਾਮੈਂਟ ਦੀ ਬੈਸਟ ਸਟੋਪਰ ਦਾ ਖਿਤਾਬ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ 17 ਦੇ ਮੁਕਾਬਲਿਆਂ ਵਿੱਚ ਸਕੂਲ ਦੀ ਖਿਡਾਰਨ ਕੋਮਲਪ੍ਰੀਤ ਕੌਰ ਨੇ ਵੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਬੈਸਟ ਸਟੋਪਰ ਦਾ ਖਿਤਾਬ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ 14 ਦੀ ਟੀਮ ਨੇ ਪੂਰੇ ਟੂਰਨਾਮੈਂਟ ਵਿੱਚੋਂ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਸਕੂਲ ਦੀ ਹੋਣਹਾਰ ਖਿਡਾਰਨ ਹਰਕੀਰਤ ਕੌਰ ਨੇ ਬੈਸਟ ਰੇਡਰ ਦਾ ਖਿਤਾਬ ਹਾਸਲ ਕੀਤਾ। ਸਕੂਲ ਪਹੁੰਚਣ ਤੇ ਸਕੂਲ ਮੈਨੇਜਮੈਂਟ ਸਟਾਫ ਅਤੇ ਸਾਰੇ ਬੱਚਿਆਂ ਵੱਲੋਂ ਜੇਤੂ ਖਿਡਾਰਨਾਂ ਦਾ ਢੋਲ ਢਮੱਕੇ ਨਾਲ ਨੱਚ ਗਾ ਕੇ ਸਵਾਗਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਸਾਰੇ ਹੀ ਜੇਤੂ ਖਿਡਾਰਨਾਂ ਨੂੰ ਵਧਾਈ ਦਿੱਤੀ ਸ਼ਾਬਾਸ਼ੀ ਦਿੱਤੀ ਅਤੇ ਖਾਸ ਤੌਰ ਤੇ ਖਿਡਾਰਨਾਂ ਦੇ ਕੋਚ ਮੈਡਮ ਮਨਪ੍ਰੀਤ ਕੌਰ ਡੀ ਪੀ ਨੂੰ ਵੀ ਵਧਾਈ ਅਤੇ ਸ਼ਾਬਾਸ਼ੀ ਦੇ ਕੇ ਉਹਨਾਂ ਦੀ ਮਿਹਨਤ ਨੂੰ ਖੂਬ ਸਰਾਇਆ।ਅਤੇ ਨੈਸ਼ਨਲ ਵਿੱਚ ਵੀ ਬੱਚਿਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਉਮੀਦ ਪ੍ਰਗਟਾਈ। ਇਸ ਮੌਕੇ ਬੱਚਿਆਂ ਦੇ ਮਾਤਾ ਪਿਤਾ ਨੂੰ ਵੀ ਸਕੂਲ ਬੁਲਾਇਆ ਗਿਆ । ਜਿਨਾਂ ਦੇ ਸਹਿਯੋਗ ਨਾਲ ਵੀ ਬੱਚਿਆਂ ਨੇ ਇਹ ਜਿੱਤਾਂ ਪ੍ਰਾਪਤ ਕੀਤੀਆਂ। ਉਪਰੰਤ ਮੈਨੇਜਮੈਂਟ ਅਤੇ ਜੇਤੂ ਖਿਡਾਰੀ ਸੰਤ ਬਾਬਾ ਪਰਮਾਨੰਦ ਜੀ (ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਬਾਬਾ ਹੁੰਦਾਲ ਜੀ) ਕੋਲ ਆਸ਼ੀਰਵਾਦ ਲੈਣ ਗਏ। ਬਾਬਾ ਜੀ ਨੇ ਸਾਰੇ ਬੱਚਿਆਂ ਲਈ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਦਾ ਆਸ਼ੀਰਵਾਦ ਦਿੱਤਾ। ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ। ਉਪਰੰਤ ਸਾਰਿਆਂ ਲਈ ਚਾਹ ਪਾਰਟੀ ਦਾ ਪ੍ਰਬੰਧ ਕੀਤਾ ਗਿਆ।

**ਗੁਰਦੁਆਰਾ ਬਾਬਾ ਹੁੰਦਾਲ ਜੀ ਵਿਖੇ ਨਮਸਤਕ ਹੋ ਕਿ ਪ੍ਰਮਾਤਮਾ ਦਾ ਕੀਤਾ ਸੁਕਰਾਨਾ ਅਤੇ ਸੰਤ ਬਾਬਾ ਪ੍ਰਮਾਨੰਦ ਜੀ ਦਾ ਅਸੀਰਵਾਦ ਪ੍ਰਾਪਤ ਕੀਤਾ**

# ਪਾਕਿਸਤਾਨ ਦੀ ਨੈਸ਼ਨਲ ਪੀਸ ਕਮੇਟੀ ਵਿੱਚ ਸਰਦਾਰ ਗੋਪਾਲ ਸਿੰਘ ਚਾਵਲਾ ਸੈਂਟਰਲ ਪ੍ਰੈਜ਼ੀਡੈਂਟ (ਮਾਈਨੋਰਟੀ ਅਫੇਅਰਜ਼) ਨਿਯੁਕਤ

## ਅੰਤਰਧਾਰਮਿਕ ਸਾਂਝ ਅਤੇ ਘੱਟ ਗਿਣਤੀਆਂ ਦੇ ਹੱਕਾਂ ਲਈ ਕੰਮ ਕਰਨ ਵਾਲੀ ਕਮੇਟੀ ਵਿੱਚ ਮਿਲੀ ਅਹਿਮ ਜ਼ਿੰਮੇਵਾਰੀ



ਇਸਲਾਮਾਬਾਦ - ਸਰਬਜੀਤ ਸਿੰਘ ਬਨੂੜ- ਪਾਕਿਸਤਾਨ ਦੇ ਪ੍ਰਮੁੱਖ ਸਿੱਖ ਆਗੂ ਸਰਦਾਰ ਗੋਪਾਲ ਸਿੰਘ ਚਾਵਲਾ ਨੂੰ ਨੈਸ਼ਨਲ ਪੀਸ ਕਮੇਟੀ ਫਾਰ ਇੰਟਰਫੇਥ ਹਾਰਮਨੀ ਐਂਡ ਹਿਊਮਨ ਰਾਈਟਸ ਪਾਕਿਸਤਾਨ ਵਿੱਚ ਸੈਂਟਰਲ ਪ੍ਰੈਜ਼ੀਡੈਂਟ (ਮਾਈਨੋਰਟੀ ਅਫੇਅਰਜ਼ ਪਾਕਿਸਤਾਨ) ਵਜੋਂ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਜੁਲਾਈ 2027 ਤੱਕ ਰਹੇਗੀ। ਨੈਸ਼ਨਲ ਪੀਸ ਕਮੇਟੀ ਪਾਕਿਸਤਾਨ ਵਿੱਚ ਵੱਖ-ਵੱਖ ਧਰਮਾਂ ਵਿਚਕਾਰ ਆਪਸੀ ਸਾਂਝ, ਧਾਰਮਿਕ ਸਹਿਣਸ਼ੀਲਤਾ, ਸਮਾਜਿਕ ਏਕਤਾ ਅਤੇ ਮਨੁੱਖੀ ਅਧਿਕਾਰਾਂ ਦੇ ਪ੍ਰਚਾਰ ਲਈ ਕੰਮ ਕਰਦੀ ਹੈ। ਸਰਦਾਰ ਗੋਪਾਲ ਸਿੰਘ ਚਾਵਲਾ ਨੂੰ ਮਿਲੀ ਇਹ ਜ਼ਿੰਮੇਵਾਰੀ ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਿਆਂ, ਖ਼ਾਸ ਕਰਕੇ ਸਿੱਖ ਭਾਈਚਾਰੇ ਨਾਲ ਜੁੜੇ ਮਸਲਿਆਂ ਨੂੰ ਉਜਾਗਰ ਕਰਨ ਅਤੇ ਅੰਤਰਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਦੇ ਨਜ਼ਰੀਏ ਨਾਲ ਅਹਿਮ ਮੰਨੀ ਜਾ ਰਹੀ ਹੈ। ਸਰਦਾਰ ਗੋਪਾਲ ਸਿੰਘ ਚਾਵਲਾ ਪਾਕਿਸਤਾਨ ਵਿੱਚ ਸਿੱਖ ਭਾਈਚਾਰੇ ਨਾਲ ਜੁੜੇ ਧਾਰਮਿਕ, ਸਮਾਜਿਕ ਅਤੇ ਘੱਟ ਗਿਣਤੀਆਂ ਦੇ ਮਸਲਿਆਂ 'ਤੇ ਲੰਮੇ ਸਮੇਂ ਤੋਂ ਸਰਗਰਮ ਰਹੇ ਹਨ ਅਤੇ ਹੁਣ ਉਨ੍ਹਾਂ ਨੂੰ ਮਿਲੀ ਇਹ ਨਵੀਂ ਜ਼ਿੰਮੇਵਾਰੀ ਉਨ੍ਹਾਂ ਦੀ ਜਨਤਕ ਭੂਮਿਕਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਵਜੋਂ ਦੇਖੀ ਜਾ ਰਹੀ ਹੈ।

# ਅਕਾਲੀ ਦਲ ਵਾਰਿਸ ਪੰਜਾਬ ਨੂੰ ਵੱਡਾ ਬਲ ਮਿਲਿਆ, ਡਾਕਟਰ ਕਸ਼ਮੀਰ ਸਿੰਘ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ



**ਪਟਿਆਲਾ, 27 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਨੂੰ ਉਸ ਸਮੇ ਵੱਡਾ ਬਲ ਮਿਲਿਆ ਜਦੋ ਉਘੇ ਪੰਥਕ ਵਿਦਵਾਨ ਅਤੇ ਸਿੱਖ ਚਿੰਤਕ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਯੂਨੀਵਰਸਿਟੀ ਦੇ ਇੰਜੀਨੀਅਰ ਵਿਭਾਗ ਵਿੱਚ ਸੇਵਾਵਾਂ ਨਿਭਾ ਰਹੇ ਡਾਕਟਰ ਕਸ਼ਮੀਰ ਸਿੰਘ ਜੀ ਨੇ ਭਾਈ ਅਮ੍ਰਿਤਪਾਲ ਸਿੰਘ ਜੋ ਦਿਬਰੂਗੜ੍ਹ ਜੇਲ੍ਹ ਵਿੱਚ ਭਾਰਤੀ ਹਕੂਮਤ ਦੀ ਪੁਸਤਪਨਾਹੀ ਕਰ ਰਹੀ ਸਿੱਖ ਵਿਰੋਧੀ ਮਜੂਦਾ ਪੰਜਾਬ ਸਰਕਾਰ ਦੇ ਅਤਿਆਚਾਰ ਤਹਿਤ ਪਿਛਲੇ ਚਾਰ ਸਾਲ ਨਜ਼ਰਬੰਦ ਹਨ ਦੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਨੂੰ ਆਪਣੇ ਵਲੋਂ ਹਰ ਤਰਾਂ ਦਾ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਫਰਾਂਸ ਤੋ ਅਕਾਲੀ ਦਲ ਵਾਰਿਸ ਪੰਜਾਬ ( ਫਰਾਂਸ )ਦੇ ਮੁੱਖਸੇਵਾਦਾਰ ਬਸੰਤ ਸਿੰਘ ਪੰਜਹੱਥਾ ਦੇ ਯਤਨਾਂ ਨਾਲ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਬੁਲਾਰਾ ਅਤੇ ਕਾਰਜਕਾਰੀ ਕਮੇਟੀ ਪੰਜਾਬ ਦੇ ਮੈਂਬਰ ਪ੍ਰੋਫੈਸਰ ਬੀਬੀ ਸਤਨਾਮ ਕੌਰ ਮੱਲ੍ਹੀ ਅਤੇ ਜਥੇਬੰਦੀ ਦੇ ਪ੍ਰਮੁੱਖ ਸਰਗਰਮ ਆਗੂ ਵਜੋਂ ਕੰਮ ਕਰ ਰਹੇ ਪ੍ਰੋਫੈਸਰ ਭੁਪਿੰਦਰ ਸਿੰਘ ਗਿੱਲ ਅਤੇ ਅਕਾਲੀ ਦਲ ਵਾਰਿਸ ਪੰਜਾਬ ਯੂਥ ਵਿੰਗ ਬਲਾਕ ਸਮਾਣਾ ਦੇ ਯੂਥ ਆਗੂ ਅਮਨਦੀਪ ਸਿੰਘ ਗੁਰਾਇਆ (ਖੇੜੀ ਫਤਣ )ਨੌਜਵਾਨ ਯੂਥ ਵਰਕਰ ਅਕਾਸ਼ਪ੍ਰੀਤ ਸਿੰਘ ਗੁਰਾਇਆ (ਖੇੜੀ ਫਤਣ )ਸਮੇਤ ਡਾਕਟਰ ਕਸ਼ਮੀਰ ਸਿੰਘ ਨਾਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖ਼ੇ ਵਿਸ਼ੇਸ ਬੈਠਕ ਰਾਹੀਂ ਲੰਮਾ ਵਿਚਾਰ ਵਟਾਂਦਰਾ ਕੀਤਾ ਗਿਆ ਪ੍ਰੋਫ਼ਸਰ ਬੀਬੀ ਸਤਨਾਮ. ਕੌਰ ਮੱਲੀ ਜੀ ਵਲੋਂ ਪਾਰਟੀ ਦੇ ਵੱਖ ਵੱਖ ਕਰਜਾ ਤੇ ਵਿਸਤਾਰ ਨਾਲ ਚਾਨਣਾ ਪਾਇਆ ਗਿਆ ਤੇ ਡਾਕਟਰ ਕਸ਼ਮੀਰ ਸਿੰਘ ਨੇ ਵੀ ਵੱਖ ਵੱਖ ਪੰਥਕ ਪਹਿਲੂਆ ਤੇ ਆਪਣੇ ਵਿਚਾਰ ਰੱਖੇ ਜੋ ਕਿ ਬਹੁਤ ਹੀ ਚੜ੍ਹਦੀਕਲਾ ਵੱਲ ਲਿਜਾਣ ਵਾਲੇ ਸਨ ਡਾਕਟਰ ਕਸ਼ਮੀਰ ਸਿੰਘ ਜੀ ਪਟਿਆਲਾ ਵੱਖ ਵੱਖ ਟੀ ਵੀ ਚੈਨਲਾਂ ਅਤੇ ਸੈਮੀਨਾਰਆਂ ਵਿਚ ਸਿੱਖ ਚਿੱਤਕ ਵਜੋਂ ਸਿੱਖ ਕੋਮ ਦਾ ਪੱਖ ਰੱਖਦੇ ਰਹਿੰਦੇ ਹਨ ਬਸੰਤ ਸਿੰਘ ਪੰਜਹੱਥਾ ਜੋ ਕਿ ਲੰਮੇ ਸਮੇ ਤੋ ਵਿਦੇਸ਼ਾਂ ਵਿੱਚ ਸਿੱਖ ਕੋਮ ਦਾ ਦਰਦ ਲੈ ਸੰਗਤਾਂ ਵਿਚ ਅਣਥੱਕ ਸੇਵਾ ਕਰ ਰਹੇ ਹਨ ਓਹਨਾ ਵਲੋਂ ਵੀਚਾਰ ਰੱਖੇ ਅਤੇ ਡਾਕਟਰ ਕਸ਼ਮੀਰ ਸਿੰਘ ਤੋ ਪਾਰਟੀ ਦਾ ਸਹਿਯੋਗ ਕਰਨ ਦੀ ਬੇਨਤੀ ਕੀਤੀ ਕਿਉਕਿ ਪਾਰਟੀ ਨੂੰ ਇਹਨਾਂ ਵਰਗੇ ਵਿਦਵਾਨਾਂ ਦੀਆਂ ਸੀਵਾਵਾਂ ਦੀ ਬਹੁਤ ਜਰੂਰਤ ਹੈਂ ਡਾਕਟਰ ਸਾਹਿਬ ਵਲੋਂ ਹਰ ਤਰਾਂ ਦਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ ਗਿਆ ਛੇਤੀ ਹੀ ਇਹੋ ਜਹੇ ਚੰਗੀ ਸੇਧ ਵਾਲੇ ਹੋਰ ਚੰਗੇ ਆਗੂਆਂ ਨਾਲ ਸੰਪਰਕ ਜਾਰੀ ਰੱਖਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243


☬ || ਰਾਜ ਕਰੇਗਾ ਖਾਲਸਾ || ☬
ਸਾਡਾ ਨੇਤਾ – ਸਾਡਾ ਮਾਣ
ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ
32-32 ਸਾਲ ਤੋਂ ਜੇਲ੍ਹਾਂ ਚ ਬੰਦ ਸਿੰਘਾਂ ਅਤੇ
ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਐੱਮਪੀ
ਦੀ ਰਿਹਾਈ ਲਈ
29 ਜੁਲਾਈ
ਦਿਨ ਮੰਗਲਵਾਰ
ਨੂੰ ਮੁੱਖ ਮੰਤਰੀ
ਭਗਵੰਤ ਮਾਨ
ਦੀ ਕੋਠੀ ਘੇਰਨ ਲਈ
ਚੰਡੀਗੜ੍ਹ
ਨੂੰ ਚਲੀਏ !
ਬਸੰਤ ਸਿੰਘ ਪੰਜਹੱਥਾ
ਮੁੱਖ ਸੇਵਾਦਾਰ ( ਫਰਾਂਸ )
ਅਕਾਲੀ ਦਲ
ਵਾਰਿਸ ਪੰਜਾਬ ਦੇ
ਆਵਾਜ਼ਿ ਕੌਮ
AWAZE QAUM
International Newspaper & WEB TV

### ਲਾਲੇਆਣਾ ਤੇ ਮਾਹੀਨੰਗਲ ਵਿਖੇ ਪਿੰਡ ਵਾਸੀਆਂ ਨੂੰ

# ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਕਰਵਾਇਆ ਗਿਆ ਜਾਣੂੰ







ਤਲਵੰਡੀ ਸਾਬੋ, 27 ਜੁਲਾਈ (ਗੁਰਜੰਟ ਸਿੰਘ ਨਥੇਹਾ)– ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਐਲ.ਈ.ਡੀ. ਵੈਨ ਵੱਲੋਂ ਬੀਤੀ ਸ਼ਾਮ ਬਲਾਕ ਤਲਵੰਡੀ ਸਾਬੋ ਦੇ ਪਿੰਡ ਲਾਲੇਆਣਾ ਤੇ ਮਾਹੀਨੰਗਲ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣੂੰ ਕਰਵਾਇਆ ਗਿਆ। ਐਲ.ਈ.ਡੀ. ਵੈਨ ਵੱਲੋਂ ਜ਼ਿਲ੍ਹਾ ਬਠਿੰਡਾ ਦੇ ਪਿੰਡਾਂ ਵਿੱਚ ਦਸਤਾਵੇਜ਼ੀ ਫ਼ਿਲਮ ਦਿਖਾਈ ਜਾ ਰਹੀ ਹੈ। ਜਿਸ ਤਹਿਤ 60 ਮਿੰਟ ਦੀ ਸ੍ਰੀ ਗੁਰੂ ਰਵਿਦਾਸ ਜੀ ਦੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ ਜੀਵਨ, ਫਲਸਫੇ ਤੇ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪਿੰਡ ਵਾਸੀਆਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਇਸ ਦੌਰਾਨ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।

### ਸਿੱਖਿਆ ਖੇਤਰ ਵਿੱਚ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣਿਆ, ਸਰਕਾਰ ਨੇ ਸਰਕਾਰੀ ਸਕੂਲਾਂ ਦੀ ਬਦਲੀ ਤਸਵੀਰ - ਹਰਭਜਨ ਸਿੰਘ ਈ.ਟੀ.ਓ.

# ਹਲਕੇ ਦੇ ਹਰ ਪਿੰਡ ਵਿੱਚ ਤੇਜ਼ੀ ਨਾਲ ਚੱਲ ਰਹੇ ਹਨ ਵਿਕਾਸ ਕਾਰਜ, ਗ੍ਰਾਂਟਾਂ ਦੀ ਕੋਈ ਘਾਟ ਨਹੀਂ



**ਜੰਡਿਆਲਾ ਗੁਰੂ 27 ਜੁਲਾਈ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੁਖੇਵਾਲ ਅਤੇ ਨੰਦਵਾਲਾ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦੀ ਹੱਲ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ।ਇਸ ਮੌਕੇ ਸੰਬੋਧਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਹੈ ।ਉਨ੍ਹਾਂ ਕਿਹਾ ਕਿ ਜਦੋਂ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਸੰਭਾਲੀ ਸੀ ਤਾਂ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦਾ ਸਥਾਨ ਦੇਸ਼ ਵਿੱਚ 27ਵਾਂ ਸੀ। ਪਰ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਗਏ ਲਗਾਤਾਰ ਸੁਧਾਰਾਂ, ਆਧੁਨਿਕ ਬੁਨਿਆਦੀ ਢਾਂਚੇ, ਅਧਿਆਪਕਾਂ ਦੀ ਸਮਰੱਥਾ ਵਧਾਉਣ ਅਤੇ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਗਏ ਯਤਨਾਂ ਸਦਕਾ ਅੱਜ ਪੰਜਾਬ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਕੇ ਉੱਭਰਿਆ ਹੈ ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਇੱਕ ਸਮਾਂ ਸੀ ਜਦੋਂ ਸਰਕਾਰੀ ਸਕੂਲਾਂ ਨੂੰ ਸਿਰਫ਼ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਬੱਚਿਆਂ ਦੀ ਪੜ੍ਹਾਈ ਦਾ ਕੇਂਦਰ ਮੰਨਿਆ ਜਾਂਦਾ ਸੀ ਅਤੇ ਲੋਕ ਇਨ੍ਹਾਂ ਦਾ ਮਜ਼ਾਕ ਉਡਾਉਂਦੇ ਸਨ। ਪਰ ਅੱਜ 'ਸਕੂਲਜ਼ ਆਫ ਐਮੀਨੈਂਸ' ਦੀ ਸਥਾਪਨਾ, ਆਧੁਨਿਕ ਸਹੂਲਤਾਂ ਅਤੇ ਗੁਣਵੱਤਾ ਭਰਪੂਰ ਸਿੱਖਿਆ ਕਾਰਨ ਪੰਜਾਬ ਨੇ ਕੇਰਲ ਨੂੰ ਵੀ ਪਿੱਛੇ ਛੱਡਦਿਆਂ ਦੇਸ਼ ਵਿੱਚ ਸਿੱਖਿਆ ਦੇ ਖੇਤਰ ਵਿੱਚ ਨਵਾਂ ਮਾਪਦੰਡ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਅਸਲ ਅਰਥਾਂ ਵਿੱਚ ਲੋਕ ਸੇਵਾ ਹੈ ਅਤੇ ਪੰਜਾਬ ਸਰਕਾਰ ਇਸ ਦਿਸ਼ਾ ਵਿੱਚ ਪੂਰੀ ਵਚਨਬੱਧਤਾ ਨਾਲ ਕੰਮ ਕਰਦੀ ਰਹੇਗੀ ।ਸ. ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਪ੍ਰੋਜੈਕਟ ਜੰਗੀ ਪੱਧਰ 'ਤੇ ਚੱਲ ਰਹੇ ਹਨ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੜਕਾਂ, ਨਿਕਾਸੀ ਪ੍ਰਣਾਲੀ, ਪੀਣ ਵਾਲੇ ਪਾਣੀ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਇਲਾਕੇ ਦੇ ਵਿਕਾਸ ਲਈ ਸਰਕਾਰ ਦਾ ਸਹਿਯੋਗ ਕਰਨ ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤੀ ਨੁਮਾਇੰਦੇ, ਪਾਰਟੀ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# 27 ਜੁਲਾਈ
# ਜਲਾਵਤਨੀ ਦੇ ਪੰਦਰਾਂ ਸਾਲ



ਤਖ਼ਤਾਂ ਦੀ ਛਾਂ ਹੇਠ ਅਰਦਾਸ ਕਰਕੇ,
ਅੱਖਾਂ ਵਿੱਚ ਸੁਪਨੇ, ਦਿਲ ਵਿੱਚ ਮਲਾਲ ਲੈ ਤੁਰਿਆ ਸੀ।
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਬਖ਼ਿਸ਼ਸ਼ ਮੱਥੇ ਲਾ ਕੇ,
ਆਪਣਾ ਬਨੂੜ ਪਿੱਛੇ ਛੱਡ ਤੁਰਿਆ ਸੀ।
ਨਾ ਜਾਣੇ ਕਦੋਂ ਮੁੜਾਂਗਾ, ਇਹ ਵੀ ਪਤਾ ਨਹੀਂ ਸੀ,
ਸਿਰਫ਼ ਵਾਹਿਗੁਰੂ ਦੇ ਹੁਕਮ 'ਤੇ ਭਰੋਸਾ ਸੀ।
ਰਾਹ ਔਖੇ ਸਨ, ਸਵਾਲ ਬੇਸ਼ੁਮਾਰ ਸਨ,
ਪਰ ਹਰ ਕਦਮ 'ਤੇ ਉਸ ਦੀ ਕਿਰਪਾ ਦਾ ਪਹਿਰਾ ਸੀ।
ਸੀਬੀਆਈ ਦੀ ਪੁੱਛਗਿੱਛ ਤੋਂ ਬਾਅਦ,
ਇੱਕੋ ਰਾਹ ਬਚਿਆ ਸੀ ਸਾਹਮਣੇ
ਆਪਣੀ ਮਿੱਟੀ ਨੂੰ ਅਲਵਿਦਾ ਕਹਿ ਤੁਰ ਪੈਣਾ,
ਤੇ ਪਰਿਵਾਰ ਦੇ ਸਾਹਾਂ ਦੀ ਖ਼ਾਤਰ ਪਰਦੇਸ ਪਹੁੰਚ ਜਾਣਾ।
ਅੰਮ੍ਰਿਤਸਰ ਹਵਾਈ ਅੱਡੇ ਤੋਂ ਉੱਡਦੇ ਜਹਾਜ਼ ਨਾਲ,
ਸਿਰਫ਼ ਸਰੀਰ ਹੀ ਨਹੀਂ ਗਿਆ ਸੀ,
ਮੇਰੀ ਰੂਹ ਦਾ ਇੱਕ ਹਿੱਸਾ
ਬਨੂੜ ਦੀਆਂ ਗਲੀਆਂ ਵਿੱਚ ਹੀ ਰਹਿ ਗਿਆ ਸੀ।
ਪੰਦਰਾਂ ਸਾਲ ਬੀਤ ਗਏ
ਕਿੰਨੇ ਆਪਣੇ ਰੁਖ਼ਸਤ ਹੋ ਗਏ।
ਬਾਪੂ ਦੀ ਆਖ਼ਰੀ ਝਲਕ ਵੀ
ਮੋਬਾਈਲ ਦੀ ਸਕਰੀਨ ਰਾਹੀਂ ਹੀ ਵੇਖੀ।
ਤਾਇਆ, ਮਾਸੜ, ਯਾਰ-ਮਿੱਤਰ,
ਇੱਕ-ਇੱਕ ਕਰਕੇ ਵਿਛੜਦੇ ਗਏ।
ਮੈਂ ਹਰ ਵਾਰ
ਤਸਵੀਰਾਂ ਨਾਲ ਹੀ ਗੱਲਾਂ ਕਰਦਾ ਰਿਹਾ।
ਪਰ ਅੱਜ ਵੀ ਯਕੀਨ ਉਹੀ ਹੈ,
ਜਿਸ ਨੇ ਉਸ ਦਿਨ ਹੌਸਲਾ ਬਖ਼ਿਸ਼ਆ ਸੀ
"ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ ॥"

ਵਾਹਿਗੁਰੂ, ਜੇ ਜਲਾਵਤਨੀ ਮੇਰੇ ਲੇਖਾਂ ਵਿੱਚ ਲਿਖੀ ਸੀ,
ਤਾਂ ਉਮੀਦ ਵੀ ਤੇਰੀ ਹੀ ਬਖ਼ਿਸ਼ਸ਼ ਹੈ।
ਇੱਕ ਦਿਨ ਫਿਰ,
ਆਪਣੀ ਮਿੱਟੀ ਨੂੰ ਸਿਜਦਾ ਕਰਾਂਗਾ।
ਬਨੂੜ ਦੀ ਹਵਾ ਵਿੱਚ
ਆਜ਼ਾਦ ਹੋ ਕੇ ਸਾਹ ਲਵਾਂਗਾ।

ਤੇ ਫਿਰ ਦਿਲੋਂ ਆਖਾਂਗਾ
"ਮੈਂ ਮੁੜ ਆ ਗਿਆ ਹਾਂ
ਤੇਰੀ ਮੇਹਰ ਨਾਲ।"

- ਸਰਬਜੀਤ ਸਿੰਘ ਬਨੂੜ, 27 ਜੁਲਾਈ 2026

## ਕਾਲੇ ਦੌਰ ਦੌਰਾਨ ਲਾਪਤਾ ਹੋਇਆ ਸੀ ਸਰਬਜੀਤ ਕੌਰ ਮਾਣੂੰਕੇ ਦਾ ਭਰਾ, ਕੀ ਹੁਣ ਮਿਲੇਗਾ ਪਰਿਵਾਰ ਨੂੰ ਮਿਲੇਗਾ ਇਨਸਾਫ਼ ? ਰਤਿੰਦਰ ਸਿੰਘ ਇੰਦੌਰ



**ਨਵੀਂ ਦਿੱਲੀ 27 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਦੇ ਕਾਲੇ ਦੌਰ ਨਾਲ ਜੁੜੇ ਅਨੇਕਾਂ ਪਰਿਵਾਰ ਅੱਜ ਵੀ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੀ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਦਾ ਪਰਿਵਾਰ ਵੀ ਸ਼ਾਮਲ ਹੈ। ਜਨਤਕ ਤੌਰ 'ਤੇ ਕੀਤੇ ਜਾਂਦੇ ਦਾਅਵਿਆਂ ਅਨੁਸਾਰ ਉਨ੍ਹਾਂ ਦਾ ਭਰਾ ਉਸ ਦੌਰ ਦੌਰਾਨ ਲਾਪਤਾ ਹੋ ਗਿਆ ਸੀ ਅਤੇ ਪਰਿਵਾਰ ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਿਹਾ ਹੈ। ਸਰਬਜੀਤ ਕੌਰ ਮਾਣੂੰਕੇ ਦੇ ਛੋਟੇ ਭਰਾ ਦਾ ਨਾਮ ਸ਼ਿਵਚਰਨਜੀਤ ਸਿੰਘ ਸੀ, ਜਿਸ ਨੂੰ 9 ਜੁਲਾਈ 1989 ਨੂੰ ਪੰਜਾਬ ਪੁਲਿਸ ਵੱਲੋਂ ਘਰੋਂ ਚੁੱਕਿਆ ਗਿਆ ਸੀ ਅਤੇ 18 ਜੁਲਾਈ 1989 ਨੂੰ ਪੁਲਿਸ ਹੱਥੋਂ ਹਲਾਕ (ਮੁਕਾਬਲੇ ਵਿੱਚ ਮਾਰ ਦਿੱਤਾ) ਕਰ ਦਿੱਤਾ ਗਿਆ ਸੀ। ਇਸ ਮਾਮਲੇ ਸਬੰਧੀ ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਜਥੇਦਾਰ ਕੁਲਦੀਪ ਸਿੰਘ ਗੜਗਜ ਨੂੰ ਇਸ ਮਾਮਲੇ ਵਿੱਚ ਦਖ਼ਲ ਦੇ ਕੇ ਸਰਬਜੀਤ ਕੌਰ ਮਾਣੂੰਕੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਪੰਜਾਬ ਸਰਕਾਰ ਸੱਚਮੁੱਚ ਇਨਸਾਫ਼ ਦੀ ਗੱਲ ਕਰਦੀ ਹੈ ਤਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੀ ਹੀ ਪਾਰਟੀ ਦੀ ਵਿਧਾਇਕ ਦੇ ਪਰਿਵਾਰ ਨਾਲ ਜੁੜੇ ਇਸ ਮਾਮਲੇ ਦੀ ਨਿਰਪੱਖ ਅਤੇ ਕਾਨੂੰਨੀ ਤੌਰ 'ਤੇ ਜਾਂਚ ਕਰਵਾਉਣੀ ਚਾਹੀਦੀ ਹੈ। ਭਾਈ ਰਤਿੰਦਰ ਸਿੰਘ ਇੰਦੌਰ ਨੇ ਅੱਗੇ ਕਿਹਾ ਕਿ ਜਨਤਕ ਤੌਰ 'ਤੇ ਇਸ ਮਾਮਲੇ ਵਿੱਚ ਸਾਬਕਾ ਪੁਲਿਸ ਅਧਿਕਾਰੀ ਦਾ ਨਾਮ ਲਿਆ ਜਾਂਦਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਪੂਰੀ ਤਹਿਕੀਕਾਤ ਕਰਵਾਈ ਜਾਵੇ ਅਤੇ ਜੇਕਰ ਜਾਂਚ ਵਿੱਚ ਕਿਸੇ ਵੀ ਵਿਅਕਤੀ ਦੀ ਕਾਨੂੰਨੀ ਜ਼ਿੰਮੇਵਾਰੀ ਸਾਬਤ ਹੁੰਦੀ ਹੈ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਹੁਣ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਹੀ ਪਾਰਟੀ ਦੀ ਵਿਧਾਇਕ ਸਰਬਜੀਤ ਕੌਰ ਮਾਣੂੰਕੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਠੋਸ ਕਦਮ ਚੁੱਕਣਗੇ ? ਕੀ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਸੱਚ ਨੂੰ ਸਾਹਮਣੇ ਲਿਆਂਦਾ ਜਾਵੇਗਾ ? ਜਾਂ ਕਾਲੇ ਦੌਰ ਦੇ ਹਜ਼ਾਰਾਂ ਹੋਰ ਪੀੜਤ ਪਰਿਵਾਰਾਂ ਵਾਂਗ ਇਹ ਮਾਮਲਾ ਵੀ ਸਿਰਫ਼ ਸਵਾਲ ਬਣ ਕੇ ਰਹਿ ਜਾਵੇਗਾ ? ਓਨ੍ਹਾ ਕਿਹਾ ਕੁਕੀ ਗਿੱਲ ਜਿਨ੍ਹਾਂ ਉਪਰ ਇਸ ਸਮੇਂ ਪੰਥਕ ਸੰਘਰਸ਼ ਵਿਰੁੱਧ ਬੋਲਣ ਦੇ ਇਲਜਾਮ ਲਗ ਰਹੇ ਹਨ ਕਿ ਓਹ ਇਸ ਮਾਮਲੇ ਤੇ ਕੁਝ ਬੋਲਣਗੇ.?

ਅਕਾਲ ਯੂਨੀਵਰਸਿਟੀ ਵਿਖੇ

# 'ਟਿਕਾਊ ਵਿਕਾਸ ਲਕਸ਼ ਅਤੇ ਜ਼ਿੰਮੇਵਾਰ ਨਾਗਰਿਕਤਾ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਆਯੋਜਿਤ




ਤਲਵੰਡੀ ਸਾਬੋ, 27 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਡੀਨ ਵਿਦਿਆਰਥੀ ਭਲਾਈ ਦਫ਼ਤਰ ਵੱਲੋਂ ਨੈਸ਼ਨਲ ਸਰਵਿਸ ਸਕੀਮ ਦੇ ਸਹਿਯੋਗ ਨਾਲ ਯੂਨੀਵਰਸਿਟੀ ਦੇ ਸੈਮੀਨਾਰ ਹਾਲ ਵਿਖੇ 'ਟਿਕਾਊ ਵਿਕਾਸ ਲਕਸ਼ ਅਤੇ ਜ਼ਿੰਮੇਵਾਰ ਨਾਗਰਿਕਤਾ' ਵਿਸ਼ੇ 'ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸੋਸ਼ਲ ਸਾਇੰਸ ਵਿਭਾਗ ਦੇ ਮੁਖੀ ਡਾ. ਹਿਲਾਲ ਰਮਜ਼ਾਨ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਸਮਾਗਮ ਦੀ ਸ਼ੁਰੂਆਤ ਲਾਈਫ ਸਾਇੰਸਿਜ਼ ਵਿਭਾਗ ਦੀ ਡਾ. ਗੁਰਪ੍ਰੀਤ ਕੌਰ ਵੱਲੋਂ ਮੁੱਖ ਵਕਤਾ ਦੀ ਰਸਮੀ ਜਾਣ-ਪਛਾਣ ਨਾਲ ਹੋਈ। ਆਪਣੇ ਭਾਸ਼ਣ ਦੌਰਾਨ ਡਾ. ਹਿਲਾਲ ਰਮਜ਼ਾਨ ਨੇ ਸੰਯੁਕਤ ਰਾਸ਼ਟਰ ਵੱਲੋਂ ਨਿਰਧਾਰਤ ਟਿਕਾਊ ਵਿਕਾਸ ਲਕਸ਼ਾਂ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦੇ ਨੌਜਵਾਨ ਜ਼ਿੰਮੇਵਾਰ ਨਾਗਰਿਕ ਬਣ ਕੇ ਵਾਤਾਵਰਣ ਦੀ ਸੰਭਾਲ, ਸਮਾਜਿਕ ਨਿਆਂ, ਨੈਤਿਕ ਕਦਰਾਂ-ਕੀਮਤਾਂ ਅਤੇ ਸਮਾਜਿਕ ਭਲਾਈ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ, ਤਾਂ ਇੱਕ ਸੁਖਾਵੇਂ, ਸਮਾਵੇਸ਼ੀ ਅਤੇ ਟਿਕਾਊ ਭਵਿੱਖ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰੋਜ਼ਾਨਾ ਜੀਵਨ ਵਿੱਚ ਕੁਦਰਤੀ ਸਰੋਤਾਂ ਦੀ ਸੰਭਾਲ ਕਰਨ, ਪਲਾਸਟਿਕ ਦੀ ਬੇਲੋੜੀ ਵਰਤੋਂ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਆਦਤਾਂ ਤੋਂ ਗੁਰੇਜ਼ ਕਰਨ ਅਤੇ ਸਮਾਜਿਕ ਵੰਨ-ਸੁਵੰਨਤਾ ਦਾ ਸਤਿਕਾਰ ਕਰਨ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਦੀ ਛੋਟੀ-ਛੋਟੀ ਕੋਸ਼ਿਸ਼ ਵੀ ਟਿਕਾਊ ਵਿਕਾਸ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਅਹਿਮ ਯੋਗਦਾਨ ਪਾ ਸਕਦੀ ਹੈ। ਇਸ ਪ੍ਰੇਰਨਾਦਾਇਕ ਸੈਮੀਨਾਰ ਨੇ ਵਿਦਿਆਰਥੀਆਂ ਨੂੰ ਇੱਕ ਜਾਗਰੂਕ, ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੀਆਂ ਸਮਾਜਿਕ ਜ਼ਿੰਮੇਵਾਰੀਆਂ ਨੂੰ ਸਮਝਣ ਅਤੇ ਨਿਭਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਡਾ. ਗੁਰਪ੍ਰੀਤ ਕੌਰ ਨੇ ਡਾ. ਹਿਲਾਲ ਰਮਜ਼ਾਨ ਦਾ ਬਹੁਮੁੱਲੇ ਵਿਚਾਰ ਸਾਂਝੇ ਕਰਨ ਲਈ ਧੰਨਵਾਦ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ ਜੇ ਤੁਸੀਂ ਚਾਹੋ, ਮੈਂ ਇਸ ਖ਼ਬਰ ਲਈ ਅਖ਼ਬਾਰ-ਸ਼ੈਲੀ ਦਾ ਆਕਰਸ਼ਕ ਸਿਰਲੇਖ ਅਤੇ ਫੇਸਬੁੱਕ ਪੋਸਟ ਵੀ ਤਿਆਰ ਕਰ ਸਕਦਾ ਹਾਂ।

ਬਠਿੰਡਾ ਦੇ ਪ੍ਰਤੀਨਿਧੀ ਮੰਡਲ ਨੇ

# ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਨਾਲ ਮੁਲਾਕਾਤ ਕੀਤੀ



ਤਲਵੰਡੀ ਸਾਬੋ, 27 ਜੁਲਾਈ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਮਨੁੱਖੀ ਅਧਿਕਾਰ ਕਮਿਸ਼ਨ ਦੇ ਕੋਰ ਗਰੁੱਪ ਨੇ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੇਟੀ ਨਾਲ ਉਹਨਾਂ ਦੇ ਦਫ਼ਤਰ ਚੰਡੀਗੜ੍ਹ ਵਿਖੇ ਰਸਮੀ ਮੁਲਾਕਾਤ ਕੀਤੀ। ਇਸ ਪ੍ਰਤੀਨਿਧੀ ਮੰਡਲ ਦੀ ਅਗਵਾਈ ਦੀਪਕ ਸਿੰਗਲਾ, ਜ਼ੀਰਕਪੁਰ ਨੇ ਕੀਤੀ, ਜਿਸ ਵਿੱਚ ਸੁਰੇਸ਼ ਗੋੜ, ਪ੍ਰੇਮ ਗਰਗ, ਤੇ ਦੋਸਤ ਵੈਲਫੇਅਰ ਸੋਸਾਇਟੀ (ਰਜ਼ਿ.) ਬਠਿੰਡਾ ਦੇ ਪ੍ਰਧਾਨ ਰਮੇਸ਼ ਗਰਗ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ। ਇਸ ਮੌਕੇ ਪ੍ਰਤੀਨਿਧੀ ਮੰਡਲ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਸ਼ੇਟੀ ਨੇ ਕਿਹਾ ਕਿ ਰਾਜ ਵਿੱਚ ਜੇਕਰ ਕਿਸੇ ਕਿਸਮ ਦੇ ਮਨੁੱਖੀ ਅਧਿਕਾਰਾਂ ਦਾ ਹੱਨਨ ਹੁੰਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਦਫ਼ਤਰ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਦਿੱਤੀ ਜਾਵੇ, ਕਮਿਸ਼ਨ ਇਸ ਸੰਬੰਧੀ ਬਣਦੀ ਯੋਗ-ਕਾਨੂੰਨੀ ਕਾਰਵਾਈ ਲਈ ਵਚਨਬੱਧ ਹੈ ਤੇ ਉਹ ਪਹਿਲ ਦੇ ਆਧਾਰ ਤੇ ਉਸ ਬਾਰੇ ਤੁਰੰਤ ਕਾਨੂੰਨੀ ਕਾਰਵਾਈ ਕਰਨਗੇ। ਉਹਨਾਂ ਰਾਜ ਦੇ ਵਾਸੀਆਂ ਨੂੰ ਆਪਣੇ ਮਨੁੱਖੀ ਅਧਿਕਾਰ ਪ੍ਰਤੀ ਸੁਚੇਤ ਤੇ ਜਾਗਰੂਕ ਰਹਿਣ ਅਪੀਲ ਕੀਤੀ। ਪ੍ਰਤੀਨਿਧੀ ਮੰਡਲ ਵੱਲੋਂ ਦੀਪਕ ਸਿੰਗਲਾਂ ਨੇ ਸਕੂਲੀ ਬੱਸਾਂ ਦੇ ਮਾੜੇ ਪ੍ਰਬੰਧਨ, ਬਾਲ ਮਜ਼ਦੂਰੀ ਅਤੇ ਬੱਚਿਆਂ ਦੇ ਹੁੰਦੇ ਜਿਸਮੀ ਸ਼ੋਸ਼ਣ ਦੀ ਗੱਲ ਰੱਖੀ। ਜਿਸ ਸੰਬੰਧੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਤੁਰੰਤ ਕਾਰਵਾਈ ਦੇ ਹੁਕਮ ਜਾਰੀ ਦਿੱਤੇ ਗਏ। ਇਸ ਮੌਕੇ ਸੁਰੇਸ਼ ਗੋੜ ਨੇ ਪਿੰਡਾਂ ਦੇ ਸਕੂਲੀ ਬੱਚਿਆਂ ਨੂੰ ਹੋਰ ਬਣਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵੀ ਕਿਹਾ ਗਿਆ। ਰਮੇਸ਼ ਗਰਗ ਨੇ ਨੌਜਵਾਨ ਵਰਗ, ਵਿਦਿਆਰਥੀਆਂ ਅਤੇ ਲੜਕਿਆਂ ਨੂੰ ਆਪਣੇ ਹੱਕਾਂ ਅਤੇ ਕਰਤੱਵਾਂ ਪ੍ਰਤੀ ਕਾਰਜਸ਼ੀਲ ਰਹਿਣ ਦੀ ਗੱਲ ਆਖੀ। ਉਹਨਾਂ ਕਿਹਾ ਕਿ ਮਨੁੱਖੀ ਸਨਮਾਨ, ਸਮਾਨਤਾ ਅਤੇ ਆਜ਼ਾਦੀ ਹਰ ਨਾਗਰਿਕ ਦਾ ਬਣਦਾ ਅਧਿਕਾਰ ਹੈ, ਜਿਸ ਦੀ ਰਾਖੀ ਲਈ ਸਾਨੂੰ ਸਾਰਿਆਂ ਨੂੰ ਕਾਰਜਸ਼ੀਨ ਰਹਿਣਾ ਚਾਹੀਦਾ ਹੈ।

# 2027 'ਚ ਫਿਰ ਆਮ ਆਦਮੀ ਪਾਰਟੀ ਦੀ ਬਣੇਗੀ ਸਰਕਾਰ-ਬਲਜੀਤ ਸਿੰਘ ਸਰਾਂ



**ਚੌਕ ਮਹਿਤਾ,,27ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਆਮ ਆਦਮੀ ਪਾਰਟੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ 'ਪੰਜਾਬ ਫਿਰ ਸਰਕਾਰ ਬਣੇਗੀ ਲੋਕਾਂ ਦਾ ਤਗੜਾ ਹੁੰਗਾਰਾ ਮਿਲ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਮਜੀਠਾ ਦੇ ਸੀਨੀਅਰ ਦੇ ਆਗੂ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਹਰ ਰੈਲੀ ਵਿਚ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਹੋਣਗੇ। ਉਨ੍ਹਾਂ ਨੇ ਕਿਹਾ ਕਿ ਪਾਰਟੀ ਦੇ ਹੱਕ ਵਿੱਚ ਡੱਟਣ ਲਈ ਲੋਕਾਂ ਨੇ ਕਮਰਕੱਸੇ ਕਰ ਚੁੱਕੇ ਹਨ। ਮੌਜੂਦਾ ਸਰਕਾਰ ਤੋਂ ਨੌਜਵਾਨ, ਬਜੁਰਗ ਅਤੇ ਬੀਬੀਆਂ ਖੁਸ਼ ਹਨ। ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਕਿਹਾ ਕਿ ਮੌਜੂਦਾ ਸਰਕਾਰ ਨੇ ਚੌਣਾਂ ਤੋਂ ਪਹਿਲਾਂ ਜਿੰਨੇ ਵਾਅਦੇ ਕੀਤੇ ਸਨ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ। ਅਤੇ ਸਰਕਾਰ ਹਮੇਸ਼ਾਂ ਗਰੀਬਾਂ ਦੀ ਲੜਾਈ, ਕਿਸਾਨਾਂ, ਵਪਾਰੀਆਂ ਅਤੇ ਪੰਜਾਬ ਨੋਜਵਾਨਾ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕੀਤਾ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ। ਜਿਸ ਕਰਕੇ ਹਰ ਵਰਗ ਨਾਲ ਸਬੰਧਤ ਲੋਕ ਹੁਣ ਫਿਰ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਦੇਖਣਾ ਚਾਹੁੰਦੇ ਹਨ।

# ਠੱਗਾਂ ਵੱਲੋਂ ਸਰਦਾਰਾਂ ਨੂੰ ਬਦਨਾਮ ਕਰਨ ਲਈ ਰਚੀ ਕੋਝੀ ਚਾਲ ਫੋਲੋਵਰ ਵਧਾਉਣ ਦੇ ਲਾਲਚ ਚ ਰਾਕੇਸ਼ ਸੂਰੀ ਹੋਇਆ ਸਿਕਾਰ

## ਸਰਦਾਰ ਚਿਹਰਾ ਤੇ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੀ ਤਸਵੀਰ ਲਗਾ ਕਿ ਸੋਸਲ ਮੀਡੀਆ ਤੇ ਫੋਲੋਵਰ ਵਧਾਉਣ ਲਈ ਮਾਰੀ ਜਾ ਰਹੀ ਠੱਗੀ




**ਜੰਡਿਆਲਾ ਗੁਰੂ 27 ਜੁਲਾਈ :-( ਕੁਲਵੰਤ ਸਿੰਘ ਵਿਰਦੀ )**-ਅੱਜ ਕੱਲ ਸੋਸ਼ਲ ਮੀਡੀਆ ਦੇ ਜਮਾਨੇ ਵਿੱਚ ਹਰ ਕੋਈ ਫੇਸਬੁੱਕ, ਇੰਸਟਾਗ੍ਰਾਮ, ਵਟਸਐਪ ਆਦਿ ਵੱਡੇ ਪੱਧਰ ਤੇ ਉਪਯੋਗ ਕਰ ਰਹੇ ਹਨ ਅਤੇ ਇਸ ਵਿੱਚ ਵੱਧ ਤੋਂ ਵੱਧ ਆਪਣੇ ਫੋਲੋਵਰ ਵਧਾਏ ਜਾਂਦੇ ਹਨ ਤਾਂ ਜੋ ਉਹਨਾਂ ਦੀ ਪਾਈ ਗਈ ਪੋਸਟ ਨੂੰ ਵੱਧ ਤੋਂ ਵੱਧ ਲੋਕ ਦੇਖ ਸਕਣ । ਲੋਕਾਂ ਵਿੱਚ ਚੱਲ ਰਹੀ ਇਸ ਰੁਚੀ ਦਾ ਫਾਇਦਾ ਉਠਾਉਂਦੇ ਹੋਏ ਅੱਜ ਕੱਲ ਸੋਸ਼ਲ ਮੀਡੀਆ ਤੇ ਬਹੁਤ ਮਸ਼ਹੂਰੀ ਆ ਰਹੀ ਹੈ ਕਿ ਇੰਨੇ ਪੈਸੇ ਦਿਓ ਤੇ ਤੁਹਾਡੇ ਫੋਲੋਵਰ ਵੱਧ ਜਾਣਗੇ । ਜੰਡਿਆਲਾ ਗੁਰੂ ਵਿੱਚ ਵੀ ਇੱਕ ਨੌਜਵਾਨ ਨਾਲ ਠੱਗੀ ਹੋਣ ਦਾ ਸਮਾਂਚਾਰ ਪ੍ਰਾਪਤ ਹੋਇਆ ਹੈ । ਰਾਕੇਸ਼ ਸੂਰੀ ਨੇ ਪੱਤਰਕਾਰ ਨੂੰ ਦੱਸਿਆ ਕਿ ਉਸਨੇ ਫੇਸਬੁਕ ਤੇ ਗੁਰਪ੍ਰੀਤ ਗਿੱਲ ਨਾਮ ਦੀ ਇੱਕ ਆਈਡੀ ਤੋਂ ਉਸਦੇ ਵਟਸਐਪ ਨੰਬਰ 7878802338 ਤੇ ਮੈਸੇਜ ਕੀਤਾ ਕਿ ਮੇਰੇ ਦੋ ਹਜਾਰ ਫ਼ਾਲੋਵਰ ਵਧਾ ਦਿਓ ਅੱਗੋਂ ਉਸ ਨੰਬਰ ਵਾਲੇ ਨੇ ਉਸ ਕੋਲੋਂ ਦੋ ਹਜਾਰ ਲਈ 120 ਰੁਪਏ ਮੰਗੇ । ਰਾਕੇਸ਼ ਕੁਮਾਰ ਅਨੁਸਾਰ ਜਦ ਉਸ ਨੇ ਆਨਲਾਈਨ 120 ਰੁਪਏ ਪਾਏ ਤਾਂ ਖਾਤਾ Harkesh Gurjar ਦੇ ਨਾਮ ਤੇ ਆ ਰਿਹਾ ਸੀ ਅਤੇ ਪੰਜ ਮਿੰਟ ਬਾਅਦ ਹੀ ਵਾਪਿਸ ਕਾਲ ਆ ਗਈ ਕਿ ਤੁਹਾਡੇ ਦੋ ਨਹੀਂ 11 ਹਜਾਰ ਫਾਲੋਵਰ ਵਧਣਗੇ ਜਿਸ ਦੀ ਕੀਮਤ 500 ਰੁਪਏ ਹੈ ਕਿਰਪਾ ਕਰਕੇ ਤੁਸੀਂ ਮੇਰੇ ਖਾਤੇ 380 ਰੁਪਏ ਹੋਰ ਪਾ ਦਿਓ । ਰਾਕੇਸ਼ ਸੂਰੀ ਨੇ ਕਿਹਾ ਕਿ ਤੁਸੀਂ ਮੈਨੂੰ ਪਹਿਲੋਂ ਭਰੋਸਾ ਦਿੱਤਾ ਸੀ ਕਿ 120 ਰੁਪਏ ਵਿੱਚ ਦੋ ਹਜਾਰ ਵੱਧ ਜਾਣਗੇ ਪਰ ਹੁਣ ਤੁਸੀਂ ਧੋਖਾ ਕਰ ਰਹੇ ਹੋ । ਰਕੇਸ਼ ਕੁਮਾਰ ਨੇ ਦੱਸਿਆ ਕਿ ਉਕਤ ਨਾਮ ਦੀ ਆਈਡੀ ਤੇ ਇੱਕ ਸਰਦਾਰ ਮੁੰਡੇ ਦੀ ਸ੍ਰੀ ਦਰਬਾਰ ਸਾਹਿਬ ਦੇ ਨਾਲ ਫੋਟੋ ਲੱਗੀ ਹੋਈ ਹੈ ਜਦੋਂ ਕਿ ਗੱਲ ਕਰਨ ਵਾਲਾ ਵਿਅਕਤੀ ਹਿੰਦੀ ਵਿੱਚ ਗੱਲ ਕਰ ਰਿਹਾ ਸੀ ਜਿਸ ਤੋਂ ਸਾਫ ਜਾਹਿਰ ਹੁੰਦਾ ਹੈ ਕਿ ਇਹ ਪੰਜਾਬੀਆਂ ਨੂੰ ਠੱਗਣ ਲਈ ਪੋਸਟਾਂ ਦੀ ਵਰਤੋਂ ਕਰ ਰਹੇ ਹਨ । ਰਾਕੇਸ਼ ਸੂਰੀ ਨੇ ਦੱਸਿਆ ਕਿ ਵਾਰ ਵਾਰ ਕਹਿਣ ਤੇ ਵੀ ਉਹਨਾਂ ਨੇ ਮੇਰੇ 120 ਰੁਪਏ ਵਾਪਸ ਨਹੀਂ ਕੀਤੇ । ਰਾਕੇਸ਼ ਸੂਰੀ ਨੇ ਬਾਕੀ ਜਨਤਾ ਨੂੰ ਵੀ ਅਪੀਲ ਕੀਤੀ ਕਿ ਕਿਰਪਾ ਕਰਕੇ ਅਜਿਹੇ ਠੱਗ ਮਹਿਕਮੇ ਦੇ ਚੱਕਰ ਵਿੱਚ ਨਾ ਆਉਣ ਕਿਉ ਕਿ ਸਿੱਖ ਸਰਦਾਰਾਂ ਨੂੰ ਬਦਨਾਮ ਕਰਨ ਲਈ ਸਰਦਾਰ ਚਿਹਰੇ ਦੀ ਫੋਟੋ ਅਤੇ ਸਿੱਖ ਧਰਮ ਦੀ ਆਸਥਾ ਦੇ ਧਰਮ ਅਸਥਾਨ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੀ ਤਸਵੀਰ ਲਗਾ ਕਿ ਠੱਗਾਂ ਵੱਲੋਂ ਠੱਗਿਆ ਜਾ ਰਿਹਾ ਹੈ ! ਐਸੇ ਲੋਕਾਂ ਦੀਆਂ ਆਈਡੀਆਂ ਤੋਂ ਸਿੱਖ ਸਰਦਾਰਾਂ ਦੀਆਂ ਅਤੇ ਗੁਰੂ ਸਾਹਿਬ ਦੀਆਂ ਪੋਸਟਾਂ ਹਟਾਈਆਂ ਜਾਣ। ਇਸ ਸਬੰਧੀ ਜਦ ਉਪਰੋਕਤ ਫੋਨ ਤੇ ਸੰਪਰਕ ਕੀਤਾ ਗਿਆ ਤਾਂ ਉਸਨੇ ਦਸਿਆ ਕਿ ਸਿਸਟਮ ਦੇ ਅਨੁਸਾਰ ਇਹਨਾਂ ਦੇ 11 ਹਜਾਰ ਹੀ ਫੋਲੋਵਰ ਵੱਧ ਸਕਦੇ ਹਨ । ਪੈਸੇ ਵਾਪਸ ਕਰਨ ਸਬੰਧੀ ਉਸਨੇ ਕੋਈ ਸਪਸ਼ਟ ਜਵਾਬ ਨਾ ਦਿੰਦੇ ਹੋਏ ਕਿਹਾ ਕਿ ਕਰ ਦਵਾਂਗੇ । ਪ੍ਰਸ਼ਾਸਨ ਨੂੰ ਅਪੀਲ ਹੈ ਕਿ ਖਬਰ ਵਿੱਚ ਹੇਠਾਂ ਦਿੱਤੇ ਨੰਬਰ ਨੂੰ ਟ੍ਰੇਸ ਕਰਕੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਚੇਅਰਮੈਨ ਡਾ. ਵਿਜੈ ਸਤਬੀਰ ਸਿੰਘ ਦਾ

# ਗੁਰਦੁਆਰਾ ਅੰਗੀਠਾ ਸਾਹਿਬ ਨਿੱਕੇ ਘੁੰਮਣਾ ਵਿਖੇ ਨਿੱਘਾ ਸੁਆਗਤ

## ਗੁਰਦੁਆਰਾ ਸਾਹਿਬ ਦੇ ਮੌਜੂਦਾ ਮੁੱਖੀ ਸੰਤ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਜੀ ਨੇ ਉਨ੍ਹਾਂ ਦਾ ਸਿਰਪਾਉ ਅਤੇ ਦੁਸ਼ਾਲਾ ਦੇ ਕੇ ਨਿੱਘਾ ਸੁਆਗਤ ਕੀਤਾ












ਚੌਕ ਮਹਿਤਾ,27 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਗੁਰਦੁਆਰਾ ਅੰਗੀਠਾ ਸਾਹਿਬ ਨਿੱਕੇ ਘੁੰਮਣਾ ਵਿੱਖੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੇ ਚੇਅਰਮੈਨ ਡਾਕਟਰ ਵਿਜੈ ਸਤਬੀਰ ਸਿੰਘ ਨਮਸਤਕ ਹੋਏ। ਗੁਰਦੁਆਰਾ ਸਾਹਿਬ ਦੇ ਮੌਜੂਦਾ ਮੁੱਖੀ ਸੰਤ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਜੀ ਨੇ ਉਨ੍ਹਾਂ ਦਾ ਸਿਰਪਾਉ ਅਤੇ ਦੁਸ਼ਾਲਾ ਦੇ ਕੇ ਨਿੱਘਾ ਸੁਆਗਤ ਕੀਤਾ ਅਤੇ ਜੀ ਆਇਆਂ ਨੂੰ ਕਿਹਾ। ਇਸ ਮੌਕੇ ਤੇ ਸੰਤ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਨੇ ਡਾਕਟਰ ਵਿਜੈ ਸਤਬੀਰ ਸਿੰਘ ਦੇ ਨਾਮ ਖੁੱਲ੍ਹੇ ਵਿਚਾਰ ਕੀਤੇ। ਇਸ ਮੌਕੇ ਤੇ ਡਾਕਟਰ ਵਿਜੈ ਸਤਬੀਰ ਸਿੰਘ ਚੇਅਰਮੈਨ ਨੇ ਕਿਹਾ ਕਿ ਇਥੇ ਆਕੇ ਮੈਨੂੰ ਖੁਸ਼ੀ ਹੋਈ ਹੈ । ਇਸ ਮੌਕੇ ਤੇ ਉਨ੍ਹਾਂ ਦੇ ਨਾਲ ਆਏ ਨੂੰ ਵੀ ਸੰਤ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਨੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243